10-AUG-PAGE-1.qxd 8/9/2023 10:29 PM Page 1

ਵੀਰਵਾਰ, 10 ਅਗਸਤ, 2023
26 ਸਾਉਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 70

ਨਵਾਂ ਜ਼ਮਾਨਾ

DAILY NAWAN ZAMANA • THURSDAY, 10 AUGUST, 2023

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਲੰਕਾ ਹਨੂੰਮਾਨ ਨੇ ਨਹੀਂ, ਰਾਵਣ ਦੇ ਹੰਕਾਰ ਨੇ ਸਾੜੀ ਸੀ : ਰਾਹੁਲ

ਰਾਵਣ ਸਿਰਫ ਮੇਘਨਾਥ ਤੇ ਕੁੰਭਕਰਨ ਦੀ ਸੁਣਦਾ ਸੀ, ਮੋਦੀ ਅਡਾਨੀ ਤੇ ਸ਼ਾਹ ਦੀ ਹੀ ਸੁਣਦੈ, ਕੇਂਦਰ ਨੇ ਮਨੀਪੁਰ 'ਚ ਭਾਰਤ ਮਾਤਾ ਕਤਲ ਕਰ'ਤੀ

ਨਵੀਂ ਦਿੱਲੀ : ਲੋਕ ਸਭਾ ਵਿਚ ਬੇਵਿਸਾਹੀ ਮਤੇ 'ਤੇ ਬਹਿਸ ਦੇ ਦੂਜੇ ਦਿਨ ਬੁੱਧਵਾਰ ਬੋਲਦਿਆਂ ਰਾਹੁਲ ਗਾਂਧੀ ਨੇ ਮੋਦੀ ਸਰਕਾਰ 'ਤੇ ਮਨੀਪੁਰ ਵਿਚ ਭਾਰਤ ਮਾਤਾ ਦੀ ਹੱਤਿਆ ਦਾ ਦੋਸ਼ ਲਾਇਆ। ਲੋਕ ਸਭਾ ਦੀ ਮੈਂਬਰੀ ਬਹਾਲ ਹੋਣ ਦੇ ਬਾਅਦ ਆਪਣੀ ਪਹਿਲੀ ਤਕਰੀਰ 'ਚ ਰਾਹੁਲ ਨੇ ਕਿਹਾ-ਤੁਸੀਂ ਦੇਸ਼ਧ੍ਰੋਹੀ ਹੋ, ਕੌਮਪ੍ਰਸਤ ਨਹੀਂ। ਇਸ ਕਰਕੇ ਪ੍ਰਧਾਨ ਮੰਤਰੀ ਮਨੀਪੁਰ ਨਹੀਂ ਜਾਂਦੇ। ਤੁਸੀਂ ਮਨੀਪੁਰ 'ਚ ਭਾਰਤ ਮਾਤਾ ਦੀ ਹੱਤਿਆ ਕੀਤੀ ਹੈ। ਤੁਸੀਂ ਭਾਰਤ ਮਾਤਾ ਦੇ ਰਾਖੇ ਨਹੀਂ, ਤੁਸੀਂ ਭਾਰਤ ਮਾਤਾ ਦੇ ਹੱਤਿਆਰੇ ਹੋ।

ਉਨ੍ਹਾ ਕਿਹਾ-ਪ੍ਰਧਾਨ ਮੰਤਰੀ ਮਨੀਪੁਰ ਸ਼ਾਇਦ ਇਸ ਕਰਕੇ ਨਹੀਂ ਜਾਂਦੇ ਕਿਉਂਕਿ ਉਹ ਮਨੀਪੁਰ ਨੂੰ ਭਾਰਤ ਦਾ ਹਿੱਸਾ ਨਹੀਂ ਮੰਨਦੇ। ਭਾਜਪਾ ਨੇ ਮਨੀਪੁਰ ਨੂੰ ਦੋ ਭਾਈਚਾਰਿਆਂ 'ਚ ਵੰਡ ਦਿੱਤਾ ਹੈ। ਇਸ ਦੀ ਸਿਆਸਤ ਨੇ ਮਨੀਪੁਰ 'ਚ ਭਾਰਤ ਦੀ ਹੱਤਿਆ ਕਰ ਦਿੱਤੀ ਹੈ। ਇਸੇ ਦਰਮਿਆਨ ਸਾਬਕਾ ਕੇਂਦਰੀ ਮੰਤਰੀ ਕਿਰਨ ਰਿਜੀਜੂ ਨੇ ਟੋਕਦਿਆਂ ਕਿਹਾ ਕਿ ਰਾਹੁਲ ਨੂੰ ਮੁਆਫੀ ਮੰਗਣੀ ਚਾਹੀਦੀ ਹੈ, ਕਿਉਂਕਿ ਕਾਂਗਰਸ 60 ਸਾਲ ਸੱਤਾ ਵਿਚ ਰਹੀ ਤੇ ਉਸੇ ਕਰਕੇ ਉੱਤਰ-ਪੂਰਬੀ ਭਾਰਤ 'ਚ ਮਿਲੀਟੈਂਸੀ ਰਹੀ। ਆਪੋਜ਼ੀਸ਼ਨ ਪਾਰਟੀਆਂ ਦੇ ਮੈਂਬਰਾਂ ਨੇ ਰਿਜੀਜੂ ਵਿਰੁੱਧ ਸਪੀਕਰ ਓਮ ਬਿਰਲਾ ਕੋਲ ਪ੍ਰੋਟੈਸਟ ਕੀਤਾ ਕਿ ਜਦ ਕੋਈ ਮੈਂਬਰ ਬੋਲ ਰਿਹਾ ਹੈ ਤਾਂ ਰਿਜੀਜੂ ਦਾ ਮਾਈਕ ਕਿਵੇਂ ਸਵਿੱਚ ਆਨ ਕਰ ਦਿੱਤਾ ਗਿਆ।

ਰਾਹੁਲ ਨੇ ਅੱਗੇ ਕਿਹਾ-ਭਾਰਤ ਇਕ ਆਵਾਜ਼ ਹੈ, ਉਸ ਆਵਾਜ਼ ਦੀ ਹੱਤਿਆ ਤੁਸੀਂ ਮਨੀਪੁਰ 'ਚ ਕੀਤੀ ਹੈ। ਜਦੋਂ ਤੱਕ ਹਿੰਸਾ ਬੰਦ ਨਹੀਂ ਹੋਵੇਗੀ, ਉਦੋਂ ਤੱਕ ਤੁਸੀਂ ਹਰ ਰੋਜ਼ ਮੇਰੀ ਮਾਂ ਦੀ ਹੱਤਿਆ ਕਰ ਰਹੇ ਹੋ। ਇਕ ਮੇਰੀ ਮਾਂ ਇਸ ਸਦਨ 'ਚ ਮੇਰੇ ਨਾਲ ਬੈਠੀ ਹੈ ਤੇ ਦੂਜੀ ਮਾਂ (ਭਾਰਤ ਮਾਤਾ) ਦੀ ਹੱਤਿਆ ਤੁਸੀਂ ਮਨੀਪੁਰ 'ਚ ਕਰ ਰਹੇ ਹੋ। ਹਿੰਦੁਸਤਾਨ ਦੀ ਫੌਜ ਮਨੀਪੁਰ 'ਚ ਇਕ ਦਿਨ 'ਚ ਅਮਨ ਬਹਾਲ ਕਰ ਸਕਦੀ ਹੈ, ਪਰ ਤੁਸੀਂ ਫੌਜ ਦੀ ਵਰਤੋਂ ਨਹੀਂ ਕਰ ਰਹੇ, ਕਿਉਂਕਿ ਤੁਸੀਂ ਮਨੀਪੁਰ 'ਚ ਹਿੰਦੁਸਤਾਨ ਨੂੰ ਮਾਰਨਾ ਚਾਹੁੰਦੇ ਹੋ।

ਰਾਹੁਲ ਨੇ ਕਿਹਾ-ਮੋਦੀ ਜੀ ਹਿੰਦੁਸਤਾਨ ਦੀ ਆਵਾਜ਼ ਨਹੀਂ ਸੁਣਦੇ। ਹਿੰਦੁਸਤਾਨ ਦੇ ਦਿਲ ਦੀ ਆਵਾਜ਼ ਨਹੀਂ ਸੁਣਦੇ। ਸਿਰਫ ਦੋ ਲੋਕਾਂ ਦੀ ਆਵਾਜ਼ ਸੁਣਦੇ ਹਨ-ਅਡਾਨੀ ਤੇ ਅਮਿਤ ਸ਼ਾਹ ਦੀ। ਰਾਵਣ ਵੀ ਦੋ ਲੋਕਾਂ ਦੀ ਗੱਲ ਸੁਣਦਾ ਸੀ-ਮੇਘਨਾਥ ਤੇ ਕੁੰਭਕਰਨ ਦੀ। ਉਂਜ ਹੀ ਮੋਦੀ ਦੋ ਲੋਕਾਂ ਦੀ ਗੱਲ ਸੁਣਦੇ ਹਨ। ਲੰਕਾ ਨੂੰ ਹਨੂੰਮਾਨ ਨੇ ਨਹੀਂ ਸਾੜਿਆ ਸੀ, ਲੰਕਾ ਨੂੰ ਰਾਵਣ ਦੇ ਹੰਕਾਰ ਨੇ ਸਾੜਿਆ ਸੀ।

ਕੇਂਦਰ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ 'ਤੇ ਰਾਹੁਲ ਗਾਂਧੀ ਦੀਆਂ ਟਿੱਪਣੀਆਂ 'ਤੇ ਪਲਟਵਾਰ ਕਰਦਿਆਂ ਕੇਂਦਰੀ ਮੰਤਰੀ ਸਿਮਰਤੀ ਈਰਾਨੀ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਅਤੇ ਕਸ਼ਮੀਰ 'ਚ ਅਸ਼ਾਂਤੀ ਤੇ ਕਸ਼ਮੀਰੀ ਪੰਡਿਤਾਂ 'ਤੇ ਹੋਏ ਅੱਤਿਆਚਾਰਾਂ ਦਾ ਮੁੱਦਾ ਉਠਾਇਆ ਅਤੇ ਕਿਹਾ ਕਿ ਕਾਂਗਰਸ ਦਾ ਇਤਿਹਾਸ ਖੂਨ ਨਾਲ ਰੰਗਿਆ ਹੋਇਆ ਹੈ। ਉਨ੍ਹਾ ਕਿਹਾ ਕਿ ਵਿਰੋਧੀ ਧਿਰ ਨੂੰ ਔਰਤਾਂ ਦੀ ਸੁਰੱਖਿਆ, ਗਰੀਬਾਂ ਦੀ ਭਲਾਈ, ਨੌਜਵਾਨਾਂ ਦੇ ਹਿੱਤਾਂ ਅਤੇ ਦੇਸ਼ ਦੇ ਵਿਕਾਸ ਨਾਲ ਕੋਈ ਸਰੋਕਾਰ ਨਹੀਂ ਹੈ। ਈਰਾਨੀ ਨੇ ਕਿਹਾ ਕਿ ਪੂਰੇ ਦੇਸ਼ ਨੇ ਦੇਖਿਆ ਕਿ ਰਾਹੁਲ ਗਾਂਧੀ ਭਾਰਤ ਮਾਤਾ ਦੇ ਕਤਲ ਦੀ ਗੱਲ ਕਰਦੇ ਹਨ ਅਤੇ ਕਾਂਗਰਸੀ ਇੱਥੇ ਮੇਜ਼ 'ਤੇ ਹੱਥ ਮਾਰ ਰਹੇ ਹਨ, ਸੰਸਦੀ ਇਤਿਹਾਸ 'ਚ ਅਜਿਹਾ ਕਦੇ ਨਹੀਂ ਹੋਇਆ।

ਫਲਾਈਂਗ ਕਿੱਸ ਦਾ ਰੌਲਾ

ਨਵੀਂ ਦਿੱਲੀ : ਰਾਹੁਲ ਗਾਂਧੀ ਦੇ ਭਾਸ਼ਣ ਤੋਂ ਬਾਅਦ ਨਵਾਂ ਵਿਵਾਦ ਪੈਦਾ ਹੋ ਗਿਆ, ਜਦੋਂ ਸਿਮਰਤੀ ਈਰਾਨੀ ਨੇ ਕਿਹਾ ਕਿ ਰਾਹੁਲ ਨੇ ਮਹਿਲਾਂ ਮੈਂਬਰਾਂ ਵੱਲ ਫਲਾਈਂਗ ਕਿੱਸ ਕਰਕੇ ਅਭੱਦਰ ਆਚਰਨ ਕੀਤਾ। ਕੇਂਦਰੀ ਮੰਤਰੀ ਸ਼ੋਭਾ ਕਰੰਦਲਾਜੇ ਨੇ ਤਾਂ ਇਸ ਦੀ ਸਪੀਕਰ ਓਮ ਬਿੜਲਾ ਕੋਲ ਸ਼ਿਕਾਇਤ ਕਰ ਦਿੱਤੀ। ਭਾਜਪਾ ਦੀ ਹੀ ਪੂਨਮ ਮਹਾਜਨ ਨੇ ਰਾਹੁਲ ਨੂੰ ਬਰਖਾਸਤ ਕਰਨ ਦੀ ਮੰਗ ਕਰ ਦਿੱਤੀ।

ਸ਼ਿਵ ਸੈਨਾ (ਊਧਵ ਠਾਕਰੇ) ਦੀ ਪ੍ਰਿਅੰਕਾ ਚਤੁਰਵੇਦੀ ਨੇ ਕਿਹਾ-ਘਟਨਾ ਦੌਰਾਨ ਮੈਂ ਵੀ ਮੌਜੂਦ ਸੀ। ਜਦ ਰਾਹੁਲ ਬੋਲ ਰਹੇ ਸਨ ਤਾਂ ਸਾਰੇ ਮੰਤਰੀ ਖੜ੍ਹੇ ਸਨ ਤੇ ਉਨ੍ਹਾ ਨੂੰ ਬੋਲਣ ਤੋਂ ਰੋਕ ਰਹੇ ਹਨ। ਰਾਹੁਲ ਨੇ ਉਨ੍ਹਾਂ ਵੱਲ ਸਨੇਹ-ਭਰਿਆ ਇਸ਼ਾਰਾ। ਸਮਝ ਨਹੀਂ ਆਉਂਦਾ ਕਿ ਭਾਜਪਾ ਮੈਂਬਰਾਂ ਨੂੰ ਇਸ ਨਾਲ ਕੀ ਦਿੱਕਤ ਹੋਈ। ਭਾਜਪਾ ਵਾਲਿਆਂ ਨੂੰ ਨਫਰਤ ਦੀ ਆਦਤ ਹੋ ਗਈ ਹੈ। ਇਹ ਪ੍ਰੇਮ ਤੇ ਸਨੇਹ ਦੇ ਭਾਵ ਨੂੰ ਸਮਝ ਨਹੀਂ ਪਾਉਂਦੇ। ਇਨ੍ਹਾਂ ਪਹਿਲਾਂ ਰਾਹੁਲ ਨੂੰ ਮੈਂਬਰੀ ਦੇ ਅਯੋਗ ਠਹਿਰਾ ਦਿੱਤਾ। ਘਰੋਂ ਕੱਢਵਾ ਦਿੱਤਾ। ਉਹ ਮੁਕੱਦਮਾ ਜਿੱਤ ਕੇ ਵਾਪਸ ਆਏ ਹਨ। ਫਿਰ ਵੀ ਉਹ ਨਫਰਤ ਨਾਲ ਭਾਜਪਾ ਵਾਲਿਆਂ ਨਾਲ ਗੱਲ ਨਹੀਂ ਕਰ ਰਹੇ। ਜੇ ਫਿਰ ਵੀ ਕੋਈ ਸਮੱਸਿਆ ਹੈ ਤਾਂ ਇਹ ਭਾਜਪਾ ਵਾਲਿਆਂ ਦੀ ਹੀ, ਕਿਸੇ ਹੋਰ ਦੀ ਨਹੀਂ।

ਲੋਕ ਵਿਰੋਧੀ ਨੀਤੀਆਂ ਖਿਲਾਫ਼ ਜ਼ੋਰਦਾਰ ਪ੍ਰੋਟੈਸਟ

ਪਟਿਆਲਾ : ਇੱਥੇ ਭਾਰਤ ਛੱਡੋ ਅੰਦੋਲਨ ਨੂੰ ਸਮਰਪਤ ਮੁਲਾਜ਼ਮਾਂ, ਮਜ਼ਦੂਰਾਂ, ਮਿਹਨਤਕਸ਼ ਲੋਕਾਂ ਅਤੇ ਬੇਰੁਜ਼ਗਾਰ ਗਰੀਬਾਂ ਦੀਆਂ ਮੰਗਾਂ ਅਤੇ ਦੁੱਭਰ ਹੁੰਦੀਆਂ ਜਾ ਰਹੀਆਂ ਜੀਵਨ ਹਾਲਤਾਂ ਦੇ ਸੰਬੰਧ ਵਿੱਚ ਵਿਸ਼ਾਲ ਰੋਸ ਰੈਲੀ ਕੀਤੀ ਗਈ। ਇਸ ਐਕਸ਼ਨ ਦਾ ਸੱਦਾ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਦੇਸ਼ ਵਿਆਪੀ ਭਵਿੱਖ ਦੇ ਵੱਡੇ ਸੰਘਰਸ਼ ਦੀ ਤਿਆਰੀ ਵਜੋਂ ਦਿੱਤਾ ਗਿਆ, ਜਿਹੜਾ ਸੰਘਰਸ਼ ਮੋਦੀ ਹਟਾਓ, ਦੇਸ਼ ਬਚਾਓ ਦੇ ਨਾਅਰੇ ਨਾਲ ਕੌਮੀ ਪੱਧਰ ਦੀ ਹੜਤਾਲ ਕਰਨਾ ਹੋਵੇਗਾ, ਤਾਂ ਕਿ ਮੋਦੀ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਅਤੇ ਦੇਸ਼ ਵਿਰੋਧੀ ਉਦਾਰੀਕਰਨ, ਨਿੱਜੀਕਰਨ ਅਤੇ ਸੰਸਾਰੀਕਰਨ ਦੀਆਂ ਸਨਅਤੀ ਅਤੇ ਆਰਥਕ ਨੀਤੀਆਂ ਨੂੰ ਰੋਕਿਆ ਜਾ ਸਕੇ। ਪਟਿਆਲਾ ਵਿਖੇ ਕੀਤੀ ਗਈ ਰੋਸ ਰੈਲੀ ਦੀ ਅਗਵਾਈ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਸੀ ਟੀ ਯੂ ਪੰਜਾਬ ਦੇ ਆਗੂ ਹਰੀ ਸਿੰਘ ਦੌਣ ਕਲਾਂ, ਕਲਾਸ ਫੋਰਥ ਇੰਪਲਾਈਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਟਰੇਡ ਯੂਨੀਅਨ ਕੌਂਸਲ ਪਟਿਆਲਾ ਦੇ ਪ੍ਰਧਾਨ ਉਤਮ ਸਿੰਘ ਬਾਗੜੀ ਅਤੇ ਆਂਗਣਵਾੜੀ ਵਰਕਰਾਂ ਦੀ ਸੂਬਾਈ ਆਗੂ ਸੁਨੀਤਾ ਰਾਣੀ ਕਰ ਰਹੇ ਸਨ।

ਰੈਲੀ ਨੂੰ ਸੰਬੋਧਨ ਕਰਦਿਆਂ ਪ੍ਰਮੁੱਖ ਆਗੂਆਂ ਨਿਰਮਲ ਸਿੰਘ ਧਾਲੀਵਾਲ, ਹਰੀ ਸਿੰਘ ਦੌਣ ਕਲਾਂ, ਦਰਸ਼ਨ ਸਿੰਘ ਲੁਬਾਣਾ ਅਤੇ ਉਤਮ ਸਿੰਘ ਬਾਗੜੀ ਨੇ ਕਿਹਾ ਕਿ ਮੋਦੀ ਸਰਕਾਰ ਜ਼ਾਹਰਾ ਤੌਰ 'ਤੇ ਕਾਰਪੋਰੇਟ ਘਰਾਣਿਆਂ ਦੀ ਕਠਪੁਤਲੀ ਬਣ ਕੇ ਕੰਮ ਕਰ ਰਹੀ ਹੈ। ਦੇਸ਼ ਦੇ ਪਬਲਿਕ ਸੈਕਟਰ, ਕੁਦਰਤੀ ਸੋਮਿਆਂ ਅਤੇ ਕੌਮੀ ਜਾਇਦਾਦਾਂ ਨੂੰ ਕੌਡੀਆਂ ਦੇ ਭਾਅ ਵੇਚ- ਵੱਟ ਕੇ ਦੇਸੀ ਅਤੇ ਬਦੇਸ਼ੀ ਕਾਰਪੋਰੇਟਾਂ ਦੀ ਧਨ-ਦੌਲਤ ਵਿੱਚ ਅਥਾਹ ਵਾਧਾ ਕਰ ਦਿੱਤਾ ਗਿਆ ਹੈ। ਦੇਸ਼ ਦੇ ਆਮ ਲੋਕ ਗਰੀਬੀ ਅਤੇ ਗੁਰਬਤ ਵਿੱਚ ਜ਼ਿੰਦਗੀ ਬਸਰ ਕਰ ਰਹੇ ਹਨ। ਦੇਸ਼ ਦੇ ਬੇਰੁਜ਼ਗਾਰ ਨੌਜਵਾਨ ਭਾਰੀ ਗਿਣਤੀ ਵਿੱਚ ਵਿਦੇਸ਼ਾਂ ਵੱਲ ਨੂੰ ਘਰ ਦਾ ਸਭ ਕੁਝ ਵੇਚ-ਵੱਟ ਕੇ ਰੁਜ਼ਗਾਰ ਦੀ ਭਾਲ ਵਿੱਚ ਕੂਚ ਕਰ ਰਹੇ ਹਨ। ਲੋਕਾਂ ਦਾ ਆਪਣੀਆਂ ਸਮੱਸਿਆਵਾ ਤੋਂ ਧਿਆਨ ਲਾਂਭੇ ਕਰਨ ਲਈ ਮੋਦੀ ਸਰਕਾਰ ਦੇਸ਼ ਵਿੱਚ ਆਰ ਐੱਸ ਐੱਸ ਦੇ ਇਸ਼ਾਰਿਆਂ 'ਤੇ ਚਲਦੀ ਹੋਈ ਫਿਰਕੂ ਨਫਰਤ ਫੈਲਾ ਰਹੀ ਹੈ। ਘੱਟ ਗਿਣਤੀਆਂ 'ਤੇ ਹਮਲੇ ਕੀਤੇ ਜਾ ਰਹੇ ਹਨ। ਮੁੱਦਿਆਂ ਦੀ ਬਜਾਏ ਫਿਰਕੂ ਧਰੁਵੀਕਰਨ ਦੀ ਨੀਤੀ ਅਪਣਾ ਕੇ ਸੱਤਾ 'ਤੇ ਮੁੜ ਕਾਬਜ਼ ਹੋਣ ਦੀ ਗੰਦੀ ਖੇਡ ਖੇਡੀ ਜਾ ਰਹੀ ਹੈ। ਆਗੂਆਂ ਆਪਣੇ ਸੰਬੋਧਨ ਰਾਹੀਂ ਇਕੱਠੇ ਹੋਏ ਕਿਰਤੀਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਸਾਡੀਆਂ ਜੀਵਨ ਲੋੜਾਂ ਦੀਆਂ ਮੰਗਾਂ ਨੂੰ ਅਜਿਹਾ ਫਿਰਕੂ ਮਾਹੌਲ ਸਿਰਜ ਕੇ ਦਰਕਿਨਾਰ ਕਰਨ ਦੀ ਸੋਚੀ-ਸਮਝੀ ਚਾਲ ਚੱਲੀ ਜਾ ਰਹੀ ਹੈ, ਜਦ ਕਿ ਮਜ਼ਦੂਰ ਜਮਾਤ ਦੀਆਂ ਮੰਗਾਂ ਹਨ-ਘੱਟੋ-ਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ, ਚਾਰੇ ਲੇਬਰ ਕੋਡਜ਼ ਰੱਦ ਕਰਨਾ, ਕੰਟਰੈਕਟ/ ਆਊਟ ਸੋਰਸ ਕਰਮਚਾਰੀਆਂ ਨੂੰ ਰੈਗੂਲਰ ਕਰਨਾ, ਸਰਕਾਰੀ, ਅਰਧ-ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਰੋਕਣਾ, ਆਂਗਣਵਾੜੀ, ਆਸ਼ਾ ਵਰਕਰ, ਮਿਡ ਡੇ ਮੀਲ ਵਰਕਰ ਅਤੇ ਹਰ ਕਿਸਮ ਦੇ ਸਕੀਮ ਵਰਕਰਾਂ ਨੂੰ ਪੱਕੇ ਕਰਨਾ, ਨਰੇਗਾ ਤਹਿਤ ਕੰਮ 200 ਦਿਨਾਂ ਲਈ ਦੇਣਾ, ਨਰੇਗਾ ਸ਼ਹਿਰਾਂ ਵਿੱਚ ਵੀ ਲਾਗੂ ਕਰਨਾ ਅਤੇ ਦਿਹਾੜੀ 700 ਰੁਪਏ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਭੱਠਾ ਵਰਕਰਾਂ ਦੇ ਮਸਲੇ ਹੱਲ ਕਰਨਾ, ਪੱਲੇਦਾਰਾਂ ਦੀਆਂ ਲਟਕਦੀਆਂ ਮੰਗਾਂ ਪੂਰੀਆਂ ਕਰਨ, ਸਨਅਤੀ ਵਰਕਰਾਂ ਦੇ ਮਸਲੇ ਹੱਲ ਕਰਨਾ, ਸਾਰੇ ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ ਵਿੱਚ ਖਤਮ ਕੀਤੀਆਂ ਪੋਸਟਾਂ ਬਹਾਲ ਕਰਕੇ ਪੱਕੀ ਭਰਤੀ ਕਰਕੇ ਭਰਨਾ, ਘਰੇਲੂ ਕੰਮਕਾਜੀ ਔਰਤਾਂ ਲਈ ਵੈੱਲਫੇਅਰ ਬੋਰਡ ਦਾ ਗਠਨ ਕਰਕੇ ਉਹਨਾਂ ਦੀ ਆਰਥਕ ਹਾਲਤ ਬਿਹਤਰ ਬਣਾਉਣਾ, ਉਸਾਰੀ ਕਿਰਤੀਆਂ ਨੂੰ ਮਿਲਣ ਵਾਲੇ ਲਾਭ ਸਮੇਂ ਸਿਰ ਮਿਲਣਾ ਯਕੀਨੀ ਬਣਾਉਣਾ ਆਦਿ। ਨੇਤਾਵਾਂ ਨੇ ਇਕੱਤਰ ਹੋਏ ਮਜ਼ਦੂਰਾਂ ਨੂੰ ਵਿਸ਼ਾਲ ਲਾਮਬੰਦੀ ਕਰਨ ਦਾ ਸੱਦਾ ਦਿੰਦਿਆ ਸੁਚੇਤ ਕੀਤਾ ਕਿ ਜੇਕਰ ਮੋਦੀ ਦੀ ਹਰ ਇੱਕ ਮਜ਼ਦੂਰ ਵਿਰੋਧੀ ਨੀਤੀ ਦਾ ਵਿਰੋਧ ਨਾ ਕੀਤਾ ਗਿਆ ਤਾਂ ਸਾਡੀਆਂ ਮੰਗਾਂ ਨੂੰ ਵੀ ਕੁਚਲਿਆ ਜਾਵੇਗਾ, ਤਾਨਾਸ਼ਾਹੀ ਸਿਖਰ ਤੱਕ ਵਧੇਗੀ ਅਤੇ ਲੋਕਾਂ ਨੂੰ ਆਪਸ ਵਿੱਚ ਲੜਾਉਣ ਦੀਆਂ ਸਾਜ਼ਿਸ਼ਾਂ ਨੂੰ ਵੀ ਅੰਜਾਮ ਦਿੱਤਾ ਜਾਵੇਗਾ। ਜੇਕਰ ਅਸੀਂ

● ਬਾਕੀ ਸਫ਼ਾ 2 'ਤੇ

ਥਲ ਸੈਨਾ ਮੁਖੀ ਇੰਗਲੈਂਡ ਗਏ

ਨਵੀਂ ਦਿੱਲੀ : ਥਲ ਸੈਨਾ ਮੁਖੀ ਜਨਰਲ ਮਨੋਜ ਪਾਂਡੇ ਬੁੱਧਵਾਰ ਪੰਜ ਦਿਨਾਂ ਦੌਰੇ 'ਤੇ ਬਰਤਾਨੀਆ ਲਈ ਰਵਾਨਾ ਹੋ ਗਏ, ਜਿਸ ਦੌਰਾਨ ਉਹ ਵਕਾਰੀ ਫੌਜੀ ਸਮਾਗਮ 'ਚ ਸ਼ਿਰਕਤ ਕਰਨਗੇ ਅਤੇ ਦੁਵੱਲੇ ਰਣਨੀਤਕ ਮੁੱਦਿਆਂ 'ਤੇ ਬਰਤਾਨਵੀ ਰੱਖਿਆ ਅਧਿਕਾਰੀਆਂ ਨਾਲ ਗੱਲਬਾਤ ਕਰਨਗੇ।

ਬੁੱਧਦੇਵ ਨੂੰ ਹਸਪਤਾਲੋਂ ਛੁੱਟੀ

ਕੋਲਕਾਤਾ : ਪੱਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਬੁੱਧਦੇਵ ਭੱਟਾਚਾਰੀਆ ਨੂੰ 11 ਦਿਨਾਂ ਦੇ ਇਲਾਜ ਤੋਂ ਬਾਅਦ ਬੁੱਧਵਾਰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਭੱਟਾਚਾਰੀਆ (79) ਨੂੰ ਸਾਹ ਦੀ ਨਾਲੀ ਦੇ ਹੇਠਲੇ ਹਿੱਸੇ ਦੀ ਲਾਗ ਅਤੇ 'ਟਾਈਪ 2' ਸਾਹ ਦੀ ਸ਼ਿਕਾਇਤ ਤੋਂ ਬਾਅਦ 29 ਜੁਲਾਈ ਨੂੰ ਨਿੱਜੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਸੀ।

ਕਾਂਡਾ 'ਤੇ ਈ ਡੀ ਦੀ ਛਾਪੇਮਾਰੀ

ਹਿਸਾਰ : ਈ ਡੀ ਨੇ ਬੁੱਧਵਾਰ ਸਿਰਸਾ ਦੇ ਹਰਿਆਣਾ ਲੋਕਹਿਤ ਪਾਰਟੀ ਦੇ ਵਿਧਾਇਕ ਗੋਪਾਲ ਕਾਂਡਾ ਦੇ ਗੁਰੂਗ੍ਰਾਮ ਸਥਿਤ ਘਰ ਅਤੇ ਉਨ੍ਹਾ ਦੀ ਸਾਬਕਾ ਏਅਰਲਾਈਨਜ਼ ਐੱਮ ਡੀ ਐੱਲ ਆਰ ਦੇ ਦਫਤਰ 'ਤੇ ਛਾਪੇਮਾਰੀ ਕੀਤੀ। ਕਾਂਡਾ ਨੂੰ ਹਾਲ ਹੀ 'ਚ ਗੀਤਿਕਾ ਸ਼ਰਮਾ ਖੁਦਕੁਸ਼ੀ ਮਾਮਲੇ 'ਚ ਦਿੱਲੀ ਦੀ ਅਦਾਲਤ ਨੇ ਬਰੀ ਕਰ ਦਿੱਤਾ ਸੀ। ਉਹ ਹਰਿਆਣਾ ਦੀ ਭਾਜਪਾ ਸਰਕਾਰ ਦੀ ਹਮਾਇਤ ਵੀ ਕਰ ਰਹੇ ਹਨ।

ਸੇਬਾਂ ਦੇ ਟਰੱਕਾਂ ਦੀ ਲਪੇਟ 'ਚ ਆ ਕੇ ਮਹਿਲਾ ਸਣੇ 4 ਮਰੇ

ਸ਼ਿਮਲਾ : ਸ਼ਿਮਲਾ ਜ਼ਿਲ੍ਹੇ 'ਚ ਦੋ ਹਾਦਸਿਆਂ 'ਚ ਸੇਬਾਂ ਨਾਲ ਭਰੇ ਟਰੱਕਾਂ ਦੀ ਲਪੇਟ 'ਚ ਆਉਣ ਨਾਲ 4 ਵਿਅਕਤੀਆਂ ਦੀ ਮੌਤ ਹੋ ਗਈ। ਗਲਤੀ ਨਾਲ ਟਰੱਕ ਸਾਂਝ-ਰਾਜਗੜ੍ਹ ਰੋਡ ਦੀ ਬਜਾਏ ਛੈਲਾ ਬਾਜ਼ਾਰ ਵੱਲ ਮੁੜ ਕੇ ਬੇਕਾਬੂ ਹੋ ਗਿਆ। ਇਹ ਚਾਰ ਵਾਹਨਾਂ ਨਾਲ ਟਕਰਾਉਣ ਤੋਂ ਬਾਅਦ ਪਲਟ ਗਿਆ। ਇਕ ਔਰਤ ਸਮੇਤ ਦੋ ਜਣੇ ਇਸ ਦੀ ਲਪੇਟ ਵਿਚ ਆ ਗਏ। ਇਸੇ ਦੌਰਾਨ ਸ਼ਿਮਲਾ ਦੇ ਬਾਹਰਵਾਰ ਢੱਲੀ ਨੇੜੇ ਬੀਓਗ ਤੋਂ ਸੇਬ ਲੈ ਕੇ ਆ ਰਹੇ ਇਕ ਹੋਰ ਟਰੱਕ ਦਾ ਡਰਾਈਵਰ ਕੰਟਰੋਲ ਗਵਾ ਬੈਠਾ ਅਤੇ ਟਰੱਕ ਪਿਕਅੱਪ ਟਰੱਕ 'ਤੇ ਡਿੱਗ ਗਿਆ, ਜਿਸ ਕਾਰਨ ਦੋ ਮੌਤਾਂ ਹੋ ਗਈਆਂ।

ਮਹਾਤਮਾ ਗਾਂਧੀ ਦਾ ਪੜਪੋਤਾ ਹਿਰਾਸਤ 'ਚ

ਮੁੰਬਈ : ਮਹਾਤਮਾ ਗਾਂਧੀ ਨੂੰ ਭਾਰਤ ਛੱਡੋ ਦਿਵਸ (9 ਅਗਸਤ 1942) 'ਤੇ ਬਰਤਾਨਵੀ ਪੁਲਸ ਵੱਲੋਂ ਨਿਸ਼ਾਨਾ

10-AUG-PAGE-1.qxd 8/9/2023 10:30 PM Page 2

ਸਕੂਲ ਦੀ ਕੰਧ ਕੋਲੋਂ ਚੁਕਵਾਇਆ ਕੂੜੇ ਦਾ ਢੇਰ, ਬਣਾਇਆ ਜਾਵੇਗਾ ਪਾਰਕ : ਭੰਮ

ਚੀਮਾ ਮੰਡੀ (ਰਵਿੰਦਰ ਚੀਮਾ)- ਸਰਕਾਰੀ ਸਕੂਲ ਦੀ ਕੰਧ ਕੋਲ ਲੱਗੇ ਕੂੜੇ ਦੇ ਢੇਰ ਨੂੰ ਅੱਜ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਨੇ ਚੁਕਵਾਉਣ ਦਾ ਉਪਰਾਲਾ ਕੀਤਾ। ਇਸ ਮੌਕੇ ਬਲਬੀਰ ਸਿੰਘ ਭੰਮ ਐਮ ਸੀ ਨੇ ਬੋਲਦਿਆਂ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਚਲਦਿਆਂ ਪਿੰਡ ਵਿੱਚ ਸਾਫ ਸਫਾਈ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਜਿਸ ਤਹਿਤ ਅੱਜ ਸਰਕਾਰੀ ਸਕੂਲ ਦੀ ਕੰਧ ਕੋਲ ਲੱਗੇ ਕੂੜੇ ਦੇ ਢੇਰ ਨੂੰ ਚਕਵਾਇਆ ਗਿਆ। ਇਸ ਜਗ੍ਹਾ 'ਤੇ ਇੱਕ ਸੁੰਦਰ ਪਾਰਕ ਬਣਾਇਆ ਜਾਵੇਗਾ। ਅੱਜ ਜੋ ਇਹ ਕੂੜੇ ਦਾ ਢੇਰ ਚੁਕਾਇਆ ਗਿਆ ਹੈ ਇਸ ਨਾਲ ਨੇੜੇ ਦੀ ਕਲੋਨੀ ਅਤੇ ਸਕੂਲ ਦੇ ਬੱਚਿਆਂ ਅਤੇ ਸਾਹਮਣੇ ਗੁਰੂ ਘਰ ਹੋਣ ਕਾਰਨ ਬੜੀ ਮੁਸ਼ਕਲ ਆ ਰਹੀ ਸੀ। ਇਸ ਮੌਕੇ ਕੁਲਦੀਪ ਸਿੰਘ ਸਿੱਧੂ, ਬਹਾਦਰ ਸਿੰਘ ਚਹਿਲ, ਗੁਰਪ੍ਰੀਤ ਸਿੰਘ, ਸੁਰਿਦਰ ਸਿੰਘ, ਲਖਵਿੰਦਰ ਸਿੰਘ ਲੱਖੀ, ਮਨਜੀਤ ਸਿੰਘ ਤੱਗੜ ਆਦਿ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

ਸਿਵਲ ਹਸਪਤਾਲ 'ਚ ਸਟਾਫ਼ ਤੇ ਮਰੀਜ਼ਾਂ ਨੂੰ ਕਰਵਾਇਆ ਜਾ ਰਿਹਾ ਯੋਗਾ

ਮਲੋਟ, (ਗੁਰਮੀਤ ਸਿੰਘ ਮੱਕੜ)-ਸਥਾਨਕ ਸਿਵਲ ਹਸਪਤਾਲ ਦੇ ਐਸ.ਐਮ.ਓ ਡਾ. ਸੁਨੀਲ ਬਾਂਸਲ ਦੀ ਅਗਵਾਈ 'ਚ ਹਸਪਤਾਲ 'ਚ ਯੋਗਾ ਕੈਂਪ ਸ਼ੁਰੂ ਕੀਤਾ ਹੋਇਆ ਹੈ ਤਾਂ ਜੋ ਮਰੀਜ਼ ਇਲਾਜ ਦੇ ਨਾਲ ਨਾਲ ਯੋਗਾ ਕਰਕੇ ਤੰਦਰੁਸਤ ਹੋ ਸਕਣ। ਇਸ ਮੌਕੇ 'ਤੇ ਯੋਗ ਟ੍ਰੇਨਰ ਦੀਪਕ ਮੱਕੜ ਨੇ ਦੱਸਿਆ ਕਿ ਯੋਗਾ ਇਕੱਲੇ ਸਰੀਰ ਨੂੰ ਹੀ ਨਹੀਂ, ਸਗੋਂ ਤੁਹਾਡੀ ਮਨ ਦੀ ਸਥਿਤੀ ਨੂੰ ਵੀ ਮਜ਼ਬੂਤ ਕਰਦਾ ਹੈ ਅਤੇ ਮਨੁੱਖ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਬਚਿਆ ਰਹਿੰਦਾ ਹੈ। ਡਾ ਬਾਂਸਲ ਨੇ ਕਿਹਾ ਕਿ ਪਿਛਲੇ 20 ਕੁ ਦਿਨਾਂ ਤੋਂ ਇਹ ਯੋਗਾ ਕੈਂਪ ਸ਼ੁਰੂ ਕੀਤਾ ਗਿਆ ਹੈ ਅਤੇ ਲਗਾਤਾਰ ਚਲਦਾ ਰਹੇਗਾ। ਕਾਫੀ ਦਿਨਾਂ ਤੋਂ ਯੋਗਾ ਕਰ ਰਹੇ ਸਟਾਫ ਮੈਂਬਰਾਂ ਨੇ ਵੀ ਕਿਹਾ ਕਿ ਇਸ ਯੋਗਾ ਕੈਂਪ ਵਿਚ ਯੋਗਾ ਕਰਕੇ ਉਹ ਠੀਕ ਮਹਿਸੂਸ ਕਰ ਰਹੇ ਹਨ। ਸਟਾਫ਼ ਮੈਂਬਰਾਂ ਨੇ ਕਿਹਾ ਕਿ ਯੋਗਾ ਨਾਲ ਸਰਵਾਈਕਲ ਅਤੇ ਹੋਰ ਰੋਗਾਂ ਤੋਂ ਯੋਗ ਨਾਲ ਆਰਾਮ ਮਿਲਿਆ ਹੈ ਅਤੇ ਸਰੀਰ ਨੂੰ ਚੁਸਤੀ ਫੁਰਤੀ ਵੀ ਮਿਲੀ ਹੈ।

ਟੈਗੋਰ ਦੀ ਬਰਸੀ ਭਾਰਤ-ਪਾਕਿ ਸਰਹੱਦ 'ਤੇ ਮਨਾਈ

ਫਾਜ਼ਿਲਕਾ (ਨਿਸ਼ਾ ਸ਼ਰਮਾ) -ਦੇਸ਼ ਦੇ ਸਰਬਉੱਚ ਸਨਮਾਨ ਭਾਰਤ ਰਤਨ ਅਤੇ ਏਸ਼ੀਆ ਦਾ ਪਹਿਲਾ ਨੋਬਲ ਪੁਰਸਕਾਰ ਹਾਸਲ ਕਰਨ ਵਾਲੇ ਭਾਰਤ-ਬੰਗਲਾਦੇਸ਼ ਦੇ ਰਾਸ਼ਟਰੀ ਗੀਤ ਦੇ ਲੇਖਕ ਰਬਿੰਦਰਨਾਥ ਟੈਗੋਰ ਦੀ 82ਵੀਂ ਬਰਸੀ ਮੌਕੇ ਫਾਜ਼ਿਲਕਾ ਦੀ ਅੰਤਰਰਾਸ਼ਟਰੀ ਸਰਹੱਦ 'ਤੇ ਇਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਪ੍ਰੋਗਰਾਮ ਦਾ ਆਯੋਜਨ ਕਰਨ ਵਾਲੇ ਸਮਾਜ ਸੇਵੀ ਲੀਲਾਧਰ ਸ਼ਰਮਾ ਨੇ ਦੱਸਿਆ ਕਿ ਭਾਰਤ-ਪਾਕਿਸਤਾਨ ਸਰਹੱਦ ਦੇ ਦੋਵਾਂ ਦੇਸ਼ਾਂ ਵਿਚਾਲੇ ਹੋਏ ਰਿਟਰੀਟ ਸੈਰੇਮਨੀ ਤੋਂ ਬਾਅਦ ਕੈਂਫੀ ਇੰਟਰਨੈਸ਼ਨਲ ਕਾਨਵੈਂਟ ਸਕੂਲ ਹੀਰਾਂਵਾਲੀ ਦੀ ਪ੍ਰਿੰਸੀਪਲ ਸੁਜਾਤਾ ਚੌਧਰੀ ਦੇ ਨਾਲ ਸਕੂਲੀ ਬੱਚਿਆਂ ਨੇ ਹਾਜ਼ਰੀਨ ਵਿਚ ਖੜ੍ਹੇ ਹੋ ਕੇ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਮਹਾਮੰਡਲੇਸ਼ਵਰ ਸਵਾਮੀ ਦਿਵਯਾਨੰਦ ਗਿਰੀ ਅਤੇ ਸਵਾਮੀ ਵਿਵੇਕਾਨੰਦ ਗਿਰੀ, ਬਾਬਾ ਫਰੀਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਾਜੀਵ ਸੂਦ, ਮਧੂ ਸ਼ਰਮਾ, ਚੀਫ ਸਰਜਨ ਡਾ. ਅਰਪਿਤ ਗੁਪਤਾ, ਬੀ.ਐੱਸ.ਐੱਫ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਰਾਬਿੰਦਰਨਾਥ ਟੈਗੋਰ ਦੀ ਤਸਵੀਰ 'ਤੇ ਫੁੱਲਮਾਲਾਵਾਂ ਭੇਟ ਕੀਤੀਆਂ। ਲੀਲਾਧਰ ਸ਼ਰਮਾ ਨੇ ਰਾਬਿੰਦਰਨਾਥ ਟੈਗੋਰ ਦੇ ਜੀਵਨ 'ਤੇ ਚਾਨਣਾ ਪਾਇਆ।

22 ਸਾਲਾ ਪੰਜਾਬੀ ਵਿਦਿਆਰਥਣ ਦੀ ਕੈਨੇਡਾ 'ਚ ਹਾਰਟ ਅਟੈਕ ਨਾਲ ਮੌਤ

ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ, ਪ੍ਰਦੀਪ ਸਿੰਘ ਲੋਹਗੜ੍ਹ) : ਪਿੰਡ ਸਹੌਰ (ਬਰਨਾਲਾ) ਦੀ ਲੜਕੀ ਦੀ ਕੈਨੇਡਾ 'ਚ ਹਾਰਟ ਅਟੈਕ ਨਾਲ ਮੌਤ ਹੋ ਜਾਣ ਦੀ ਦੁਖਦਾਇਕ ਖਬਰ ਮਿਲੀ ਹੈ। ਇਸ ਸੰਬੰਧੀ ਕੇਵਲ ਸਿੰਘ ਵਾਸੀ ਸਹੌਰ (ਬਰਨਾਲਾ) ਨੇ ਦੱਸਿਆ ਕਿ ਉਨ੍ਹਾਂ ਵੱਲੋਂ ਆਪਣੀ ਬੇਟੀ ਮਨਪ੍ਰੀਤ ਕੌਰ ਨੂੰ ਪਿਛਲੇ ਸਾਲ ਆਈਲੈਟਸ ਕਰਨ ਉਪਰੰਤ ਉੱਚ ਸਿੱਖਿਆ ਲਈ ਕੈਨੇਡਾ ਭੇਜਿਆ ਸੀ। ਬੇਟੀ ਨੂੰ ਬਾਹਰ ਭੇਜਣ ਲਈ ਉਨ੍ਹਾਂ ਇਕ ਏਕੜ ਜ਼ਮੀਨ ਵੇਚੀ ਸੀ। ਉਨ੍ਹਾਂ ਨੂੰ ਬੁੱਧਵਾਰ ਸਵੇਰੇ 3 ਵਜੇ ਦੇ ਕਰੀਬ ਸੂਚਨਾ ਮਿਲੀ ਕਿ ਉਨ੍ਹਾਂ ਦੀ ਬੇਟੀ ਦੀ ਸਾਹ ਰੁਕਣ ਕਾਰਨ ਮੌਤ ਹੋ ਗਈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਬੇਟੀ ਦੀ ਮ੍ਰਿਤਕ ਦੇਹ ਪਿੰਡ ਲਿਆਉਣ ਲਈ ਮਦਦ ਕੀਤੀ ਜਾਵੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਡਕੌਦਾ ਦੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜਗਿੱਲ, ਮਲਕੀਤ ਸਿੰਘ ਈਨਾ, ਭਿੰਦਰ ਸਿੰਘ ਸਹੌਰ ਤੇ ਜੱਗਾ ਸਿੰਘ ਛਾਪਾ ਨੇ ਕਿਸਾਨ ਕੇਵਲ ਸਿੰਘ ਸਹੌਰ ਨਾਲ ਦੁੱਖ ਸਾਂਝਾ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਪਾਸੋਂ ਮ੍ਰਿਤਕ ਵਿਦਿਆਰਥਣ ਦੀ ਲਾਸ਼ ਘਰ ਲਿਆਉਣ ਲਈ ਮਦਦ ਦੀ ਅਪੀਲ ਕੀਤੀ ।

ਪੁਲਸ ਨੇ ਕੱਢਿਆ ਫਲੈਗ ਮਾਰਚ

ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)- ਆਜ਼ਾਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਪੁਲਸ ਵੱਲੋਂ ਐਸ ਪੀ ਚੰਦ ਸਿੰਘ, ਡੀ ਐਸ ਪੀ ਹਰਪਿੰਦਰ ਕੌਰ ਗਿੱਲ, ਥਾਣਾ ਅਮਲੋਹ ਦੇ ਮੁਖੀ ਸਾਹਿਬ ਸਿੰਘ ਵਿਰਕ, ਥਾਣਾ ਮੰਡੀ ਗੋਬਿੰਦਗੜ੍ਹ ਦੇ ਮੁਖੀ ਆਕਾਸ਼ ਦੱਤ ਦੀ ਨਿਗਰਾਨੀ ਹੇਠ ਫਲੈਗ ਮਾਰਚ ਕੱਢਿਆ ਗਿਆ। ਇਸ ਮੌਕੇ ਪੁਲਸ ਅਫ਼ਸਰਾਂ ਨੇ ਕਿਹਾ ਕਿ 15 ਅਗਸਤ ਆਜ਼ਾਦੀ ਦਿਹਾੜਾ ਨੇੜੇ ਆ ਰਿਹਾ ਹੈ, ਜਿਸ ਕਰਕੇ ਫਲੈਗ ਮਾਰਚ ਕੱਢਿਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਆਜ਼ਾਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਇਲਾਕੇ ਅਮਨ ਕਾਨੂੰਨ ਦੀ ਸਥਿਤੀ ਬਰਕਰਾਰ ਰੱਖੀ ਜਾਵੇਗੀ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੁਲਸ ਹਰ ਸਮੇਂ ਨਿਗਰਾਨੀ ਰੱਖ ਰਹੀ ਹੈ।

ਕਾਰ ਚਾਲਕ ਨੇ ਬਜ਼ੁਰਗ ਔਰਤ ਨੂੰ ਮਾਰੀ ਟੱਕਰ, ਗੰਭੀਰ ਜ਼ਖਮੀ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ) ਸ਼ਹਿਰ ਦੇ ਮੋੜ ਰੋਡ ਨੇੜੇ ਜਲਾਲਾਬਾਦ ਰੋਡ ਬਾਈਪਾਸ ਇੱਕ ਤੇਜ਼ ਰਫਤਾਰ ਕਾਰ ਚਾਲਕ ਨੇ ਇੱਕ ਬਜ਼ੁਰਗ ਔਰਤ ਨੂੰ ਟੱਕਰ ਮਾਰ ਦਿੱਤੀ। ਜਿਸ ਨਾਲ ਉਹ ਗੰਭੀਰ ਰੂਪ ਨਾਲ ਜ਼ਖਮੀ ਹੋ ਗਈ। ਉਹ ਜਲਾਲਾਬਾਦ ਰੋਡ ਸਥਿਤ ਇੱਕ ਨਿੱਜੀ ਹਸਪਤਾਲ 'ਚ ਦਾਖਲ ਹੈ। ਪੁਲਸ ਨੇ ਕਾਰ ਚਾਲਕ ਖਿਲਾਫ ਕੇਸ ਦਰਜ ਕਰਦਿਆਂ ਬਾਅਦ 'ਚ ਉਸ ਨੂੰ ਬਰਜ਼ਮਾਨਤ ਰਿਹਾਅ ਕਰ ਦਿੱਤਾ। ਥਾਣਾ ਸਿਟੀ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਮੋੜ ਰੋਡ ਸੁਭਾਸ਼ ਨਗਰ ਬਸਤੀ ਗਲੀ ਨੰਬਰ 11 ਦੀ ਵਸਨੀਕ ਦੁਰਗਾ ਦੇਵੀ ਪਤਨੀ ਦਰਸ਼ਨ ਲਾਲ ਨੇ ਦੱਸਿਆ ਕਿ ਉਹ ਆਪਣੇ ਘਰੋਂ ਕੰਮ 'ਤੇ ਜਾ ਰਹੀ ਸੀ। ਮੋੜ ਰੋਡ 'ਤੇ ਇੱਕ ਕਾਰ ਚਾਲਕ ਨੇ ਲਾਪਰਵਾਹੀ ਨਾਲ ਕਾਰ ਪਿੱਛੋਂ ਲਿਆ ਕੇ ਉਸ ਨੂੰ ਟੱਕਰ ਮਾਰ ਦਿੱਤੀ। ਜਿਸ 'ਤੇ ਉਸ ਦੇ ਗਿੱਟੇ 'ਤੇ ਸੱਟ ਵੱਜੀ ਤੇ ਸੱਜੀ ਲੱਤ ਦੀਆਂ ਤਿੰਨ ਉਂਗਲਾਂ ਟੁੱਟ ਗਈਆਂ। ਥਾਣਾ ਸਿਟੀ ਪੁਲਸ ਨੇ ਔਰਤ ਦੀ ਸ਼ਿਕਾਇਤ 'ਤੇ ਕਾਰ ਚਾਲਕ ਸਾਹਿਬ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਘਾਗਾ ਖੁਰਦ ਜ਼ਿਲ੍ਹਾ ਫਾਜ਼ਿਲਕਾ ਖਿਲਾਫ ਕੇਸ ਦਰਜ ਕਰਦਿਆਂ ਬਾਅਦ 'ਚ ਉਸ ਨੂੰ ਬਰਜ਼ਮਾਨਤ ਰਿਹਾਅ ਕਰ ਦਿੱਤਾ ਹੈ। ਪੀੜਤਾ ਦੇ ਪਰਵਾਰ ਨੇ ਪੁਲਸ ਤੇ ਪ੍ਰਸ਼ਾਸਨ ਤੋਂ ਇਨਸਾਫ ਦੀ ਮੰਗ ਕਰਦਿਆਂ ਇਲਾਜ ਕਰਾਉਣ ਲਈ ਮਦਦ ਦੀ ਗੁਹਾਰ ਲਾਈ ਹੈ।

ਪੰਜਾਬ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ

ਹੁਸ਼ਿਆਰਪੁਰ (ਓ ਪੀ ਰਾਣਾ) ਮਨੀਪੁਰ ਅੱਤਿਆਚਾਰ ਵਿਰੋਧੀ ਐਕਸ਼ਨ ਕਮੇਟੀ ਪੰਜਾਬ ਦੇ ਬੈਨਰ ਹੇਠ ਲਾਰੈਂਸ ਚੌਧਰੀ, ਠੇਕੇਦਾਰ ਭਗਵਾਨ ਦਾਸ ਸਿੱਧੂ, ਵਿਕਾਸ ਹੰਸ, ਮਾਸਟਰ ਮੁਹਿੰਦਰ ਸਿੰਘ ਹੀਰ,ਕੇਵਲ ਸਿੰਘ ਹੀਰ,ਅਸ਼ੋਕ ਸੱਲਣ,ਮੋਹਨ ਭਟੋਆ ਆਦਿ ਦੀ ਅਗਵਾਈ ਵਿੱਚ ਕੇਂਦਰ ਅਤੇ ਮਣੀਪੁਰ ਦੀ ਭਾਜਪਾ ਸਰਕਾਰ ਖਿਲਾਫ ਪੰਜਾਬ ਬੰਦ ਦੀ ਕਾਲ ਦੇ ਤਹਿਤ ਬਾਜਾਰਾਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਰੋਸ ਮਾਰਚ ਕੱਢ ਨਾਅਰੇਬਾਜੀ ਕੀਤੀ। ਮਨੀਪੁਰ ਵਿਚ ਪਿਛਲੇ ਸਮੇਂ ਦੌਰਾਨ ਹੋਈਆਂ ਹਿੰਸਕ ਘਟਨਾਵਾਂ ਦੇ ਵਿਰੋਧ ਵਿਚ ਹੁਸ਼ਿਆਰਪੁਰ ਸ਼ਹਿਰ ਬੰਦ ਨੂੰ ਭਰਵਾਂ ਹੁੰਗਾਰਾ ਮਿਲਿਆ, ਦੁਕਾਨਾਂ,ਕਾਰੋਬਾਰ, ਆਵਾਜਾਈ,ਸਰਕਾਰੀ, ਗੈਰ ਸਰਕਾਰੀ ਦਫਤਰ,ਸਕੂਲ ਤੇ ਬੈਂਕ ਆਦਿ ਬੰਦ ਰਹੇ। ਸੜਕਾਂ 'ਤੇ ਵੀ ਸੁੰਨਸਾਨ ਰਹੀ। ਆਗੂਆਂ ਨੇ ਕਿਹਾ ਕਿ ਦੋਸ਼ੀ ਸਰੇਆਮ ਬਾਹਰ ਘੁੰਮ ਰਹੇ ਹਨ। ਮਨੀਪੁਰ ਵਿੱਚ ਕੂਕੀ ਅਤੇ ਨਾਗੀ ਲੋਕਾਂ ਦੀ ਨਸਲਕੁਸ਼ੀ ਕੀਤੀ ਜਾ ਰਹੀ ਹੈ। ਮਨੀਪੁਰ ਅੱਤਿਆਚਾਰ ਵਿਰੋਧੀ ਐਕਸ਼ਨ ਕਮੇਟੀ ਨੇ ਮੌਕੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਰਾਹੀਂ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਸੌਂਪਿਆ ਅਤੇ ਮੰਗ ਕੀਤੀ ਕਿ ਮਨੀਪੁਰ ਵਿੱਚ ਮੁੱਖ ਮੰਤਰੀ ਬਿਰੇਨ ਸਿੰਘ ਦੀ ਸਰਕਾਰ ਨੂੰ ਬਰਖਾਸਤ ਕੀਤਾ ਜਾਵੇ ਅਤੇ ਦੋਸ਼ੀਆਂ ਨੂੰ ਸਜਾਏ ਮੌਤ ਦੀ ਸਜਾ ਦਿੱਤੀ ਜਾਵੇ। ਇਸ ਮੌਕੇ ਮਾਸਟਰ ਮੋਹਿੰਦਰ ਸਿੰਘ, ਕੇਵਲ ਸਿੰਘ ਹੀਰ, ਉਂਕਾਰ ਸਿੰਘ ਝਮਟ, ਜਗਮੋਹਨ ਸਿੰਘ,ਮਾਸਟਰ ਹਰਕੰਵਲ ਸਿੰਘ, ਗੁਰਨਾਮ ਸਿੰਘ ਸਿੰਗੜੀਵਾਲਾ, ਪਰਮਜੀਤ ਸਿੰਘ ਮੰਡ, ਰਣਵੀਰ ਸਿੰਘ, ਗੁਰਨਾਮ ਸਿੰਘ ਮੂਨਕ, ਜਸਬੀਰ ਸਿੰਘ ਸੀਕਰੀ, ਸੁਖਜਿੰਦਰ ਸਿੰਘ, ਜੱਗੂ ਰਸੂਲਪੁਰੀ, ਸੁਨੀਤਾ ਰਾਣੀ, ਭੁਪਣੇਸ, ਲਾਲਾ ਰਹੀਮਪੁਰ, ਗਿਆਨ ਸਿੰਘ, ਕਾਮਰੇਡ ਕਮਲਜੀਤ ਸਿੰਘ, ਮਹਿੰਦਰ ਬਡੋਆਨਾ, ਗੁਰਮੇਸ ਸਿੰਘ, ਰਿੰਕੂ, ਸੁਖਦੇਵ ਸਿੰਘ,ਕੁਲਵਿੰਦਰ, ਤੇਜਪਾਲ, ਭੀਮ ਸਿੰਘ, ਕਮਲ ਭੱਟੀ, ਕੁਲਵੰਤ ਸਿੰਘ, ਪਰਦੀਪ ਕੁਮਾਰ, ਇੰਦਰਜੀਤ ਬੱਧਣ, ਸੱਤਪਾਲ ਭਾਰਦਵਾਜ ਆਦਿ ਸ਼ਾਮਿਲ ਹੋਏ।

ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਦੀ ਵਿਦਿਆਰਥੀ ਨੇ ਆਈਲੈਟਸ ਵਿੱਚੋਂ ਓਵਰਆਲ 6.5 ਬੈਂਡ ਪ੍ਰਾਪਤ ਕੀਤੇ

ਬਾਘਾਪੁਰਾਣਾ (ਮਨੀ ਸਿੰਗਲਾ)- ਬਾਘਾ ਪੁਰਾਣਾ ਦੇ ਮੇਨ ਬੱਸ ਸਟੈਂਡ ਵਿੱਚ ਸਥਿਤ ਇਲਾਕੇ ਦਾ ਨਾਮਵਰ ਸੈਂਟਰ ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਦੇ ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ ਅਤੇ ਇਕਬਾਲ ਸਿੰਘ ਢਿੱਲੋਂ, ਨੰਦ ਸਿੰਘ ਬਰਾੜ ਨੇ ਦੱਸਿਆ ਕਿ ਜਸਮੀਨ ਪੁੱਤਰੀ ਅਮਨਦੀਨ ਵਾਸੀ ਘੋਲੀਆ ਖੁਰਦ ਨੇ ਆਈਲੈਟਸ ਵਿੱਚੋਂ 6.5 ਬੈਂਡ ਸਕੋਰ ਪ੍ਰਾਪਤ ਕਰਕੇ ਆਪਣਾ ਅਤੇ ਸੈਂਟਰ ਦਾ ਨਾਂਅ ਰੋਸ਼ਨ ਕੀਤਾ । ਇਸ ਮੌਕੇ ਯਾਦਵਿੰਦਰ ਸਿੰਘ ਬਰਾੜ ਅਤੇ ਇਕਬਾਲ ਸਿੰਘ ਢਿੱਲੋਂ, ਨੰਦ ਸਿੰਘ ਬਰਾੜ ਐਮ ਸੀ ਨੇ ਦੱਸਿਆ ਕਿ ਇੱਥੇ ਆਈਲੈਟਸ ਦੀ ਤਿਆਰੀ ਆਧੁਨਿਕ ਅਤੇ ਮਾਹਰ ਅਧਿਆਪਕਾਂ ਦੁਆਰਾ ਕਰਵਾਈ ਜਾਂਦੀ ਹੈ ।ਹਰੇਕ ਕਮਜ਼ੋਰ ਵਿਦਿਆਰਥੀ ਨੂੰ ਸਪੈਸ਼ਲ ਕਲਾਸਾਂ ਵੀ ਦਿੱਤੀਆਂ ਜਾਂਦੀਆਂ ਹਨ ਤਾਂ ਜੋ ਉਹ ਵਧੀਆ ਬੈਂਡ ਹਾਸਲ ਕਰਕੇ ਆਪਣਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕਰ ਸਕਣ । ਸੰਸਥਾ ਵੱਲੋਂ ਪੀ ਟੀ ਈ ਦੀ ਕੋਚਿੰਗ ਵੀ ਦਿੱਤੀ ਜਾਂਦੀ ਹੈ ਅਤੇ ਇਥੇ ਸਟੱਡੀ ਵੀਜ਼ਾ, ਵਿਜ਼ਟਰ ਵੀਜ਼ਾ ਅਤੇ ਓਪਨ ਵਰਕ ਪਰਮਿਟ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ ।

ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਖਤਮ ਕਰਨ ਲਈ ਸੰਘਰਸ਼ ਜਾਰੀ ਰਹੇਗਾ : ਏ ਆਈ ਐੱਸ ਐੱਫ

ਪਟਿਆਲਾ (ਨਜ਼ਸ)—ਏਆਈਐੱਸਐੱਫ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਮੀਟਿੰਗ ਲਵਪ੍ਰੀਤ ਸਿੰਘ ਮਾਡੀਮੇਘਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਵਰਸਿਟੀ ਯੂਨਿਟ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਤੇ ਸਕੱਤਰ ਨੀਤੂ ਕੰਬੋਜ ਨੇ ਗੱਲਬਾਤ ਕਰਦਿਆਂ ਕਿਹਾ ਕਿ ਏਆਈਐੱਸਐੱਫ ਦੀ ਸੂਬਾ ਕਾਨਫਰੰਸ ਪਟਿਆਲਾ ਵਿੱਚ 2-3 ਸਤੰਬਰ ਨੂੰ ਕੀਤੀ ਜਾ ਰਹੀ ਹੈ। ਜਿਸ ਵਿਚ ਪੰਜਾਬ ਦੇ ਵੱਖ-ਵੱਖ ਥਾਵਾਂ ਤੋਂ ਵਿਦਿਆਰਥੀ ਸ਼ਾਮਿਲ ਹੋਣਗੇ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇਸ਼ ਦੇ ਹਲਾਤ ਬਹੁਤੇ ਚੰਗੇ ਨਹੀ। ਨੌਜਵਾਨ ਅਤੇ ਵਿਦਿਆਰਥੀ ਇਨ੍ਹਾਂ ਹਾਲਾਤ ਨੂੰ ਬਦਲਣ ਵਾਸਤੇ ਹਰ ਸਮੇਂ ਸੰਘਰਸ਼ ਦੇ ਮੈਦਾਨ ਵਿੱਚ ਹਨ। ਆਪਣੀ ਭਾਈਚਾਰਕ ਸਾਂਝ ਨੂੰ ਬਣਾ ਕੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮਨੁੱਖ ਦੀਆਂ ਬੁਨਿਆਦੀ ਸਹੂਲਤਾਂ ਨੂੰ ਪ੍ਰਾਪਤ ਕਰਨ ਲਈ ਸੰਘਰਸ਼ ਕਰ ਰਹੇ ਹਨ। ਕੌਮੀ ਸਿੱਖਿਆ ਨੀਤੀ 2020 ਸਾਡੇ ਵਿੱਦਿਆ ਦੇ ਬੁਨਿਆਦੀ ਢਾਂਚੇ ਨੂੰ ਬੁਰੀ ਤਰ੍ਹਾਂ ਤਬਾਹ ਕਰ ਰਹੀ ਹੈ। ਸੈਲਫ ਫਾਇਨਾਂਸ ਕੋਰਸਾਂ ਦੇ ਨਾਮ 'ਤੇ ਵਿਦਿਆਰਥੀਆਂ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ ਜਿਸ ਦਾ ਆਰਥਿਕ ਬੋਝ ਉਨ੍ਹਾਂ ਦੇ ਮਾਪਿਆਂ ਨੂੰ ਝਲਣਾ ਪੈਂਦਾ ਹੈ। ਹੋਣਾ ਤਾਂ ਇਹ ਚਾਹੀਦਾ ਹੈ ਕਿ ਵਿੱਦਿਆ ਪ੍ਰਧਾਨ ਕਰਨਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ। ਹਰ ਇੱਕ ਨੂੰ ਲਾਜ਼ਮੀ, ਵਿਗਿਆਨਿਕ ਅਤੇ ਮੁਫਤ ਵਿੱਦਿਆ ਦਾ ਪ੍ਰਬੰਧ ਹੋਵੇ। ਯੂਨਿਟ ਦੇ ਸੀਨੀਅਰ ਮੀਤ ਪ੍ਰਧਾਨ ਸੁਖਨ ਸਿੱਧੂ ਤ

10-Aug-PAGE- 3 qxd.qxd 8/9/2023 10:39 PM Page 1

ਤਨਖਾਹਾਂ ਨਾ ਮਿਲਣ 'ਤੇ ਜੰਗਲਾਤ ਵਿਭਾਗ ਦੇ ਕਾਮਿਆਂ ਵੱਲੋਂ ਰੋਸ ਧਰਨਾ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਬੀਤੇ ਤਿੰਨ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਜੰਗਲਾਤ ਵਰਕਰਜ਼ ਯੂਨੀਅਨ ਤਰਨ ਤਾਰਨ ਵਣ ਮੰਡਲ ਫਿਰੋਜ਼ਪੁਰ ਅਧੀਨ ਪੈਂਦੀ ਰੇਂਜ ਹਰੀਕੇ ਬਰਡ ਸੈਂਚੁਰੀ ਦੇ ਡੇਲੀਵੇਜ ਕਾਮਿਆਂ ਵੱਲੋਂ ਵਣ ਰੇਂਜ ਅਫਸਰ, ਜੰਗਲੀ ਜੀਵ ਰੇਂਜ ਦਫਤਰ ਹਰੀਕੇ ਵਿਖੇ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਹਰੀਕੇ ਬਰਡ ਸੈਂਚੁਰੀ ਯੂਨੀਅਨ ਦੇ ਪ੍ਰਧਾਨ ਕਰਮ ਸਿੰਘ ਵੱਲੋਂ ਦੱਸਿਆ ਗਿਆ ਕਿ ਇਹ ਧਰਨਾ ਤਾਂ ਦਿੱਤਾ ਜਾ ਰਿਹਾ ਹੈ ਕਿਉਂਕਿ ਪਿਛਲੇ ਤਿੰਨ ਮਹੀਨਿਆਂ ਦੀਆਂ ਤਨਖਾਹਾਂ ਨਾਲ ਮਿਲਣ ਕਾਰਨ ਜਥੇਬੰਦੀ ਵੱਲੋਂ ਫੈਸਲਾ ਕੀਤਾ ਗਿਆ ਸੀ ਕਿ 07 ਜੁਲਾਈ ਨੂੰ ਵਣ ਮੰਡਲ ਅਫਸਰ, ਜੰਗਲੀ ਜੀਵ ਮੰਡਲ, ਫਿਰੋਜ਼ਪੁਰ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ ਪ੍ਰੰਤੂ ਵਣ ਮੰਡਲ ਅਫਸਰ, ਜੰਗਲੀ ਜੀਵ ਮੈਡਲ, ਫਿਰੋਜ਼ਪੁਰ ਵੱਲੋਂ 28 ਜੁਲਾਈ ਨੂੰ 12 ਵਜੇ ਮੀਟਿੰਗ ਦਾ ਸਮਾਂ ਦਿੱਤਾ ਗਿਆ। ਧਰਨਾ ਮੁਲਤਵੀ ਕੀਤਾ ਗਿਆ। ਜੱਥੇਬੰਦੀ ਵੱਲੋਂ ਫਿਰ 28 ਜੁਲਾਈ ਨੂੰ ਵਣ ਮੰਡਲ ਅਫਸਰ, ਜੰਗਲੀ ਜੀਵ ਮੰਡਲ, ਫਿਰੋਜ਼ਪੁਰ ਜੀ ਨਾਲ ਵਣ ਰੇਂਜ ਦਫਤਰ ਹਰੀਕੇ ਵਿਖੇ ਮੀਟਿੰਗ ਕੀਤੀ ਗਈ।

ਉਨ੍ਹਾਂ ਵੱਲੋਂ ਜੱਥੇਬੰਦੀ ਨੂੰ ਮੀਟਿੰਗ ਵਿੱਚ ਇਹ ਭਰੋਸਾ ਦਿੱਤਾ ਕਿ 5 ਅਗਸਤ ਤੱਕ ਤੁਹਾਡੀਆਂ ਰਹਿੰਦੀਆਂ ਤਨਖਾਹਾਂ ਦੇ ਦਿੱਤੀਆਂ ਜਾਣਗੀਆਂ ਪ੍ਰੰਤੂ ਅੱਜ 8 ਅਗਸਤ ਤੱਕ ਤਨਖਾਹਾਂ ਨਹੀਂ ਦਿੱਤੀਆਂ ਗਈਆਂ ਜਿਸਦੇ ਰੋਸ ਵਜੋਂ ਸਮੂਹ ਜਥੇਬੰਦੀ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਰੇਂਜ ਦਫਤਰ ਹਰੀਕੇ ਵਿਖੇ ਅਣਮਿੱਥੇ ਸਮੇਂ ਦਾ ਧਰਨਾ ਦਿੱਤਾ ਜਾ ਰਿਹਾ ਹੈ। ਯੂਨੀਅਨ ਦੇ ਪ੍ਰਧਾਨ ਨੇ ਇਹ ਦੱਸਿਆ ਗਿਆ ਕਿ ਇਸ ਵੱਧਦੀ ਹੋਈ ਮਹਿੰਗਾਈ ਵਿੱਚ ਨਾਗੂਣੀਆਂ ਤਨਖਾਹਾਂ ਤੇ ਗੁਜ਼ਾਰਾ ਕਰਨ ਵਾਲੇ ਕੱਚੇ ਵਰਕਰਾਂ ਨੂੰ ਆਰਥਿਕ ਮੰਦੀ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਪ੍ਰੰਤੂ ਸਮੇਂ-ਸਮੇਂ ਤੇ ਸਰਕਾਰਾਂ ਵੱਲੋਂ ਉਨ੍ਹਾਂ ਨੂੰ ਲਾਰਿਆਂ ਚ ਹੀ ਰੱਖਿਆ ਜਾ ਰਿਹਾ ਹੈ। ਤਨਖਾਹਾਂ ਜੋ ਪਿਛਲੇ ਤਿੰਨ ਮਹੀਨਿਆਂ ਤੋਂ ਨਹੀਂ ਮਿਲੀਆਂ ਹਨ ਕਾਰਨ ਕਰਕੇ ਆਰਥਿਕ ਹਾਲਤ ਵੀ ਕਾਫੀ ਮਾੜੀ ਹੈ।

ਇਸੇ ਲਈ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਜੱਥੇਬੰਦੀ ਨੇ ਫੈਸਲੇ ਮੁਤਾਬਕ ਵਿਭਾਗ ਖਿਲਾਫ ਧਰਨਾ ਦਿੱਤਾ ਗਿਆ । ਇਸ ਧਰਨੇ ਦੀ ਸਮੁੱਚੀ ਜ਼ਿੰਮੇਵਾਰੀ ਵਿਭਾਗ ਦੀ ਹੋਵੇਗੀ। ਇਸ ਮੌਕੇ ਵੱਡੀ ਗਿਣਤੀ ਵਿਚ ਹਰੀਕੇ ਬਰਡ ਸੈਂਚੁਰੀ ਹਰੀਕੇ ਦੇ ਸਮੂਹ ਕੱਚੇ ਵਰਕਰਾਂ ਨੇ ਸ਼ਮੂਲੀਅਤ ਕੀਤੀ।

ਸਹਿਕਾਰੀ ਖੰਡ ਮਿੱਲਾਂ ਵੱਲੋਂ ਕਿਸਾਨਾਂ ਦੀ ਸਾਰੀ ਬਕਾਇਆ ਰਾਸ਼ੀ ਜਾਰੀ: ਡਿਪਟੀ ਕਮਿਸ਼ਨਰ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਰਕਾਰ ਵੱਲੋਂ ਗੰਨੇ ਦੀ ਪੀੜਾਈ ਦੀ ਸਾਰੀ ਬਕਾਇਆ ਰਾਸ਼ੀ ਕਿਸਾਨਾਂ ਨੂੰ ਅਦਾ ਕਰ ਦਿੱਤੀ ਗਈ ਹੈ ਅਤੇ ਹੁਣ ਸਹਿਕਾਰੀ ਖੰਡ ਮਿੱਲਾਂ ਦੀ ਕਿਸਾਨਾਂ ਵੱਲ ਕੋਈ ਦੇਣਦਾਰੀ ਬਕਾਇਆ ਨਹੀਂ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਬੀਤੇ ਪੀੜਾਈ ਸੀਜ਼ਨ ਦੌਰਾਨ ਸਹਿਕਾਰੀ ਖੰਡ ਮਿੱਲ ਪਨਿਆੜ ਵੱਲੋਂ 2548771 ਕੁਇੰਟਲ ਗੰਨੇ ਦੀ ਪੀੜਾਈ ਕੀਤੀ ਗਈ ਸੀ ਅਤੇ 9682.78 ਲੱਖ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਗਈ ਹੈ। ਇਸੇ ਤਰਾਂ ਹੀ ਸਹਿਕਾਰੀ ਖੰਡ ਮਿੱਲ ਬਟਾਲਾ ਵੱਲੋਂ 1971609 ਕੁਇੰਟਲ ਗੰਨੇ ਦੀ ਪੀੜਾਈ ਕਰਕੇ 7489.96 ਲੱਖ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਹਿਕਾਰੀ ਖੰਡ ਮਿੱਲਾਂ ਵੱਲੋਂ ਕਿਸਾਨਾਂ ਦੀ ਸਾਰੀ ਬਕਾਇਆ ਰਾਸ਼ੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪਾ ਦਿੱਤੀ ਗਈ ਹੈ ਅਤੇ ਹੁਣ ਕਿਸਾਨਾਂ ਦਾ ਸਹਿਕਾਰੀ ਖੰਡ ਮਿੱਲਾਂ ਵੱਲ ਕੋਈ ਬਕਾਇਆ ਨਹੀਂ ਰਿਹਾ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਗੇ ਦੱਸਿਆ ਕਿ ਸਹਿਕਾਰੀ ਖੰਡ ਮਿੱਲਾਂ ਦੇ ਨਾਲ ਪ੍ਰਾਈਵੇਟ ਖੰਡ ਮਿੱਲ ਕੀੜੀ ਅਫ਼ਗਾਨਾ, ਮੁਕੇਰੀਆਂ ਅਤੇ ਬੁੱਟਰ ਵੱਲੋਂ ਵੀ ਕਿਸਾਨਾਂ ਦੀ ਬਕਾਇਆ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਅਜੇ ਤੱਕ ਕਿਸੇ ਪ੍ਰਾਈਵੇਟ ਖੰਡ ਮਿੱਲ ਵੱਲੋਂ ਗੰਨੇ ਦੀ ਪੇਮੈਂਟ ਨਹੀਂ ਮਿਲੀ ਤਾਂ ਉਹ ਗੰਨਾ ਵਿਕਾਸ ਅਫ਼ਸਰ ਜਾਂ ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਨਾਲ ਸੰਪਰਕ ਕਰ ਸਕਦੇ ਹਨ। ਓਧਰ ਜ਼ਿਲ੍ਹੇ ਦੇ ਕਿਸਾਨਾਂ ਨੇ ਗੰਨੇ ਦੀ ਸਾਰੀ ਅਦਾਇਗੀ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਮੁੱਚੀ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਹੈ। ਕਿਸਾਨ ਦਿਲਬਾਗ ਸਿੰਘ ਚੀਮਾ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਖੰਡ ਮਿੱਲਾਂ ਵੱਲੋਂ ਏਨੀ ਜਲਦੀ ਕਿਸਾਨਾਂ ਦੀ ਸਾਰੀ ਪੈਮੇਂਟ ਜਾਰੀ ਕੀਤੀ ਗਈ ਹੋਵੇ। ਉਨ੍ਹਾਂ ਕਿਹਾ ਕਿ ਖੰਡ ਮਿੱਲਾਂ ਵੱਲੋਂ ਸਮੇਂ ਸਿਰ ਗੰਨੇ ਦੀ ਅਦਾਇਗੀ ਕਰਨ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਹੁਣ ਹੋਰ ਵੀ ਕਿਸਾਨ ਗੰਨੇ ਦੀ ਕਾਸ਼ਤ ਲਈ ਉਤਸ਼ਾਹਤ ਹੋਣਗੇ।

22 ਦੇ ਚੰਡੀਗੜ੍ਹ ਮੋਰਚੇ ਦੀ ਤਿਆਰੀ ਬਾਬਤ ਕਿਸਾਨ ਆਗੂਆਂ ਦੀ ਮੀਟਿੰਗ

ਭਖਦੇ ਕਿਸਾਨੀ ਮਸਲਿਆਂ 'ਤੇ ਕੀਤਾ ਅਹਿਮ ਵਿਚਾਰ-ਵਟਾਂਦਰਾ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਜ਼ੋਨ ਬਾਬਾ ਬੀਰ ਸਿੰਘ ਜੀ ਵਲੋਂ ਬਾਬਾ ਕਾਹਨ ਸਿੰਘ ਦੇ ਅਸਥਾਨ ਉਤੇ 22 ਅਗਸਤ ਦੇ ਚੰਡੀਗੜ੍ਹ ਦੇ ਮੋਰਚੇ ਦੀ ਤਿਆਰੀ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਨੋਚਾਹਲ, ਜ਼ਿਲ੍ਹਾ ਖਜਾਨਚੀ ਫਤਿਹ ਸਿੰਘ ਪਿੱਦੀ, ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਦੁਗਲਵਾਲਾ, ਜ਼ੋਨ ਸਕੱਤਰ ਬਲਜਿੰਦਰ ਸਿੰਘ ਸੋਰੋਂ ਨੇ ਕਿਹਾ ਪੰਜਾਬ ਭਰ ਵਿਚ ਆਏ ਹੜ੍ਹਾਂ ਵਿਚ ਪੰਜਾਬ ਭਰ ਦੇ 11 ਜ਼ਿਲਿਆਂ ਵਿਚ ਝੋਨੇ ਸਮੇਤ ਕਈ ਫਸਲਾਂ ਦਾ 100% ਨੁਕਸਾਨ ਹੋ ਚੁੱਕਾ ਹੈ, ਲੋਕਾਂ ਦੇ ਘਰਾਂ, ਮਾਲ ਡੰਗਰ ਤੇ ਵੱਡੀ ਪੱਧਰ ਤੇ ਜਾਨੀ ਤੇ ਮਾਲੀ ਨੁਕਸਾਨ ਹੋ ਚੁੱਕਾ ਹੈ ਪਰ ਆਪ ਸਰਕਾਰ ਲੋਕਾਂ ਦੇ ਮੁੜ ਵਸੇਬੇ ਲਈ ਅਜੇ ਤੱਕ 5% ਵੀ ਕੰਮ ਨਹੀਂ ਕੀਤਾ, ਫਸਲਾਂ ਦੀ ਗਿਰਦਾਵਰੀ ਤੇ ਕੋਈ ਵੀ ਪੈਸਾ ਨਹੀਂ ਮਿਲਿਆ। ਪਿਛਲੇ ਦਿਨੀਂ ਆਪ ਸਰਕਾਰ ਤੇ ਵਿਰੋਧੀ ਧਿਰ ਕਾਂਗਰਸ ਪਾਰਟੀ ਵਲੋਂ ਕਿਸਾਨੀ ਲਈ ਬਿਜਲੀ ਸਬਸਿਡੀ ਬੰਦ ਕਰਨ ਲਈ ਕੀਤੀ ਮੀਟਿੰਗ ਦੀ ਚਿੱਠੀ ਮੀਡੀਏ ਵਲੋਂ ਜਨਤਕ ਕਰਨ ਨਾਲ ਸਿਆਸੀ ਪਾਰਟੀਆਂ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋ ਚੁੱਕਾ ਹੈ, ਜੋ ਕਿਸਾਨੀ ਲਈ ਖਤਰੇ ਦੀ ਘੰਟੀ ਹੈ। ਪੰਜਾਬ ਵਿਚ 60 ਸਾਲਾਂ ਦੇ ਬਜ਼ੁਰਗਾਂ ਦੀਆਂ ਪੈਨਸ਼ਨਾਂ ਕੱਟੇ ਜਾਣ ਦਾ ਪੰਜਾਬ ਦੇ ਬੁਢਾਪੇ ਨੂੰ ਬੇਲੋੜੀਆ ਸ਼ਰਤਾਂ ਲਗਾ ਕੇ ਪੈਨਸ਼ਨਾਂ ਬੰਦ ਕੀਤੀਆਂ ਜਾ ਰਹੀਆਂ ਹਨ, ਕਿਸਾਨ ਨਿਧੀ ਯੋਜਨਾ ਤਹਿਤ ਪੰਜਾਬ ਭਰ ਦੇ 37% ਕਿਸਾਨਾਂ ਦੇ ਪੈਸੇ ਖਾਤਿਆਂ ਵਿਚ ਬੰਦ ਕੀਤੇ ਜਾ ਰਹੇ ਹਨ ਤੇ ਕਿਸਾਨਾਂ ਉੱਤੇ ਬੇਲੋੜੀ ਕਾਰਗੜੀ ਕਾਰਵਾਈ ਕੀਤੀ ਜਾ ਰਹੀ ਹੈ, ਬਾਸਮਤੀ ਦੀ ਫਸਲ ਦੀ ਬੰਪਰ ਪੈਦਾਵਾਰ ਹੋ ਰਹੀ ਤੇ ਇਸ ਵਾਰ ਪੰਜਾਬ ਦੇ ਵੱਡੇ ਰਕਬੇ ਵਿਚ ਬਾਸਮਤੀ ਕਾਸਤ ਕੀਤੀ ਹੋਈ ਹੈ ਪਰ ਵੱਡੇ ਦੇਸ਼ਾਂ ਵਲੋਂ ਬਾਸਮਤੀ ਦੇ ਸੌਦੇ ਕੈਂਸਲ ਕੀਤੇ ਜਾ ਰਹੇ ਹਨ, ਜਿਸ ਨਾਲ ਕਿਸਾਨੀ ਦਾ ਵੱਡਾ ਨੁਕਸਾਨ ਹੋਵੇਗਾ, ਕੇਂਦਰ ਸਰਕਾਰ ਤੇ ਸੂਬਾ ਸਰਕਾਰ ਇਸ ਤੇ ਚੁੱਪ ਹੈ, ਆਬਾਦਕਾਰਾਂ ਨੂੰ ਪੱਕੇ ਮਾਲਕੀ ਹੱਕਾਂ ਵਾਸਤੇ, ਮੱਕੀ ਤੇ ਮੂੰਗੀ ਤੇ 12 ਫਸਲਾਂ ਦੀ ਐਮਐਸਪੀ ਲੈਣ ਲਈ, ਪੀਪੇਡ ਮੀਟਰ ਲਗਾਉਣੇ ਬੰਦ ਕੀਤੇ ਜਾਣ ਤੇ ਦਿੱਲੀ ਵਿਚ ਕੇਂਦਰ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਲਈ 22 ਅਗਸਤ ਤੋਂ 6 ਰੋਜ਼ਾ ਮੋਰਚਾ ਸ਼ੁਰੂ ਕੀਤਾ ਜਾਵੇਗਾ।

ਇਸ ਮੌਕੇ ਨਿਰਮਲ ਸਿੰਘ ਪਿੱਦੀ, ਸਰਮੁੱਖ ਸਿੰਘ ਪਿੱਦੀ, ਗੁਰਭੇਜ ਸਿੰਘ ਸੋਰੋਂ ਬਚਿੱਤਰ ਸਿੰਘ, ਸਤਨਾਮ ਸਿੰਘ, ਬਲਜੀਤ ਸਿੰਘ ਵੇਗਮਪੁਰ, ਸੰਤੋਖ ਸਿੰਘ ਕਲੇਰ, ਤਰਸੇਮ ਸਿੰਘ ਦੁਗਲਵਾਲਾ, ਜਲਵਿੰਦਰ ਸਿੰਘ ਰੈਸੀਆਣਾ, ਕੁਲਵਿੰਦਰ ਨੌਰੰਗਾਬਾਦ, ਦਰਸ਼ਨ ਸਿੰਘ ਲਾਵਲਪੁਰ, ਬਲਵਿੰਦਰ ਸਿੰਘ ਸੰਘੇ, ਸੋਨਾ ਰਸੂਲਪੁਰ, ਗਿਆਨਦੀਪ ਸਿੰਘ ਬਾਗੜੀਆਂ, ਅਵਤਾਰ ਸਿੰਘ ਸਹਾਬਪੁਰ ਅਤੇ ਫੁੱਮਣ ਸਿੰਘ ਬਾਠ ਆਦਿ ਹਜ਼ਰ ਹਨ।

'ਤੀਆਂ ਲੋਕਤੰਤਰ ਦੀਆਂ' ਪ੍ਰੋਗਰਾਮ ਤਹਿਤ ਵੀਡੀਓ ਬਣਾ ਕੇ ਭੇਜਣ ਦਾ ਹਾਰਦਿਕ ਸੱਦਾ

ਬਟਾਲਾ, (ਡਾ. ਮਲਵਿੰਦਰ ਸਿੰਘ)-ਮੁੱਖ ਚੋਣ ਅਫਸਰ ਪੰਜਾਬ ਦੇ ਦਿਸ਼ਾਂ-ਨਿਰਦੇਸ਼ਾ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਤੀਆਂ ਲੋਕਤੰਤਰ ਦੀਆਂ ਪ੍ਰੋਗਰਾਮ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਾਰੀਆਂ ਪੰਜਾਬਣਾਂ ਨੂੰ ਲੋਕਤੰਤਰ ਨਾਲ ਸਬੰਧਤ ਬੋਲੀਆਂ ਪਾਂਉਦੇ ਹੋਏ ਵੀਡੀਓ ਬਣਾ ਕੇ ਭੇਜਣ ਦਾ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ। ਇਹ ਜਾਣਕਾਰੀ ਦਿੰਦਿਆਂ ਸੁਭਾਸ਼ ਚੰਦਰ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਮੁਕਾਬਲੇ ਵਿੱਚ ਜੇਤੂਆਂ ਨੂੰ ਨਕਦ ਇਨਾਮ ਦਿੱਤੇ ਜਾਣਗੇ ਜਿਸ ਵਿੱਚ ਪਹਿਲਾ ਇਨਾਮ 5000 ਰੁਪਏ, ਦੂਜਾ ਇਨਾਮ, 3000 ਰੁਪਏ ਅਤੇ ਤੀਜਾ ਇਨਾਮ 2000 ਰੁਪਏ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਹੈ ਕਿ ਮੁਕਾਬਲੇ ਵਿੱਚ ਹਿੱਸਾ ਲੈਂਣ ਲ਼ਈ ਆਖਰੀ ਮਿਤੀ 20 ਅਗਸਤ 2023 ਹੈ। ਕਾਸਟਿਊਮ ਪੰਜਾਬੀ ਗਿੱਧੇ ਦਾ ਲਿਬਾਸ ਅਤੇ ਗਹਿਣੇ ਸਮੇਤ ਹੋਵੇਗਾ। ਇਸ ਤੋਂ ਇਲਾਵਾ ਵੀਡੀਓ ਦਾ ਸਮਾਂ ਕੇਵਲ 2 ਮਿੰਟ ਦਾ ਹੋਵੇਗਾ। ਇਸ ਤੋਂ ਇਲਾਵਾ ਆਪਣੀਆਂ ਐਂਟਰੀਆਂ ਸਿੱਧੇ ਤੌਰ 'ਤੇ ਮੁੱਖ ਚੋਣ ਅਫਸਰ, ਪੰਜਾਬ ਨੂੰ ਈ ਮੇਲ ਰਾਹੀਂ . ਭੇਜੀਆਂ ਜਾਣ। ਵਧੇਰੇ ਜਾਣਕਾਰੀ ਲਈ ਮਨਪ੍ਰੀਤ ਅਨੇਜ 98723-16194 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਗੁਰਪੁਰਬ 'ਤੇ ਪਾਕਿ ਜਾਣ ਵਾਲੇ ਸ਼ਰਧਾਲੂ 10 ਸਤੰਬਰ ਤੱਕ ਪਾਸਪੋਰਟ ਜਮ੍ਹਾ ਕਰਵਾਉਣ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਖਾਲੜਾ ਮਿਸ਼ਨ ਕਮੇਟੀ ਵਲੋਂ ਨਵੰਬਰ ਮਹੀਨੇ 'ਚ ਪਾਕਿਸਤਾਨ ਜਾਣ ਵਾਲੇ ਜਥੇ ਦੇ ਲਈ ਸ਼ਰਧਾਲੂਆਂ ਕੋਲੋਂ ਪਾਸਪੋਰਟ ਮੰਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਝਬਾਲ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੇ ਸਬੰਧ ਵਿੱਚ ਪਾਕਿਸਤਾਨ ਜਾਣ ਵਾਲੇ ਸਿੱਖ ਸ਼ਰਧਾਲੂ 10 ਸਤੰਬਰ ਤੱਕ ਆਪਣੇ ਜਮ੍ਹਾ ਕਰਵਾਉਣ। ਉਨ੍ਹਾਂ ਕਿਹਾ ਕਿ ਜਥਾ 25 ਨਵੰਬਰ 2023 ਨੂੰ ਪਾਕਿਸਤਾਨ ਜਾਵੇਗਾ ਤੇ 27 ਨਵੰਬਰ 2023 ਨੂੰ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਮਨਾਉਣ ਉਪਰੰਤ ਪੰਜਾ ਸਾਹਿਬ, ਸੱਚਾ ਸੌਦਾ, ਰੋੜੀ ਸਾਹਿਬ, ਐਮਨਾਆਬਾਦ, ਕਰਤਾਰਪੁਰ ਸਾਹਿਬ ਤੇ ਲਾਹੌਰ ਦੇ ਦਰਸ਼ਨ ਕਰਕੇ 5 ਦਸੰਬਰ ਨੂੰ ਵਾਪਸ ਪਰਤੇਗਾ।

ਗੁਰਟੇਕ ਸਿੰਘ ਦੀਆਂ ਅਧਿਆਪਕ ਵਜੋਂ ਸੇਵਾਵਾਂ ਮਿਸਾਲੀ: ਪ੍ਰਿੰ. ਡਾ. ਕੌਸ਼ਲ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਿੱਖਿਆ ਦੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ, ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵੱਖ-ਵੱਖ ਗਤੀਵਿਧੀਆਂ ਰਾਹੀਂ ਆਪਣੇ ਕਿੱਤੇ ਪ੍ਰਤੀ ਹਮੇਸ਼ਾ ਸਮਰਪਿਤ ਰਹਿਣ ਵਾਲ਼ੇ ਕਰਮਯੋਗੀ ਅਧਿਆਪਕ ਗੁਰਟੇਕ ਸਿੰਘ ਜੋ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਬਤੌਰ ਆਰਟ ਐਂਡ ਕਰਾਫਟ ਟੀਚਰ ਕੰਮ ਕਰ ਰਹੇ ਹਨ, ਸਬੰਧੀ ਜਾਣਕਾਰੀ ਦਿੰਦੇ ਹੋਏ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਨੇ ਦੱਸਿਆ ਕਿ ਗੁਰਟੇਕ ਸਿੰਘ ਜੋ ਪਿਛਲੇ ਸੱਤ ਸਾਲਾਂ ਤੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਸੇਵਾਵਾਂ ਨਿਭਾ ਰਹੇ ਹਨ ਅਤੇ ਉਹ ਬਹੁਤ ਹੀ ਇਮਾਨਦਾਰ, ਮਿਹਨਤੀ ਅਧਿਆਪਕ ਹਨ ਜਿਨ੍ਹਾਂ ਨੇ ਹਮੇਸ਼ਾ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਲਈ ਪਹਿਲਕਦਮੀ ਨਾਲ ਕੰਮ ਕੀਤੇ ਹਨ ਅਤੇ ਸਕੂਲ ਵਿੱਚ ਪੜ੍ਹਦੇ ਗਰੀਬ ਬੱਚਿਆਂ ਦੀ ਵੀ ਹਮੇਸ਼ਾ ਉਹ ਮਦਦ ਕਰਦੇ ਹਨ ਅਤੇ ਸਕੂਲ ਵਿੱਚ ਅਨੇਕਾਂ ਚੀਜ਼ਾਂ ਉਨ੍ਹਾਂ ਦੁਆਰਾ ਕੀਤੀ ਗਈ ਦਾਨ ਰਾਸ਼ੀ ਨਾਲ ਬਣਾਈਆਂ ਗਈਆਂ ਹਨ। ਪ੍ਰਿੰਸੀਪਲ ਡਾ. ਕੌਸ਼ਲ ਨੇ ਬੋਲਦੇ ਹੋਏ ਕਿਹਾ ਕਿ ਗੁਰਟੇਕ ਸਿੰਘ ਆਪਣੇ ਕਿੱਤੇ ਪ੍ਰਤੀ ਪੂਰਨ ਤੌਰ 'ਤੇ ਸਮਰਪਿਤ ਹਨ। ਉਨ੍ਹਾਂ ਕੋਲੋਂ ਪੜ੍ਹਦੇ ਵਿਦਿਆਰਥੀਆਂ ਨੇ ਜ਼ਿਲੇ ਵਿਚੋਂ ਪੁਜ਼ੀਸ਼ਨਾਂ ਵੀ ਹਾਸਲ ਕੀਤੀਆਂ ਹਨ।

ਇੰਟਰ ਹਾਊਸ ਫੁੱਟਬਾਲ ਟੂਰਨਾਮੈਂਟ ਕਰਵਾਏ

**ਧਾਰੀਵਾਲ, (ਮਨਦੀਪ ਸਿੰਘ ਵਿ

10-Aug-PAGE-4.qxd 8/9/2023 10:46 PM Page 1

ਨਵਾਂ ਜ਼ਮਾਨਾ
ਵੀਰਵਾਰ, 10 ਅਗਸਤ 2023

ਨ.ਫ਼ਰਤ ਦੇ ਪੁਜਾਰੀ ਮੁਹੱਬਤ ਦੇ ਵੈਰੀ

ਕੱਲ੍ਹ 9 ਅਗਸਤ ਦਾ ਮਹੱਤਵਪੂਰਨ ਦਿਨ ਸੀ। ਮਹਾਤਮਾ ਗਾਂਧੀ ਨੇ ਇਸੇ ਦਿਨ 1942 ਨੂੰ ਅੰਗਰੇਜ਼ਾਂ ਵਿਰੁੱਧ 'ਭਾਰਤ ਛੋੜੋ' ਅੰਦੋਲਨ ਸ਼ੁਰੂ ਕੀਤਾ ਸੀ। ਮਹਾਤਮਾ ਗਾਂਧੀ ਦੇ ਸੱਦੇ ਉੱਤੇ ਸਾਰੇ ਦੇਸ਼ ਦੇ ਲੋਕ ਬਰਤਾਨਵੀ ਹਕੂਮਤ ਵਿਰੁੱਧ ਸੜਕਾਂ ਉੱਤੇ ਉੱਤਰ ਆਏ ਸਨ। ਇਹੋ ਅੰਦੋਲਨ ਹੀ ਅੰਗਰੇਜ਼ਾਂ ਨੂੰ ਭਾਰਤ ਛੱਡ ਦੇਣ ਲਈ ਮਜਬੂਰ ਕਰਨ ਦਾ ਅਹਿਮ ਪੜਾਅ ਬਣ ਗਿਆ ਸੀ। ਇਸੇ ਕਾਰਨ ਹਰ ਸਾਲ ਅਸੀਂ ਇਸ ਲੋਕ ਵਿਦਰੋਹ ਦੀ ਵਰ੍ਹੇਗੰਢ ਮਨਾਉਂਦੇ ਆ ਰਹੇ ਹਾਂ।

ਕੱਲ੍ਹ ਜਦੋਂ ਮਹਾਤਮਾ ਗਾਂਧੀ ਦੇ ਪੜਪੋਤੇ ਤੁਸ਼ਾਰ ਗਾਂਧੀ ਅਗਸਤ ਕਰਾਂਤੀ ਮੈਦਾਨ ਮੁੰਬਈ ਵਿੱਚ ਇਸ ਦਿਨ ਉੱਤੇ 'ਨਫਰਤੋ ਭਾਰਤ ਛੋੜੋ, ਮੁਹੱਬਤੋ ਦਿਲੋਂ ਕੋ ਜੋੜੋ' ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਘਰੋਂ ਨਿਕਲੇ ਤਾਂ ਪੁਲਸ ਉਨ੍ਹਾ ਨੂੰ ਗ੍ਰਿਫ਼ਤਾਰ ਕਰਕੇ ਥਾਣੇ ਲੈ ਗਈ। ਇਸ ਪ੍ਰੋਗਰਾਮ ਵਿੱਚ ਤੀਸਤਾ ਸੀਤਲਵਾੜ ਤੇ 99 ਸਾਲਾ ਸੁਤੰਤਰਤਾ ਸੈਨਾਨੀ ਜੀ ਜੀ ਪਾਰਿਖ ਨੇ ਵੀ ਹਿੱਸਾ ਲੈਣਾ ਸੀ। ਇਨ੍ਹਾਂ ਨੂੰ ਵੀ ਪ੍ਰੋਗਰਾਮ ਵਿੱਚ ਹਿੱਸਾ ਲੈਣੋਂ ਰੋਕ ਦਿੱਤਾ ਗਿਆ।

ਅਸਲ ਵਿੱਚ ਮੌਜੂਦਾ ਹਾਕਮਾਂ ਦੇ ਵਡੇਰੇ ਅਜ਼ਾਦੀ ਅੰਦੋਲਨ ਦੌਰਾਨ ਅੰਗਰੇਜ਼ਾਂ ਦੇ ਦੱਲੇ ਬਣੇ ਰਹੇ ਸਨ। ਭਾਜਪਾ ਦੀ ਪਹਿਲੀ ਸਿਆਸੀ ਜਮਾਤ ਜਨਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਅੰਗਰੇਜ਼ਾਂ ਨੂੰ ਖਤ ਲਿਖ ਕੇ 'ਭਾਰਤ ਛੋੜੋ' ਅੰਦੋਲਨ ਨੂੰ ਕੁਚਲ ਦੇਣ ਲਈ ਕਿਹਾ ਸੀ। ਬੰਗਾਲ ਦੇ ਅੰਗਰੇਜ਼ ਗਵਰਨਰ ਨੂੰ ਲਿਖੇ ਖਤ ਵਿੱਚ ਸ਼ਿਆਮਾ ਪ੍ਰਸਾਦ ਮੁਖਰਜੀ ਨੇ ਲਿਖਿਆ ਸੀ ਕਿ ਉਹ ਅੰਗਰੇਜ਼ੀ ਹਕੂਮਤ ਦੇ ਨਾਲ ਹਨ। 'ਸ਼ਿਆਮਾ ਪ੍ਰਸਾਦ ਮੁਖਰਜੀ ਫਰਾਮ ਏ ਡਾਇਰੀ, ਆਕਸਫੋਰਡ ਯੂਨੀਵਰਸਿਟੀ' ਮੁਤਾਬਕ ਮੁਖਰਜੀ ਨੇ ਬੰਗਾਲ ਵਿੱਚ 'ਭਾਰਤ ਛੋੜੋ' ਅੰਦੋਲਨ ਦਾ ਵਿਰੋਧ ਕੀਤਾ ਸੀ ਤੇ ਉਸ ਨੂੰ ਕੁਚਲਣ ਲਈ ਬਰਤਾਨਵੀ ਗਵਰਨਰ ਜਾਨ ਹਰਬਾਰਟ ਨੂੰ ਖਤ ਲਿਖਿਆ ਸੀ। 'ਜਨਸੱਤਾ' ਦੀ ਰਿਪੋਰਟ ਮੁਤਾਬਕ ਏ ਜੀ ਨੂਰਾਨੀ ਦੀ ਕਿਤਾਬ ਵਿੱਚ ਵੀ ਇਸ ਦਾ ਜ਼ਿਕਰ ਹੈ। ਸ਼ਿਆਮਾ ਪ੍ਰਸਾਦ ਮੁਖਰਜੀ ਨੇ ਜਦੋਂ ਇਹ ਖਤ ਲਿਖਿਆ, ਉਸ ਸਮੇਂ ਉਹ ਬੰਗਾਲ ਦੀ ਮੁਸਲਿਮ ਲੀਗ ਤੇ ਹਿੰਦੂ ਮਹਾਂ ਸਭਾ ਦੀ ਸਾਂਝੀ ਸਰਕਾਰ ਵਿੱਚ ਵਿੱਤ ਮੰਤਰੀ ਸਨ। ਮੁਖਰਜੀ ਨੇ ਆਪਣੇ ਖਤ ਵਿੱਚ ਲਿਖਿਆ ਸੀ, "ਮੈਂ ਕਾਂਗਰਸ ਵੱਲੋਂ ਵੱਡੇ ਪੱਧਰ ਉੱਤੇ ਛੇੜੇ ਗਏ ਅੰਦੋਲਨ ਕਾਰਨ ਸੂਬੇ ਵਿੱਚ ਜੋ ਹਾਲਾਤ ਬਣ ਗਏ ਹਨ, ਉਨ੍ਹਾਂ ਵੱਲ ਧਿਆਨ ਦਿਵਾਉਣਾ ਚਾਹੁੰਦਾ ਹਾਂ।" ਉਨ੍ਹਾ ਅੱਗੇ ਲਿਖਿਆ, "ਕਿਸੇ ਵੀ ਸਰਕਾਰ ਨੂੰ ਅਜਿਹੇ ਲੋਕਾਂ ਨੂੰ ਕੁਚਲ ਦੇਣਾ ਚਾਹੀਦਾ ਹੈ, ਜਿਹੜੇ ਯੁੱਧ ਸਮੇਂ ਲੋਕਾਂ ਦੀਆਂ ਭਾਵਨਾਵਾਂ ਨੂੰ ਭੜਕਾਉਣ ਦਾ ਕੰਮ ਕਰ ਰਹੇ ਹੋਣ, ਜਿਸ ਰਾਹੀਂ ਗੜਬੜ ਜਾਂ ਅੰਦਰੂਨੀ ਅਸੁਰੱਖਿਆ ਦੀ ਸਥਿਤੀ ਪੈਦਾ ਹੁੰਦੀ ਹੋਵੇ।"

ਅੱਜ ਦੇਸ਼ ਵਿੱਚ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਚੇਲੇ ਹੀ ਰਾਜ ਕਰ ਰਹੇ ਹਨ। ਇਸੇ ਲਈ ਉਹ ਉਸ ਦੇ ਪੈਰ ਚਿੰਨ੍ਹਾਂ ਉੱਤੇ ਚਲਦਿਆਂ ਇਸ ਦਿਨ ਉੱਤੇ ਮਨਾਏ ਜਾ ਰਹੇ ਪ੍ਰੋਗਰਾਮ ਨੂੰ ਕਿਵੇਂ ਬਰਦਾਸ਼ਤ ਕਰ ਸਕਦੇ ਹਨ। ਨ.ਫ਼ਰਤ ਦੀ ਅੱਗ ਭੜਕਾਉਣ ਵਾਲੇ ਲੋਕ ਮੁਹੱਬਤ ਦੀ ਗੱਲ ਨੂੰ ਕਿਵੇਂ ਸਹਿਣ ਕਰ ਸਕਦੇ ਹਨ।

ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਤੁਸ਼ਾਰ ਗਾਂਧੀ ਨੇ ਟਵੀਟ ਕੀਤਾ, "ਸਾਡੀ ਸ਼ਾਂਤੀ ਤੇ ਅਹਿੰਸਾ ਤੋਂ ਇਹ ਭਰੌਂਝੀ ਸਰਕਾਰ ਡਰਦੀ ਕਿਉਂ ਹੈ? ਮੈਨੂੰ ਮਾਣ ਹੈ ਕਿ ਮੇਰੇ ਪੜਦਾਦੇ ਤੇ ਦਾਦੇ ਨੂੰ ਵੀ ਇਸੇ ਇਤਿਹਾਸਕ ਦਿਨ ਅੰਗਰੇਜ਼ੀ ਪੁਲਸ ਨੇ ਗ੍ਰਿਫ਼ਤਾਰ ਕੀਤਾ ਸੀ।" ਪ੍ਰੋਗਰਾਮ ਦੇ ਅਯੋਜਕਾਂ ਨੇ ਭਾਜਪਾ ਸਮੱਰਥਤ ਸ਼ਿੰਦੇ ਸਰਕਾਰ ਵੱਲੋਂ ਪ੍ਰੋਗਰਾਮ ਨੂੰ ਰੋਕਣ ਲਈ ਲਾਈਆਂ ਗਈਆਂ ਰੋਕਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਭਾਜਪਾ ਸਮੱਰਥਤ ਸ਼ਿੰਦੇ ਸਰਕਾਰ ਦੀ ਇਸ ਲਈ ਵੀ ਨਿਖੇਧੀ ਕੀਤੀ ਹੈ ਕਿ ਉਸ ਵੱਲੋਂ ਜਾਰੀ ਇਸ਼ਤਿਹਾਰ ਵਿੱਚ ਭਾਰਤ ਛੋੜੋ ਅੰਦੋਲਨ ਤੱਕ ਦਾ ਜ਼ਿਕਰ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਪੱਸ਼ਟ ਹੈ ਕਿ ਭਾਜਪਾ ਤੇ ਆਰ ਐੱਸ ਐੱਸ ਸਾਡੇ ਅਜ਼ਾਦੀ ਸੰਗਰਾਮ ਦੇ ਇਤਿਹਾਸ ਨੂੰ ਤੋੜਨ-ਮਰੋੜਨ ਲਈ ਬੇਸ਼ਰਮੀ ਦੀ ਹੱਦ ਤੱਕ ਕੋਸ਼ਿਸ਼ਾਂ ਕਰ ਰਹੇ ਹਨ।

ਅੰਕੜਿਆਂ ਦੀ ਜਾਦੂਗਰੀ ਦਰਮਿਆਨ ਸਿਆਸੀ ਖੇਡ

ਗੁਰਮੀਤ ਸਿੰਘ ਪਲਾਹੀ

ਸਰਕਾਰ-ਏ-ਹਿੰਦ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਦੇਸ਼ ਦੀ ਜੀ ਡੀ ਪੀ ਸਾਲ 2023 'ਚ 3737 ਅਰਬ ਡਾਲਰ ਦੀ ਹੋ ਗਈ ਹੈ, ਜਿਸ ਨੂੰ ਗਤੀ ਦੇਣ ਦੀ ਸ਼ੁਰੂਆਤ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀ ਸਰਕਾਰ ਵੇਲੇ ਹੋਈ, ਜੋ 2004 ਤੋਂ 2014 ਤੱਕ 722 ਅਰਬ ਡਾਲਰ ਤੋਂ ਵਧ ਕੇ 2039 ਅਰਬ ਡਾਲਰ ਦੀ ਹੋ ਗਈ ਸੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਖਦੇ ਹਨ ਕਿ ਉਹਨਾ ਦੇ ਤੀਜੇ ਕਾਰਜਕਾਲ ਦੌਰਾਨ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ ਵਿਵਸਥਾ ਬਣ ਜਾਏਗਾ।

ਇਹ ਅਨੁਮਾਨ ਹੀ ਹੈ ਕਿ ਅਗਲੇ ਚਾਰ ਸਾਲਾਂ 'ਚ ਜੀ ਡੀ ਪੀ 38 ਫੀਸਦੀ ਵਧੇਗੀ ਤੇ ਭਾਰਤ ਦੁਨੀਆ ਦੀ ਤੀਜੀ ਅਰਥ ਵਿਵਸਥਾ ਬਣ ਜਾਏਗਾ, ਪਰ ਕੀ ਜੀ.ਡੀ.ਪੀ. ਦੇ ਅਕਾਰ ਨਾਲ ਦੇਸ਼ ਦੀ ਅਸਲੀ ਤਸਵੀਰ ਜ਼ਾਹਿਰ ਹੁੰਦੀ ਹੈ? ਬਿਲਕੁਲ ਨਹੀਂ। ਅਸਲੀ ਤਸਵੀਰ ਤਾਂ ਪ੍ਰਤੀ ਵਿਅਕਤੀ ਆਮਦਨ ਨਾਲ ਜ਼ਾਹਰ ਹੁੰਦੀ ਹੈ, ਜਿਸ 'ਚ ਭਾਰਤ ਸਿਖਰਲੇ 10 ਦੇਸ਼ਾਂ 'ਚ ਵੀ ਨਹੀਂ ਹੈ। ਅਮਰੀਕਾ ਦੀ ਜੀ ਡੀ ਪੀ ਪ੍ਰਤੀ ਵਿਅਕਤੀ 80.03 ਡਾਲਰ, ਚੀਨ ਦੀ 13.72 ਡਾਲਰ, ਬ੍ਰਾਜ਼ੀਲ 9.67 ਡਾਲਰ ਅਤੇ ਭਾਰਤ ਦੀ ਜੀ ਡੀ ਪੀ ਪ੍ਰਤੀ ਵਿਅਕਤੀ 2.6 ਡਾਲਰ ਹੈ।

ਦੇਸ਼ 'ਚ ਆਮ ਆਦਮੀ ਕੀ ਕਮਾ ਰਿਹਾ ਹੈ? ਇਸ ਵੇਲੇ ਦੇਸ਼ ਦੇ ਆਮ ਆਦਮੀ ਦੀ ਪ੍ਰਤੀ ਜੀਅ ਪ੍ਰਤੀ ਦਿਨ ਔਸਤ ਆਮਦਨ ਨਿਗੂਣੀ ਭਾਵ 2.6 ਡਾਲਰ ਹੈ। ਇਸ ਆਮਦਨ ਵਿੱਚ ਉਹ ਕਿਵੇਂ ਗੁਜ਼ਾਰਾ ਕਰਦਾ ਹੈ ਤੇ ਉਸ ਦੀ ਬੱਚਤ ਕਿੰਨੀ ਹੈ, ਇਸ ਗੱਲ ਦਾ ਅੰਦਾਜ਼ਾ ਤਾਂ ਸਹਿਜੇ ਹੀ ਲਗਾਇਆ ਜਾ ਸਕਦਾ ਹੈ, ਪਰ ਕੇਂਦਰ ਸਰਕਾਰ ਨੇ ਆਮ ਆਦਮੀ ਲਈ ਹਵਾਈ ਕਿਲ੍ਹੇ ਉਸਾਰਦਿਆਂ ਪ੍ਰਧਾਨ ਮੰਤਰੀ ਜਨ ਧਨ ਯੋਜਨਾ 28 ਅਗਸਤ 2014 'ਚ ਸ਼ੁਰੂ ਕੀਤੀ ਸੀ। ਇਸ ਯੋਜਨਾ ਤਹਿਤ ਹੁਣ ਤੱਕ 49.63 ਕਰੋੜ ਜ਼ੀਰੋ ਖਾਤੇ ਖੋਲ੍ਹੇ ਗਏ। ਇਹਨਾਂ ਖਾਤਿਆਂ ਵਿੱਚ ਲੱਗਭੱਗ ਦੋ ਲੱਖ ਕਰੋੜ ਰੁਪਏ ਜਮ੍ਹਾਂ ਹਨ, ਪਰ ਪਿਛਲੇ ਸਾਲ ਦੀ ਰਿਪੋਰਟ ਅਨੁਸਾਰ 20 ਫੀਸਦੀ ਖਾਤਿਆਂ 'ਚ ਕੋਈ ਲੈਣ-ਦੇਣ ਨਹੀਂ ਹੋਇਆ, ਭਾਵ 10.36 ਕਰੋੜ ਖਾਤਿਆਂ 'ਚ ਨਾ ਕੋਈ ਪੈਸਾ ਜਮ੍ਹਾਂ ਹੋਇਆ, ਨਾ ਕਢਾਇਆ ਗਿਆ। ਹੈਰਾਨੀ ਦੀ ਗੱਲ ਤਾਂ ਇਹ ਕਿ ਇਹਨਾ ਬੈਂਕ ਖਾਤਾ ਧਾਰਕਾਂ ਨੂੰ ਇੱਕ ਲੱਖ ਤੱਕ ਦੁਰਘਟਨਾ ਬੀਮਾ ਦੀ ਸੁਵਿਧਾ ਹੈ ਅਤੇ ਇਹਨਾਂ 49.63 ਕਰੋੜ ਖਾਤਾ ਧਾਰਕਾਂ ਵਿਚੋਂ ਚਾਰ ਸਾਲਾਂ 'ਚ ਸਿਰਫ 2416 ਧਾਰਕਾਂ ਨੂੰ ਬੀਮਾ ਰਾਸ਼ੀ ਦਿੱਤੀ ਗਈ।

ਆਖ਼ਰ ਇਸ ਯੋਜਨਾ ਦਾ ਆਮ ਆਦਮੀ ਨੂੰ ਕੀ ਲਾਭ ਹੋਇਆ? ਉਲਟਾ ਉਹਨਾਂ ਦੀ ਵੱਡੀ ਰਾਸ਼ੀ ਬੈਂਕ ਖਾਤਿਆਂ ਵਿੱਚ ਜਾਮ ਕਰ ਦਿੱਤੀ ਗਈ। ਸਰਕਾਰ ਨੇ ਗਰੀਬਾਂ ਦੀ ਨਿਗੂਣੀ ਬੱਚਤ ਉਤੋਂ ਵੀ ਬੈਂਕਾਂ ਰਾਹੀਂ ਕਮਾਈ ਕੀਤੀ ਹੈ। ਕੀ ਇਹ ਅੰਕੜਿਆਂ ਦਰਮਿਆਨ ਸਿਆਸੀ ਖੇਡ ਨਹੀਂ?

ਕੇਂਦਰ ਵੱਲੋਂ ਕਿਸਾਨ ਨਿਧੀ ਯੋਜਨਾ ਚਲਦੀ ਹੈ, ਜਿਸ ਤਹਿਤ ਕਿਸਾਨਾਂ ਨੂੰ ਤਿੰਨ ਕਿਸ਼ਤਾਂ 'ਚ 6000 ਰੁਪਏ ਸਾਲਾਨਾ ਸਹਾਇਤਾ ਦਿੱਤੀ ਜਾਂਦੀ ਹੈ। ਚਲੋ, ਗੱਲ ਪੰਜਾਬ ਦੀ ਕਰ ਲੈਂਦੇ ਹਾਂ, ਇਸ ਦੇ ਅੰਕੜਿਆਂ ਦੀ ਸਮੀਖਿਆ ਕਰ ਲੈਂਦੇ ਹਾਂ। ਦਸੰਬਰ 2019 ਤੋਂ ਮਾਰਚ 2020 ਤੱਕ ਇਸ ਸਕੀਮ ਅਧੀਨ ਲਾਭਪਾਤਰੀਆਂ ਦੀ ਗਿਣਤੀ ਇੱਕ ਛਪੀ ਰਿਪੋਰਟ ਅਨੁਸਾਰ 23, 01,313 ਸੀ, ਜੋ ਅਪ੍ਰੈਲ-ਜੁਲਾਈ 2023 'ਚ ਘਟ ਕੇ 8,53,900 ਰਹਿ ਗਈ ਹੈ। ਭਾਵ ਤਿੰਨ ਵਰ੍ਹਿਆਂ 'ਚ ਕੇਂਦਰੀ ਸਕੀਮ ਵਿੱਚ ਕਿਸਾਨ ਲਾਭਪਾਤਰੀਆਂ ਦੀ ਗਿਣਤੀ 'ਚ ਪੰਜਾਬ 'ਚ 63 ਫੀਸਦੀ ਕਮੀ ਆ ਗਈ ਹੈ। ਸਕੀਮ ਤਹਿਤ 13ਵੀਂ ਅਤੇ 14ਵੀਂ ਕਿਸ਼ਤ ਜਾਰੀ ਹੋਈ ਹੈ ਅਤੇ ਇਸ ਕਮੀ ਦਾ ਦੋਸ਼ ਕਿਸਾਨਾਂ ਉਤੇ ਥੱਪਿਆ ਜਾ ਰਿਹਾ ਹੈ ਕਿ ਉਹਨਾਂ ਵੱਲੋਂ ਬੈਂਕ ਖਾਤਿਆਂ 'ਚ ਲੋੜੀਂਦੇ ਦਸਤਾਵੇਜ਼ ਅਪਲੋਡ ਨਹੀਂ ਕੀਤੇ ਗਏ।

ਕੀ ਪੰਜਾਬ ਦੇ ਕਿਸਾਨਾਂ ਨੂੰ ਸਕੀਮ ਵਿਚੋਂ ਆਊਟ ਕਰਕੇ ਖੇਤੀ ਕਾਨੂੰਨਾਂ 'ਚ ਸਰਕਾਰ ਨੂੰ ਹੋਈ ਹਾਰ ਦਾ ਬਦਲਾ ਤਾਂ ਨਹੀਂ ਕੇਂਦਰ ਸਰਕਾਰ ਲੈ ਰਹੀ? ਇਸ ਸਕੀਮ ਸਬੰਧੀ ਦੇਸ਼ ਭਰ 'ਚ ਦੱਸਣ ਲਈ ਅੰਕੜੇ ਤਾਂ ਹੋਰ ਹਨ, ਪਰ ਜ਼ਮੀਨੀ ਪੱਧਰ 'ਤੇ ਕਿਸਾਨਾਂ ਤੱਕ ਪਹੁੰਚਦੀਆਂ ਸਹੂਲਤਾਂ ਦੀ ਦਰ ਕੁਝ ਹੋਰ ਹੀ ਕਹਿੰਦੀ ਹੈ। ਇਹੋ ਹਾਲ ਪੇਂਡੂ ਸਕੀਮ ਮਗਨਰੇਗਾ ਦਾ ਹੈ।

ਬਿਨਾਂ ਸ਼ੱਕ ਕਿਸਾਨਾਂ ਦੀ ਦੇਸ਼ 'ਚ ਵਿੱਤੀ ਹਾਲਤ ਠੀਕ ਨਹੀਂ ਹੈ, ਬਹੁਤੇ ਕਿਸਾਨ ਪਿੰਡਾਂ 'ਚ ਵਸਦੇ ਹਨ ਅਤੇ ਪਿੰਡਾਂ ਦੇ ਵਿਕਾਸ ਦੀਆਂ ਗੱਲਾਂ ਆਜ਼ਾਦੀ ਤੋਂ ਬਾਅਦ ਲਗਾਤਾਰ ਹੁੰਦੀਆਂ ਹਨ ਅਤੇ ਹੋ ਰਹੀਆਂ ਹਨ, ਪਰ ਪਿੰਡਾਂ 'ਚ ਲੋੜੀਂਦੀਆਂ ਸਿਹਤ, ਸਿੱਖਿਆ ਅਤੇ ਬੁਨਿਆਦੀ ਸਹੂਲਤਾਂ ਦੀ ਵੱਡੀ ਕਮੀ ਹੈ, ਜਿਸ ਨੂੰ ਅੰਕੜਿਆਂ ਨਾਲ ਢਕਣ ਦਾ ਯਤਨ ਹੁੰਦਾ ਹੈ।

ਅੱਜ ਜਦੋਂ ਅਸੀਂ ਵਿਸ਼ਵ ਗੁਰੂ ਬਣਨ ਦਾ ਦਾਅਵਾ ਕਰਦੇ ਹਾਂ, ਤਾਂ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਸਿਰਫ ਅੰਕੜਿਆਂ ਦੇ ਅਧਾਰ ਉਤੇ ਵਿਸ਼ਵ ਪੱਧਰੀ ਦਾਅਵੇ ਤਲਖ ਹਕੀਕਤਾਂ ਦੇ ਮੱਦੇਨਜ਼ਰ ਕਿਸ ਅਧਾਰ 'ਤੇ ਕਰਦੇ ਹਾਂ। ਕੀ ਸਿਰਫ ਅੰਕੜੇ ਲੋਕਾਂ ਦਾ ਢਿੱਡ ਭਰ ਸਕਦੇ ਹਨ? ਕੀ ਸਿਰਫ 'ਦੋ ਕਰੋੜੀ' ਹਰ ਸਾਲ ਨੌਕਰੀਆਂ ਦੇਣ ਦੇ ਦਾਅਵੇ ਸਾਡੀ ਵਿਸ਼ਵ ਪੱਧਰੀ ਸਾਖ ਬਣਾ ਸਕਦੇ ਹਨ, ਜੋ ਵਿਕਾਸ ਦੇ ਵੱਡੇ ਦਾਅਵਿਆਂ, ਦੇਸ਼ 'ਚ ਨਫਰਤੀ ਰਾਜਨੀਤੀ ਕਾਰਨ ਖੇਰੂੰ-ਖੇਰੂੰ ਹੋ ਰਹੀ ਹੈ।

ਭਾਰਤ ਦੇ 14ਵੇਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਦੇਸ਼ ਨੂੰ ਵਿਸ਼ਵ ਪੱਧਰੀ ਪਹੁੰਚਾਉਣ ਲਈ ਆਰਥਕ ਵਿਕਾਸ, ਸਮਾਜਕ ਕਲਿਆਣ ਅਤੇ ਸਮਾਜਿਕ ਯੋਜਨਾਵਾਂ ਵਿਚੋਂ 9 ਪ੍ਰਮੁੱਖ ਯੋਜਨਾਵਾਂ ਨੂੰ ਪਹਿਲ ਦੇ ਰਹੇ ਹਨ, ਇਹਨਾਂ 'ਚ ਮੇਕ ਇਨ ਇੰਡੀਆ, ਸਟਾਰਟ ਅੱਪ ਇੰਡੀਆ, ਡਿਜੀਟਲ ਇੰਡੀਆ, ਸਮਾਰਟ ਸਿਟੀ ਮਿਸ਼ਨ, ਪ੍ਰਧਾਨ ਮੰਤਰੀ ਮੁਦਰਾ ਯੋਜਨਾ, ਬੰਦੇ ਭਾਰਤ ਮਿਸ਼ਨ, ਸਕਿੱਲ ਇੰਡੀਆ, ਪ੍ਰਧਾਨ ਮੰਤਰੀ ਅਵਾਸ ਯੋਜਨਾ ਸ਼ਾਮਲ ਹਨ।

ਕੀ ਦੇਸ਼ 'ਚ 2015 'ਚ ਲਾਂਚ ਕੀਤੇ 100 ਸਮਾਰਟ ਸ਼ਹਿਰਾਂ ਦਾ ਵਿਕਾਸ ਹੋਇਆ, ਜਿਸ ਅਧੀਨ ਸਸਤੇ ਘਰ ਦੇਣ ਦੀ ਯੋਜਨਾ ਸ਼ਾਮਲ ਸੀ। ਕੀ ਸ਼ਹਿਰਾਂ 'ਚ ਝੁੱਗੀ, ਝੌਂਪੜੀ ਵਾਲਿਆਂ ਦੀ ਗਿਣਤੀ 'ਚ ਵਾਧਾ ਨਹੀਂ ਹੋਇਆ? ਕੀ ਜਨ-ਧਨ ਯੋਜਨਾ ਨਾਲ ਗਰੀਬੀ ਘਟੀ? ਕਿੰਨੇ ਕੁ ਨੌਜਵਾਨ ਸਕਿੱਲ ਇੰਡੀਆ ਅਧੀਨ ਸਿਕਸ਼ਿਤ ਕੀਤੇ ਗਏ? ਕੀ ਅਵਾਸ ਯੋਜਨਾ ਅਧੀਨ ਗਰੀਬ ਲੋਕ ਘਰਾਂ ਦਾ ਲਾਹਾ ਲੈ ਸਕੇ। ਡਿਜੀਟਲ ਇੰਡੀਆ ਦਾ ਲਾਭ ਆਮ ਲੋਕ ਕਿਥੋਂ ਤੱਕ ਲੈ ਸਕੇ ਹਨ। ਇਸ ਸਹੂਲਤ ਦੀ ਪਿੰਡਾਂ 'ਚ ਅਣਹੋਂਦ ਕਾਰਨ ਕਿਸਾਨ ਅਤੇ ਹੋਰ ਲੋਕ ਸਬਸਿਡੀਆਂ ਅਤੇ ਸਹਾਇਤਾ ਤੱਕ ਗੁਆ ਰਹੇ ਹਨ।

ਭਾਰਤ ਦੇ 2022 ਦੇ ਬਜਟ ਅਨੁਸਾਰ 740 ਕੇਂਦਰੀ ਸੈਕਟਰ ਸਕੀਮਾਂ ਅਤੇ 65 ਕੇਂਦਰੀ ਆਸ਼ਰਿਤ ਸਕੀਮਾਂ ਦੇਸ਼ ਭਰ 'ਚ ਲਾਗੂ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਅਰਬਾਂ ਰੁਪਏ ਇਹਨਾਂ ਸਕੀਮਾਂ ਲਈ ਵੰਡੇ ਜਾਂਦੇ ਹਨ। ਪਰ ਇਹ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹਨ, ਇਹ ਉਹਨਾਂ ਲੋਕਾਂ ਦੇ ਲਾਗੇ-ਚਾਗੇ ਵੀ ਨਹੀਂ ਪਹੁੰਚਦੇ, ਜਿਹੜੇ ਇਹਨਾਂ ਸਕੀਮਾਂ 'ਚ ਲਾਭਪਾਤਰੀ ਹੋ ਸਕਦੇ ਹਨ, ਕਿਉਂਕਿ ਉਹ ਅਨਪੜ੍ਹ ਹਨ, ਉਹਨਾਂ ਕੋਲ ਆਧਾਰ ਕਾਰਡ ਨਹੀਂ, ਉਹਨਾਂ ਕੋਲ ਇਹ ਸੁਵਿਧਾਵਾਂ ਤੱਕ ਪਹੁੰਚਣ ਲਈ ਸਾਧਨ ਨਹੀਂ।

ਅੰਕੜਿਆਂ ਦੀ ਇੱਕ ਖੇਡ ਹੋਰ ਵੀ ਨਿਰਾਲੀ ਹੈ। ਕਿਹਾ ਜਾ ਰਿਹਾ ਹੈ ਕਿ ਦੇਸ਼ 'ਚ 2015-16 ਜੋ 24.85 ਫੀਸਦੀ ਆਬਾਦੀ ਗਰੀਬ ਸੀ, ਉਹ ਘਟ ਕੇ 2019-21 'ਚ 14.96 ਰਹਿ ਗਈ ਭਾਵ 9.89 ਫੀਸਦੀ ਘਟ ਗਈ, ਪਰ ਕੀ ਸੱਚਮੁੱਚ ਗਰੀਬੀ ਘਟੀ ਹੈ? ਜੇਕਰ ਗਰੀਬੀ ਘਟੀ ਹੈ ਤਾਂ ਪ੍ਰਧਾਨ ਮੰਤਰੀ ਕਲਿਆਣ ਅੰਨ ਯੋਜਨਾ 'ਚ 80 ਕਰੋੜ ਲੋਕਾਂ ਨੂੰ ਭੋਜਨ ਮੁਫ਼ਤ ਕਿਉਂ ਦਿੱਤਾ ਜਾ ਰਿਹਾ ਹੈ? ਅਸਲ 'ਚ ਤਾਂ ਗਰੀਬ-ਅਮੀਰ ਦਾ ਪਾੜਾ ਵਧਿਆ ਹੈ ਅਤੇ ਕੋਰੋਨਾ ਕਾਲ 'ਚ ਤਾਂ ਕਾਰਪੋਰੇਟਾਂ ਨੇ ਆਪਣੀ ਪਕੜ ਭਾਰਤੀ ਬਜ਼ਾਰ ਕਾਰੋਬਾਰ ਉਤੇ ਪੀਡੀ ਕੀਤੀ, ਸਰਕਾਰ ਨੇ ਨਿੱਜੀਕਰਨ ਪਾਲਿਸੀਆਂ ਦੀ ਖੁੱਲ੍ਹ ਦਿੱਤੀ ਅਤੇ ਗਰੀਬ ਇਸ ਵੱਡੀ ਗਰੀਬੀ ਚੱਕੀ 'ਚ ਪੀਸੇ ਗਏ।

ਅੰਕੜਿਆਂ ਦੀ ਇੱਕ ਖੇਡ ਫਿਰਕੂ ਹਿੰਸਾ ਦੇ ਮਾਮਲੇ ਵਿੱਚ ਵੀ ਚੱਲ ਰਹੀ ਹੈ। ਜਦੋਂ ਦੇਸ਼ ਦਾ ਮਹੱਤਵਪੂਰਨ ਅੰਗ ਮਨੀਪੁਰ ਸੜ ਰਿਹਾ ਸੀ, ਦੇਸ਼ ਦਾ ਪ੍ਰਧਾਨ ਮੰਤਰੀ ਅਮਰੀਕਾ ਦੇ ਜਹਾਜ਼ੇ ਚੜ੍ਹਿਆ, ਰੱਖਿਆ ਅਤੇ ਹੋਰ ਸਮਝੌਤੇ ਕਰ ਰਿਹਾ ਸੀ ਅਤੇ ਵਿਸ਼ਵੀ ਅਖ਼ਬਾਰਾਂ 'ਚ ਦੇਸ਼ ਦੇ ਨ.ਫ਼ਰਤੀ ਵਰਤਾਰੇ, ਘੱਟ ਗਿਣਤੀਆਂ ਉਤੇ ਹੋ ਰਹੇ ਅੱਤਿਆਚਾਰ ਦੀ ਚਰਚਾ ਹੋ ਰਹੀ ਸੀ। ਸਰਕਾਰੀ ਅੰਕੜੇ ਆਂਹਦੇ ਸਨ ਕਿ ਦੋਸ਼ੀਆਂ ਖਿਲਾਫ ਮੁਢਲੀਆਂ ਰਿਪੋਰਟਾਂ ਦਰਜ ਕੀਤੀਆਂ ਗਈਆਂ ਹਨ, ਪਰ ਦੇਸ਼ ਦੀ ਸੁਪਰੀਮ ਕੋਰਟ

10-AUG-PAGE-5.qxd 8/9/2023 10:33 PM Page 1

ਅਧਿਆਪਕਾਂ ਦੀਆਂ ਮੰਗਾਂ ਸੰਬੰਧੀ ਡੀ ਟੀ ਐੱਫ ਨੇ ਧਰਨਾ ਲਾ ਕੇ ਦਿੱਤਾ ਮੰਗ ਪੱਤਰ

ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ) ਡੈਮੋਕ੍ਰੈਟਿਕ ਟੀਚਰਜ ਫਰੰਟ ਵੱਲੋਂ ਅਧਿਆਪਕਾਂ ਦੀਆਂ ਭਖਵੀਆਂ ਮੰਗਾਂ ਨੂੰ ਲੈ ਕੇ ਡੀਸੀ ਦਫ਼ਤਰ ਸੰਗਰੂਰ ਦੇ ਗੇਟ ਅੱਗੇ ਧਰਨਾ ਲਾਇਆ ਗਿਆ ਅਤੇ ਇਸ ਉਪਰੰਤ ਡੀਸੀ ਸੰਗਰੂਰ ਨੂੰ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਡਿਊਟੀ ਮਜਿਸਟ੍ਰੇਟ ਸ੍ਰੀ ਸਿਮਰਪ੍ਰੀਤ ਸਿੰਘ ਨੇ ਪ੍ਰਾਪਤ ਕੀਤਾ।

ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਦੱਸਿਆ ਕਿ ਪਿਛਲੇ ਦਿਨੀਂ ਸੂਬਾ ਪ੍ਰਧਾਨ ਦਿਗਵਿਜੇ ਪਾਲ ਸਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਹੋਈ ਜਥੇਬੰਦੀ ਦੀ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ ਪ੍ਰੋਗਰਾਮ ਕੀਤਾ ਗਿਆ। ਮੰਗ ਪੱਤਰ ਰਾਹੀਂ ਪੇਂਡੂ ਭੱਤੇ, ਬਾਰਡਰ ਭੱਤੇ, ਸਾਇੰਸ ਪ੍ਰੈਕਟੀਕਲ ਭੱਤੇ ਸਮੇਤ ਬੰਦ ਕੀਤੇ 37 ਤਰ੍ਹਾਂ ਦੇ ਭੱਤੇ ਤੁਰੰਤ ਬਹਾਲ ਕਰਨ, ਏ.ਸੀ.ਪੀ. ਸਕੀਮ 3-7-11-15 ਸਾਲਾ ਪ੍ਰਬੀਨਤਾ ਦੇ ਅਧਾਰ 'ਤੇ ਲਾਗੂ ਕਰਨ, ਨਵੀਂ ਪੈਨਸ਼ਨ ਸਕੀਮ ਬੰਦ ਕਰਕੇ 01/01/2004 ਤੋਂ ਬਾਅਦ ਭਰਤੀ ਕੀਤੇ ਸਭਨਾਂ ਅਧਿਆਪਕਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਅਧੀਨ ਲਿਆਉਣ, ਨਵਨਿਯੁਕਤ ਅਧਿਆਪਕਾਂ 'ਤੇ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਦਾ ਫੈਸਲਾ ਵਾਪਸ ਲੈ ਕੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਨ, ਹਰ ਤਰ੍ਹਾਂ ਦੇ ਕੱਚੇ ਅਧਿਆਪਕ ਪੂਰੇ ਲਾਭਾਂ ਸਮੇਤ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ, ਪਿਕਟਸ ਸੁਸਾਇਟੀ ਅਧੀਨ ਰੈਗੂਲਰ ਕੰਪਿਊਟਰ ਅਧਿਆਪਕਾਂ ਨੂੰ ਸਾਰੇ ਲਾਭਾਂ ਸਹਿਤ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਐੱਨ.ਐੱਸ. ਕਿਊ.ਐੱਫ. ਸਕੀਮ ਅਧੀਨ ਅਧਿਆਪਕਾਂ ਨੂੰ ਵਿਭਾਗ 'ਚ ਮਰਜ਼ ਕਰਕੇ ਰੈਗੂਲਰ ਕਰਨ, ਛੇਵੇਂ ਤਨਖਾਹ ਕਮਿਸ਼ਨ ਦਾ 01/01/2016 ਤੋਂ ਰਹਿੰਦਾ ਬਕਾਇਆ ਤੁਰੰਤ ਜਾਰੀ ਕਰਨ, ਪੰਜਾਬ ਦੇ ਮੁਲਾਜਮਾਂ ਨੂੰ ਕੇਂਦਰ ਦੀ ਤਰਜ਼ 'ਤੇ ਦਹਾਕਿਆਂ ਤੋਂ ਮਿਲਦੇ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਦੀਆਂ ਮੰਗਾਂ ਨੂੰ ਮੁੱਖ ਮੰਤਰੀ ਤੱਕ ਪੁਚਾਇਆ ਗਿਆ। ਧਰਨੇ ਵਿੱਚ ਜ਼ਿਲ੍ਹੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਾਮਲ ਹੋਏ। ਧਰਨੇ ਨੂੰ ਦਾਤਾ ਸਿੰਘ ਨਮੋਲ, ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ, ਜ਼ਿਲ੍ਹਾ ਸਕੱਤਰ ਹਰਭਗਵਾਨ ਗੁਰਨੇ, ਬਲਾਕ ਚੀਮਾ ਦੇ ਪ੍ਰਧਾਨ ਜਸਬੀਰ ਨਮੋਲ, ਬਲਾਕ ਲਹਿਰਾਗਾਗਾ ਦੇ ਪ੍ਰਧਾਨ ਗੁਰਪ੍ਰੀਤ ਪਿਸ਼ੌਰ, ਬਲਾਕ ਧੂਰੀ ਦੇ ਪ੍ਰਧਾਨ ਗਗਨਦੀਪ, ਬਲਾਕ ਸੰਗਰੂਰ -2 ਦੇ ਪ੍ਰਧਾਨ ਸੁਖਜਿੰਦਰ ਸੰਗਰੂਰ, 6505 ਅਧਿਆਪਕ ਯੂਨੀਅਨ ਦੇ ਪ੍ਰਧਾਨ ਸੰਸਾਰ ਸਿੰਘ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਜੁਝਾਰ ਲੌਂਗੋਵਾਲ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਲਖਵੀਰ ਲੌਂਗੋਵਾਲ, ਲਾਇਬ੍ਰੇਰੀਅਨ ਯੂਨੀਅਨ ਦੇ ਆਗੂ ਰਣਜੀਤ ਸਿੰਘ ਨੇ ਸੰਬੋਧਨ ਕੀਤਾ।

ਜਥੇਬੰਦੀ ਦੇ ਆਗੂਆਂ ਜਗਦੇਵ ਕੁਮਾਰ, ਗੁਰਪ੍ਰੀਤ ਧੂਰੀ, ਰਣਬੀਰ ਜਖੇਪਲ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਬੁਲਾਰਿਆਂ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਨੇ ਤਰਕਸੰਗਤ ਕਰਨ ਦੇ ਨਾਂਅ 'ਤੇ ਮੁਲਾਜ਼ਮਾਂ ਦੇ 37 ਤਰ੍ਹਾਂ ਦੇ ਭੱਤੇ ਬੰਦ ਕਰਨ, ਇਸੇ ਤਰ੍ਹਾਂ ਏ.ਸੀ.ਪੀ. ਸਕੀਮ ਬੰਦ ਕਰਨ ਤੇ ਜੁਲਾਈ 2020 ਤੋਂ ਬਾਅਦ ਭਰਤੀ ਹੋਏ ਸਰਕਾਰੀ ਮੁਲਾਜ਼ਮਾਂ 'ਤੇ ਕੇਂਦਰ ਸਰਕਾਰ ਦਾ ਤਨਖਾਹ ਸਕੇਲ ਥੋਪਣ ਜਿਹੇ ਮੁਲਾਜ਼ਮ ਵਿਰੋਧੀ ਕਦਮ ਉਠਾਏ ਸਨ, ਜਿਸ ਦਾ ਡੀ.ਟੀ.ਐੱਫ. ਸ਼ੁਰੂ ਤੋਂ ਵਿਰੋਧ ਕਰ ਰਹੀ ਹੈ, ਪ੍ਰੰਤੂ ਪੰਜਾਬ ਸਰਕਾਰ ਨੇ ਇਸ ਸਬੰਧੀ ਚੁੱਪ ਧਾਰ ਰੱਖੀ ਹੈ। ਇਸੇ ਤਰ੍ਹਾਂ ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਕੱਚੇ ਅਧਿਆਪਕਾਂ ਨੂੰ ਪੱਕਾ ਕਰਨ ਦਾ ਜ਼ੋਰ-ਸ਼ੋਰ ਨਾਲ ਪ੍ਰਚਾਰ ਕੀਤਾ ਹੈ, ਜਦੋਂ ਕਿ ਇਨ੍ਹਾਂ ਮੁਲਾਜ਼ਮਾਂ ਦੀ ਸਿਰਫ ਤਨਖਾਹ ਵਿੱਚ ਵਾਧਾ ਕੀਤਾ ਗਿਆ ਹੈ ਤੇ ਰੈਗੂਲਰ ਮੁਲਾਜ਼ਮਾਂ ਨੂੰ ਮਿਲਦੀ ਕੋਈ ਵੀ ਸਹੂਲਤ ਨਹੀਂ ਦਿੱਤੀ ਗਈ ਹੈ।

ਜਥੇਬੰਦੀ ਲੰਮੇ ਸਮੇਂ ਤੋਂ ਕੰਪਿਊਟਰ ਅਧਿਆਪਕਾਂ ਤੇ ਐੱਨ.ਐੱਸ.ਕਿਊ.ਐੱਫ. ਸਕੀਮ ਅਧੀਨ ਕੰਮ ਕਰਦੇ ਅਧਿਆਪਕਾਂ ਨੂੰ ਪੂਰੇ ਲਾਭਾਂ ਸਮੇਤ ਸਿੱਖਿਆ ਵਿਭਾਗ 'ਚ ਮਰਜ਼ ਕਰਨ ਦੀ ਮੰਗ ਉਠਾ ਰਹੀ ਹੈ, ਪ੍ਰੰਤੂ ਇਸ ਮੰਗ ਨੂੰ ਮੰਨਣ ਪ੍ਰਤੀ ਵੀ ਸਰਕਾਰ ਸੁਹਿਰਦ ਨਹੀਂ ਹੈ। ਮੁਲਾਜ਼ਮਾਂ ਦਾ ਛੇਵੇਂ ਤਨਖਾਹ ਕਮਿਸ਼ਨ ਦਾ ਜਨਵਰੀ 2016 ਤੋਂ ਬਣਦਾ ਬਕਾਇਆ ਦੇਣ ਸਬੰਧੀ ਵੀ ਸਰਕਾਰ ਚੁੱਪ ਹੈ। ਪੰਜਾਬ ਸਰਕਾਰ ਨੇ ਮਹਿੰਗਾਈ ਭੱਤੇ ਨੂੰ ਕੇਂਦਰ ਸਰਕਾਰ ਨਾਲੋਂ ਡੀ ਲਿੰਕ ਕਰ ਦਿੱਤਾ ਹੈ, ਭਾਵ ਹੁਣ ਕੇਂਦਰ ਸਰਕਾਰ ਦੀ ਤਰਜ਼ 'ਤੇ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀ ਅਦਾਇਗੀ ਨਹੀਂ ਕੀਤੀ ਜਾਂਦੀ।

ਜੇ ਈ ਵਿਰੁੱਧ ਮਹੀਨੇ ਬਾਅਦ ਕੇਸ ਹੋਇਆ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਕਰੀਬ 5 ਮਹੀਨੇ ਪਹਿਲਾਂ ਪਿੰਡ ਚੌਰਵਾਲਾ ਵਿਖੇ ਡਿਊਟੀ ਕਰਦੇ ਸਮੇਂ ਕਰੰਟ ਲੱਗ ਜਾਣ ਕਾਰਨ ਗੰਭੀਰ ਜ਼ਖਮੀ ਹੋਏ ਪਾਵਰਕਾਮ ਦੇ ਲਾਈਨਮੈਨ ਲਖਵੀਰ ਸਿੰਘ ਦੇ ਬਿਆਨਾਂ 'ਤੇ ਮੂਲੇਪੁਰ ਥਾਣੇ ਦੀ ਪੁਲਸ ਵੱਲੋਂ ਪਾਵਰਕਾਮ ਦੇ ਜੂਨੀਅਰ ਇੰਜੀਨੀਅਰ ਜਸਵਿੰਦਰ ਸਿੰਘ ਵਾਸੀ ਪਿੰਡ ਝਿੰਜਰਾਂ ਵਿਰੁੱਧ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਲਾਈਨਮੈਨ ਲਖਵੀਰ ਸਿੰਘ ਦੀ ਪਤਨੀ ਸਰਬਜੀਤ ਕੌਰ ਨੇ ਦੱਸਿਆ ਕਿ ਮਿਤੀ 3 ਮਾਰਚ 23 ਨੂੰ ਚੌਰਵਾਲਾ ਗਰਿੱਡ ਨਜ਼ਦੀਕ ਉਸ ਦੇ ਪਤੀ ਲਾਈਨਮੈਨ ਲਖਵੀਰ ਸਿੰਘ ਨੂੰ ਜੇ.ਈ. ਜਸਵਿੰਦਰ ਸਿੰਘ ਵੱਲੋਂ ਇਹ ਕਹਿ ਕੇ ਪੋਲ 'ਤੇ ਚੜ੍ਹਾ ਦਿੱਤਾ ਗਿਆ ਕਿ ਮੈਂ ਲਾਈਨ ਬੰਦ ਕਰਵਾ ਦਿੱਤੀ ਹੈ ਪਰ ਜਦੋਂ ਉਸ ਦਾ ਪਤੀ ਉੱਤੇ ਚੜ੍ਹ ਕੇ ਕੰਮ ਕਰਨ ਲੱਗਾ ਤਾਂ ਜ਼ੋਰਦਾਰ ਕਰੰਟ ਲੱਗਣ ਕਾਰਨ ਉਹ ਝੁਲਸ ਕੇ ਹੇਠਾਂ ਜਾ ਡਿੱਗਿਆ ਤੇ ਅਤਿ ਗੰਭੀਰ ਹਾਲਤ 'ਚ ਉਸ ਦੇ ਪਤੀ ਨੂੰ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਗਿਆ ਜਿੱਥੇ ਇੱਕ ਮਹੀਨਾ ਨੌਂ ਦਿਨ ਜ਼ੇਰੇ ਇਲਾਜ ਰਹਿਣ ਉਪਰੰਤ ਡਾਕਟਰਾਂ ਨੇ ਉਸ ਨੂੰ ਘਰ ਭੇਜ ਦਿੱਤਾ ਜਿਸ ਤੋਂ ਬਾਅਦ ਘਰ ਵਿਖੇ ਹੀ ਆਕਸੀਜਨ ਅਤੇ ਦੋ ਕੇਅਰਟੇਕਰਾਂ ਦਾ ਪ੍ਰਬੰਧ ਕਰਕੇ ਪਰਵਾਰ ਵੱਲੋਂ ਲਖਵੀਰ ਸਿੰਘ ਦਾ ਇਲਾਜ ਕਰਵਾਇਆ ਜਾ ਰਿਹਾ ਹੈ ਪਰ ਹਾਲੇ ਤੱਕ ਵੀ ਉਹ ਤੁਰਨ ਫਿਰਨ ਦੇ ਸਮਰੱਥ ਨਹੀਂ ਹੋ ਸਕਿਆ। ਜਿਸ ਦੇ ਇਲਾਜ 'ਤੇ ਉਨਾਂ ਦੇ ਲੱਖਾਂ ਰੁਪਏ ਖਰਚ ਹੋ ਚੁੱਕੇ ਹਨ। ਸਰਬਜੀਤ ਕੌਰ ਨੇ ਦੱਸਿਆ ਕਿ ਮਾਮਲੇ 'ਚ ਕੋਈ ਕਾਰਵਾਈ ਨਾ ਹੁੰਦੀ ਦੇਖ ਹਸਪਤਾਲ 'ਚੋਂ ਛੁੱਟੀ ਮਿਲਣ ਉਪਰੰਤ ਉਨ੍ਹਾਂ ਵੱਲੋਂ ਉੱਚ ਪੁਲਸ ਅਧਿਕਾਰੀਆਂ ਨੂੰ ਦਰਖਾਸਤ ਦੇ ਕੇ ਇਸ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਸਖਤ ਕਾਰਵਾਈ ਕੀਤੇ ਜਾਣ ਦੀ ਗੁਹਾਰ ਲਗਾਈ ਗਈ ਸੀ। ਉਨ੍ਹਾਂ ਸਰਕਾਰ ਤੋਂ ਮੁਆਵਜ਼ੇ ਦੀ ਵੀ ਮੰਗ ਕੀਤੀ। ਮਾਮਲੇ ਦੀ ਤਫਤੀਸ਼ ਕਰ ਰਹੇ ਸਹਾਇਕ ਥਾਣੇਦਾਰ ਪ੍ਰਿਥਵੀਰਾਜ ਸਿੰਘ ਨੇ ਦੱਸਿਆ ਕਿ ਲਖਵੀਰ ਸਿੰਘ ਦੀ ਹਾਲਤ ਨਾਜ਼ੁਕ ਹੋਣ ਕਾਰਨ ਪਹਿਲਾਂ ਉਸ ਦੇ ਬਿਆਨ ਦਰਜ ਨਹੀਂ ਸਨ ਹੋ ਸਕੇ, ਜਿਸ ਦੇ ਬਿਆਨਾਂ 'ਤੇ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ ਤੇ ਜੋ ਕੋਈ ਵੀ ਇਸ ਘਟਨਾ ਲਈ ਜ਼ਿੰਮੇਵਾਰ ਪਾਇਆ ਗਿਆ ਉਸ ਵਿਰੁੱਧ ਬਣਦੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

ਦੋਹਰੀ ਵਾਰ ਲਾਇਆ ਗਿਆ ਝੋਨਾ ਮੁੜ ਪਾਣੀ 'ਚ ਡੁੱਬਿਆ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਸਬ ਡਵੀਜ਼ਨ ਅਧੀਨ ਆਉਂਦੇ ਪਿੰਡ ਜੈਖਰ ਦੇ ਕਈ ਕਿਸਾਨਾਂ ਉੱਤੇ ਪਿਛਲੇ ਦਿਨੀਂ ਪਈ ਹੋਈ ਬਰਸਾਤ ਮੁੜ ਕਹਿਰ ਬਣ ਕੇ ਵਰ੍ਹੀ ਹੈ। ਘੱਗਰ ਦਰਿਆ ਵਿੱਚ

ਆਏ ਭਿਆਨਕ ਹੜਾਂ ਕਰਕੇ ਝੋਨੇ ਦੀ ਫ਼ਸਲ ਦੇ ਪਾਣੀ ਵਿੱਚ ਡੁੱਬ ਜਾਣ ਮਗਰੋਂ ਦੂਜੀ ਵਾਰ ਲਾਈ ਗਈ ਝੋਨੇ ਦੀ ਫਸਲ ਮੁੜ ਪਾਣੀ ਵਿੱਚ ਡੁੱਬ ਗਈ ਹੈ। ਸ਼ੁਤਰਾਣਾ ਬਾਦਸ਼ਾਹਪੁਰ ਸੜਕ ਹੇਠੋਂ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਪਿੰਡ ਜੈਖਰ ਦੇ ਕਰੀਬ 40 ਏਕੜ ਰਕਬੇ ਬਰਸਾਤ ਦਾ ਭਰਿਆ ਹੋਇਆ ਪਾਣੀ ਕਿਸਾਨਾਂ ਲਈ ਸਿਰਦਰਦੀ ਦਾ ਕਾਰਨ ਬਣ ਗਿਆ ਹੈ। ਦੂਜੀ ਵਾਰ ਖਰਾਬ ਹੋਈ ਫ਼ਸਲ ਵਾਲੀ ਥਾਂ ਉੱਤੇ ਮੁੜ ਫ਼ਸਲ ਨਾ ਬੀਜੇ ਜਾਣ ਦਾ ਡਰ ਉਨ੍ਹਾਂ ਨੂੰ ਵੱਢ-ਵੱਢ ਖਾ ਰਿਹਾ ਹੈ।

ਪਿੰਡ ਜੈਖਰ ਦੇ ਕਿਸਾਨਾਂ ਮਦਨ ਸਿੰਘ ਪੁੱਤਰ ਦਲਬੀਰ ਸਿੰਘ, ਰਣਜੋਧ ਸਿੰਘ ਪੁੱਤਰ ਦਲਬੀਰ ਸਿੰਘ, ਸੁਖਦੇਵ ਸਿੰਘ ਪੁੱਤਰ ਮੋਹਰ ਸਿੰਘ, ਗੁਰਚਰਨ ਪੁੱਤਰ ਮੋਹਰ ਸਿੰਘ, ਗੁਰਮੀਤ ਸਿੰਘ ਪੁੱਤਰ ਮੋਹਰ ਸਿੰਘ, ਵਿਰਸਾ ਸਿੰਘ ਪੁੱਤਰ ਹਰਨਾਮ ਸਿੰਘ, ਬਲਵਿੰਦਰ ਸਿੰਘ ਪੁੱਤਰ ਬਲਕਾਰ ਸਿੰਘ, ਭੁਪਿੰਦਰ ਸਿੰਘ ਪੁੱਤਰ ਬਲਕਾਰ ਸਿੰਘ, ਸਵਰਨ ਕੌਰ ਪਤਨੀ ਸਵ: ਬਲਕਾਰ ਸਿੰਘ, ਦੀਪਕ ਸਿੰਘ ਪੁੱਤਰ ਸੁਖਵਿੰਦਰ ਸਿੰਘ, ਤਰਲੋਕ ਸਿੰਘ ਪੁੱਤਰ ਸ਼ਾਮ ਸਿੰਘ ਅਤੇ ਅੰਗਰੇਜ਼ ਸਿੰਘ ਪੁੱਤਰ ਸਾਮ ਸਿੰਘ ਨੇ ਭਰੇ ਮਨ ਨਾਲ ਦੱਸਿਆ ਕਿ ਘੱਗਰ ਵਿੱਚ ਆਏ ਹੜ੍ਹਾਂ ਕਾਰਨ ਉਨ੍ਹਾਂ ਦੀ ਤਾਜ਼ੀ ਲਾਈ ਗਈ ਫਸਲ ਬੁਰੀ ਤਰਾਂ ਤਬਾਹ ਹੋ ਗਈ ਸੀ। ਹੜ੍ਹ ਦਾ ਪਾਣੀ ਘਟ ਜਾਣ ਉਪਰੰਤ ਝੋਨੇ ਦੀ ਪਨੀਰੀ ਮੁੱਲ ਲੈਕੇ ਉਹਨਾਂ ਦੁਬਾਰਾ ਫ਼ਸਲ ਲਾਈ ਤਾਂ ਬੀਤੀ ਦੋ ਅਗਸਤ ਦੀ ਰਾਤ ਨੂੰ ਪਈ ਭਾਰੀ ਬਾਰਿਸ਼ ਨਾਲ ਉਨ੍ਹਾਂ ਦੇ ਖੇਤਾਂ ਵਿੱਚ ਪਾਣੀ ਭਰ ਗਿਆ।

ਉਨ੍ਹਾਂ ਦੱਸਿਆ ਕਿ ਸੜਕ ਹੇਠਾਂ ਪਾਣੀ ਦੀ ਨਿਕਾਸੀ ਲਈ ਪਾਈ ਗਈ ਪੁਲ਼ੀ ਸਾਹਮਣੇ ਦੂਜੇ ਪਾਸੇ ਵਾਲੇ ਕਿਸਾਨ ਨੇ ਮਿੱਟੀ ਪਾ ਕੇ ਪਾਣੀ ਦੀ ਨਿਕਾਸੀ ਬੰਦ ਕੀਤੀ ਹੋਈ ਹੈ, ਜਿਸ ਕਰਕੇ ਉਨ੍ਹਾਂ ਦੇ ਖੇਤਾਂ ਵਿਚੋਂ ਪਾਣੀ ਨਹੀਂ ਨਿਕਲ ਰਿਹਾ। ਇਸ ਦੌਰਾਨ ਸਾਬਕਾ ਜਿਲਾ ਪ੍ਰੀਸਦ ਮੈਂਬਰ ਨਿਧਾਨ ਸਿੰਘ ਜੈਖਰ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਖੇਤਾਂ ਵਿੱਚ ਖੜੇ ਬਰਸਾਤੀ ਪਾਣੀ ਦੀ ਨਿਕਾਸੀ ਕਰਾਈ ਜਾਵੇ ਤਾਂ ਜੁ ਕਿਸਾਨ ਆਪਣੇ ਖੇਤ ਵਿੱਚ ਮੁੜ ਫ਼ਸਲ ਦੀ ਬਿਜਾਈ ਕਰ ਸਕਣ।

ਕਾਤਰਾਂ

ਨੋਰੰਗ ਸਿੰਘ ਵਾਲਾ ਪੰਚਾਇਤ ਦਾ ਮੁੱਦਾ ਭਖਿਆ

ਜੀਰਾ (ਪਰਮਜੀਤ ਸਿੰਘ ਧੰਜੂ) ਪਿੰਡ ਨੋਰੰਗ ਸਿੰਘ ਵਾਲਾ ਵਿਖੇ ਸਰਪੰਚ ਦੇ ਵਿਦੇਸ਼ ਜਾਣ ਪਿੱਛੋਂ ਹਲਕਾ ਵਿਧਾਇਕ ਨਰੇਸ਼ ਕਟਾਰੀਆ, ਸ਼ੰਕਰ ਕਟਾਰੀਆ, ਬੀ ਡੀ ਪੀ ਓ ਜੀਰਾ ਉੱਪਰ ਸਾਬਕਾ ਵਿਧਾਇਕ ਕੁਲਬੀਰ ਸਿੰਘ ਜੀਰਾ ਵੱਲੋਂ ਲਾਏ ਦੋਸ਼ਾਂ ਤੋਂ ਬਾਅਦ ਪਿੰਡ ਨੋਰੰਗ ਸਿੰਘ ਵਾਲਾ ਦੇ 'ਆਪ' ਆਗੂ ਬੂਟਾ ਸਿੰਘ ਨੇ ਪ੍ਰਤੀਕ੍ਰਿਆ ਦਿੰਦੇ ਹੋਏ ਕਿਹਾ ਕਿ ਸਾਡੇ ਪਿੰਡ ਦਾ ਸਰਪੰਚ ਗੁਰਸੇਵਕ ਸਿੰਘ ਸਾਲ 2019 ਤੋਂ ਲੈ ਕੇ ਹੁਣ ਤੱਕ ਪੰਚਾਇਤੀ ਫੰਡਾਂ ਵਿੱਚ ਲੱਖਾਂ ਰੁਪਏ ਦਾ ਘਪਲਾ ਕਰਕੇ ਵਿਭਾਗ ਤੋਂ ਬਿਨਾਂ ਐਨ ਓ ਸੀ ਲਏ ਹੀ ਵਿਦੇਸ਼ ਚਲਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵਿਭਾਗੀ ਜਾਂਚ ਦੇ ਚੱਲਦਿਆਂ ਵਿਭਾਗ ਨੂੰ ਦੱਸੇ ਬਿਨਾਂ ਜਾਣ ਵਾਲੇ ਗੁਰਸੇਵਕ ਸਿੰਘ ਖਿਲਾਫ਼ ਪੰਚਾਇਤੀ ਰਾਜ ਐਕਟ ਅਧੀਨ ਕੇਸ ਦਰਜ ਕਰਕੇ ਕਾਰਵਾਈ ਕੀਤੀ ਜਾਵੇ ਤੇ ਪੈਸੇ ਦੀ ਭਰਪਾਈ ਕੀਤੀ ਜਾਵੇ। ਇਸ ਮੌਕੇ ਸੁਖਵਿੰਦਰ ਸਿੰਘ, ਸੁਖਬੀਰ ਸਿੰਘ, ਗੁਰਜੀਤ ਸਿੰਘ ਤੇ ਗੁਰਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

ਅਨੀਮੀਆ ਸੰਬੰਧੀ ਜਾਗਰੂਕਤਾ ਦਿੱਤੀ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਸਿਹਤ ਬਲਾਕ ਮਾਛੀਵਾੜਾ ਸਾਹਿਬ ਦੇ ਵੱਖ-ਵੱਖ ਸਿਹਤ ਕੇਂਦਰਾਂ ਤੇ ਸਕੂਲਾਂ ਵਿੱਚ ਅਨੀਮੀਆ ਸਬੰਧੀ ਜਾਗਰੂਕਤਾ ਦਿੱਤੀ ਗਈ। ਡਾ. ਰਸ਼ਪਾਲ ਸਿੰਘ ਨੇ ਸਕੂਲੀ ਵਿਦਿਆਰਥੀਆਂ ਨੂੰ ਦੱਸਿਆ ਕਿ ਸਰੀਰ ਵਿਚ ਖ਼ੂਨ ਦੀ ਘਾਟ ਹੋਣ ਕਾਰਨ ਸਰੀਰਕ ਤੇ ਮਾਨਸਿਕ ਵਿਕਾਸ 'ਚ ਰੁਕਾਵਟ ਹੁੰਦੀ ਹੈ। ਡਾ. ਸਤਵਿੰਦਰ ਕੌਰ ਨੇ ਕਿਹਾ ਕਿ ਅਨੀਮੀਆ ਤੋਂ ਬਚਣ ਲਈ ਸਾਨੂੰ ਚੰਗੀ ਖੁਰਾਕ ਲੈਣੀ ਚਾਹੀਦੀ ਹੈ, ਜਿਵੇਂ ਫ਼ਲ, ਹਰੀਆਂ ਪੱਤੇਦਾਰ ਸਬਜ਼ੀਆਂ, ਗੁੜ, ਭੁੱਜੇ ਛੋਲੇ ਤੇ ਮੂੰਗਫਲੀ ਆਦਿ। ਇਸ ਮੌਕੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

ਯੂ ਕੇ ਇੰਟਰਨੈਸ਼ਨਲ ਸਕੂਲ 'ਚ ਕਰਾਇਆ ਜਾਦੂ ਦਾ ਸ਼ੋਅ

ਧਰਮਕੋਟ (ਗੁਰਦੀਪ ਸਿੰਘ ਭੁੱਲਰ) ਯੂ ਕੇ ਇੰਟਰਨੈਸ਼ਨਲ ਸਕੂਲ ਵਿੱਚ ਕਵੀਨ ਕਾਇਜਾ ਜਾਦੂਗਰਨੀ ਨੇ ਬੱਚਿਆਂ ਨੂੰ ਮੈਜਿਕ ਦਿਖਾਇਆ ਤੇ ਸਾਰੇ ਹੀ ਬੱਚਿਆਂ ਦਾ ਦਿਲ ਜਿੱਤ ਲਿਆ। ਇਸ ਸ਼ੋਅ ਵਿੱਚ ਕਿੰਡਰਗਾਰਟਨ ਦੇ ਬੱਚਿਆਂ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਆਨੰਦ ਮਾਣਿਆ। ਪ੍ਰਿੰਸੀਪਲ ਮੈਡਮ ਸ਼ਵੇਤਾ ਸ਼ਰਮਾ ਨੇ ਆਏ ਹੋਏ ਮੈਜਿਸ਼ੀਅਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਨੇ ਬੜੇ ਹੀ ਵਧੀਆ ਢੰਗ ਨਾਲ ਬੱਚਿਆਂ ਨੂੰ ਜਾਦੂ ਦੇ ਜ਼ਰੀਏ ਆਪਣੇ ਦੇਸ ਦਾ ਚੰਗਾ ਨਾਗਰਿਕ ਬਣਨ, ਨਸ਼ੇ ਸੰਬੰਧੀ ਅਤੇ ਸਮਾਜ ਵਿੱਚ ਵਧ ਰਹੀ ਭਰੂਣ ਹੱਤਿਆ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀ

page-6-10-(AUG)-2023-G-(BV).qxd 8/9/2023 10:36 PM Page 1

ਉੱਤਰ ਭਾਰਤ ਦੇ ਬੈਡਮਿੰਟਨ ਮਹਾਕੁੰਭ ਦਾ ਆਰੰਭ ਅੱਜ

ਜਲੰਧਰ : (ਨਵਾਂ ਜ਼ਮਾਨਾ ਸਰਵਿਸ) -ਰਾਏਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ 10 ਅਗਸਤ ਤੋਂ ਉੱਤਰ ਭਾਰਤ ਦਾ ਬੈਡਮਿੰਟਨ ਮਹਾਕੁੰਭ ਸ਼ੁਰੂ ਹੋਣ ਜਾ ਰਿਹਾ ਹੈ। ਪੰਜਾਬ ਬੈਡਮਿੰਟਨ ਐਸੋਸੀਏਸ਼ਨ ਵਲੋਂ ਕਰਵਾਇਆ ਜਾ ਰਿਹਾ ਨਾਰਥ ਜੋਨ ਬੈਡਮਿੰਟਨ ਟੂਰਨਾਮੈਂਟ 10 ਤੋਂ 13 ਅਗਸਤ ਤਕ ਚਲੇਗਾ। ਇਸ ਬਾਰੇ ਡਿਸਟ੍ਰਿਕਟ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਅਤੇ ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਨੇ ਦੱਸਿਆ ਕਿ 10 ਅਤੇ 11 ਅਗਸਤ ਨੂੰ ਟੀਮ ਇਵੇਂਟ ਮੁਕਾਬਲੇ ਹੋਣਗੇ। 11 ਤੋਂ 13 ਅਗਸਤ ਤਕ ਵਿਅਕਤੀਗਤ ਮੁਕਾਬਲੇ ਹੋਣਗੇ। ਟੀਮ ਇਵੇਂਟ ਮੁਕਾਬਲੇ ਚਾਰ ਕੈਟਾਗਰੀ ਵਿੱਚ ਪੁਰਸ਼, ਮਹਿਲਾ, ਅੰਡਰ 19 ਲੜਕੇ, ਅੰਡਰ 19 ਲੜਕੀਆਂ ਦੇ ਵਰਗ ਵਿੱਚ ਹੋਣਗੇ। ਇਸ ਬੈਡਮਿੰਟਨ ਮਹਾਕੁੰਭ ਵਿੱਚ ਪੰਜਾਬ, ਹਰਿਆਣਾ, ਹਿਮਾਚਲ, ਦਿੱਲੀ, ਚੰਡੀਗੜ੍ਹ, ਜੰਮੂ-ਕਸ਼ਮੀਰ ਅਤੇ ਰਾਜਸਥਾਨ ਦੇ 210 ਖਿਡਾਰੀ ਭਾਗ ਲੈਣਗੇ। ਇਨ੍ਹਾਂ ਮੁਕਾਬਲਿਆਂ ਦੀਆਂ ਜੇਤੂ ਟੀਮਾਂ ਨੂੰ ਰਾਸ਼ਟਰੀ ਇੰਟਰ ਸਟੇਟ ਚੈਂਪੀਅਨਸ਼ਿਪ ਵਿੱਚ ਉੱਤਰ ਭਾਰਤ ਦੀ ਅਗਵਾਈ ਕਰਨ ਦਾ ਮੌਕਾ ਮਿਲੇਗਾ। ਵਿਅਕਤੀਗਤ ਮੁਕਾਬਲੇ ਪੁਰਸ਼ ਇਕੱਲੇ, ਮਹਿਲਾ ਇਕੱਲੇ, ਪੁਰਸ਼ ਜੋੜੀ, ਮਹਿਲਾ ਜੋੜੀ ਅਤੇ ਮਿਕਸਡ ਜੋੜੀ ਕੈਟੇਗਰੀ ਵਿੱਚ ਹੋਣਗੇ। ਰਿਤਿਨ ਖੰਨਾ ਨੇ ਦੱਸਿਆ ਕਿ ਸੱਤ ਸਾਲ ਬਾਅਦ ਪੰਜਾਬ ਵਿੱਚ ਇਹ ਪ੍ਰਤੀਯੋਗਿਤਾ ਹੋ ਰਹੀ ਹੈ ਅਤੇ ਇਸਦੇ ਲਈ ਸਾਰੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ। ਬੈਡਮਿੰਟਨ ਐਸੋਸੀਏਸ਼ਨ ਆਫ ਇੰਡੀਆ (ਬੀ.ਏ.ਆਈ.) ਵੱਲੋਂ ਅਜੈ ਸਿੰਘਾਣੀਆ ਨੂੰ ਇਸ ਬੈਡਮਿੰਟਨ ਮਹਾਕੁੰਭ ਦਾ ਆਬਜਰਵਰ ਨਿਯੁਕਤ ਕੀਤਾ ਗਿਆ ਹੈ। ਸਾਰੇ ਖਿਡਾਰੀਆਂ ਦੇ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਐਸੋਸੀਏਸ਼ਨ ਵਲੋਂ ਕੀਤਾ ਗਿਆ ਹੈ। 11 ਅਗਸਤ ਨੂੰ ਟੀਮ ਇਵੇਂਟ ਦੇ ਜੇਤੂਆਂ ਨੂੰ ਜਲੰਧਰ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਆਈ.ਏ.ਐਸ. ਇਨਾਮ ਦੇਣਗੇ। 13 ਅਗਸਤ ਨੂੰ ਵਿਅਕਤੀਗਤ ਮੁਕਾਬਲਿਆਂ ਦੇ ਜੇਤੂਆਂ ਨੂੰ ਸਥਾਨਿਕ ਨਿਕਾਅ ਮੰਤਰੀ ਬਲਕਾਰ ਸਿੰਘ ਇਨਾਮ ਦੇਣਗੇ। ਇਸ ਟੂਰਨਾਮੈਂਟ ਦੇ ਆਯੋਜਕ ਯੋਨੈਕਸ ਸਨਰਾਇਜ ਹਨ। ਟੂਰਨਾਮੈਂਟ ਵਿੱਚ ਚੀਫ ਰੈਫਰੀ ਦੀ ਜਿੰਮੇਦਾਰੀ ਪੀ. ਰਾਮਾਕ੍ਰਿਸ਼ਨਾ ਅਤੇ ਮੈਚ ਕੰਟਰੋਲਰ ਦੀ ਜਿੰਮੇਦਾਰੀ ਰਾਕੇਸ਼ ਰਸਾਨੀਆ ਨਿਭਾਉਣਗੇ।

COURT NOTICE

(Succession Case)
In the Court of
Amit Malhan Civil Judge (Senior Division), Amritsar.
CNR No. PBAS02-003706-2023
Next Date : 25.10.2023
Kirti Arora and others
Versus
General Public

Petition under Section 372 of the Indian Succession Act for the grant of Succession Certificate in respect of the Debts and Securities Etc. of Late Sh. Anil Arora who was Expired on 2.6.2011

Notice to : General Public

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 25.10.2023 at 10.00 a.m.

For details logon to https://highcourtchd.gov.in/?trs=district notice & district=Amritsar

Civil Judge (Senior Division), Amritsar
Dated, this day of 9.8.2023

COURT NOTICE

(Under Guardian and Ward Act)
In the Court of
Ms. Neha Goel Addl. Civil Judge (Senior Division), Dhuri.
CNR No.PBSGB0-000485-2023
Next Date : 28.8.2023
Mohanveer Kaur aged 34 years wife of Lovepreet Singh R/o H.No. 10, Chilla, SAS Nagar (Mohali)
Versus
General Public

Application under Section 8 of Hindu Minority and Guardianship Act.

Notice to : General Public

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 28.8.2023 at 10.00 a.m.

For details logon to https://highcourtchd.gov.in/?trs=district notice & district=Sangrur

Addl. Civil Judge (Senior Division), Dhuri.
Dated, this day of 4.8.2023

COURT NOTICE

(Succession Case)
In the Court of
Sh. Gagandeep Singh Garg Civil Judge (Senior Division) N.R.I Court, Jalandhar.
CNR No. PBJL02-002658-2023
Next Date : 28.8.2023
Simranjeet Singh Bains
Versus
General Public

Notice to : General Public

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 28.8.2023 at 10.00 a.m.

For details logon to https://highcourtchd.gov.in/?trs=district notice & district=Jalandhar

Civil Judge (Senior Division) N.R.I Court, Jalandhar.
Dated, this day of 5.8.2023

COURT NOTICE

In the Court of
Sh. Deepal Singh Chhina Civil Judge Junior Division Khanna.
CNR No. PBLDA0-000132-2023
Next Date : 21.8.2023
Rita Kansal
Versus
General Public
Suit for Declaration

Notice to : (DEF 1- General Public)

In above titled Petition the respondent (s) could not be served. It is ordered that respondent (s) should appear in person or through counsel on 21.8.2023 at 10.00 a.m.

For details logon to https://highcourtchd.gov.in/?trs=district notice & district=Ludhiana

Civil Judge Junior Division Khanna.

COURT NOTICE

In the Court of
Ms. Tripat Jot Kaur Addl. Principal Judge Family Court-1, Jalandhar.
CNR No. PBJL01-007099-2023
Next Date : 8.9.2023
Rudra Chopra aged about 29 years S/o Parveen Chopra R/o H.No. 5, Ashok Nagar Jalandhar.
Versus
1. Lekhika W/o Rudra Chopra D/o Joginder Pal Bhatia R/o H.No. WP-219, Basti Sheikh Jalandhar 2. General Public

Petition under Guardian and Wards Act

Publication issued to : 2. General Public, General Public

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 8.9.2023 at 10.00 a.m.

For details logon to https://highcourtchd.gov.in/?trs=district notice & district=Jalandhar

Addl. Principal Judge Family Court-1, Jalandhar
Dated, this day of 4.8.2023

COURT NOTICE

In the Court of
Sh. Vineet Kumar Narang Addl. Principal Judge Family Court-II, Jalandhar.
GW/161/2023
CNR No. PBJL01-008729-2023
Next Date : 18.9.2023
Pallavi Sharma alias Palvi W/o Atul Kumar Chaudhar yD/o Narinder Kumar Address 15-J, Ambika Colony, Jalandhar.
Versus
1. General Public Address -General Public 2. Anmol Sharma S/o Anil Kumar Sharma Address - EE-282 Bagh Karam Buksh Dhanna Mohalla Jalandhar

Publication issued to : General Public, General Public

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 18.9.2023 at 10.00 a.m.

For details logon to https://highcourtchd.gov.in/?trs=district notice & district=Jalandhar

Addl. Principal Judge Family Court-II, Jalandhar.
Dated, this day of 31.7.2023

ਕਲਾਸੀਫਾਈਡ ਇਸ਼ਤਿਹਾਰ

Public Notice

I, Sarabjeet Singh S/o Narvel Singh R/o H.No. 368, Guru Nanak Nagar, Kapurthala, declare that now I have changed my address to H.No. 66, Maan Singh Nagar, Jalandhar. All concerned please note.

I, Akshita Shalu Jaiswal W/o Brijesh Gupta R/o B5- 1201, M3M Woodshire, Dharampur Village, Sector- 107, Dharampur (59), Haryana- 122006, Declare that name of Mine has been wrongly written as Akshita Jaiswal in my minor Son Akshar Jaiswal, aged about 2 Years, In his Birth Certificate. The actual name of Mine is Akshita Shalu Jaiswal, which may be amended accordingly. All Please Note.

ਵਰ ਦੀ ਲੋੜ

Ramghria Girl B.A.BED Birth 87 Innocent Divorce need issuless match contact 9781177828 (B)

ਆਮ ਸੂਚਨਾ

ਹਰਭਜਨ ਸਿੰਘ ਪੁੱਤਰ ਕ੍ਰਿਪਾਲ ਸਿੰਘ ਏਪੀ15-2294 ਮੰਡਵੀਂ ਦੇ ਨਾਮ ਮੋਟਰ ਕੂਨੈਕਸ਼ਨ ਹੈ। ਇਸ ਨੂੰ ਬਦਲ ਕੇ ਜਗਤਾਰ ਸਿੰਘ ਪੁੱਤਰ ਹਰਭਜਨ ਸਿੰਘ ਮੰਡਵੀਂ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ।ਵੱਲੋਂ:-ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ (ਰਾਜਪਾਲ)

ਅਸੀਂ (ਧਿਰ-1) ਬੱਬਲਜੀਤ ਕੌਰ ਪਤਨੀ ਭੁਪਿੰਦਰ ਸਿੰਘ ਪੁੱਤਰੀ ਪ੍ਰਗਟ ਸਿੰਘ, ਭੁਪਿੰਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ ਹਾਲ ਵਾਸੀ ਪਿੰਡ ਮੁਗਲ ਚੱਕ ਪੰਨਵਾਂ, ਜ਼ਿਲ੍ਹਾ ਤਰਨ ਤਾਰਨ ਅਤੇ (ਧਿਰ-2) ਕੁਲਵਿੰਦਰ ਕੌਰ ਪਤਨੀ ਪ੍ਰਗਟ ਸਿੰਘ ਵਾਸੀ ਪਿੰਡ ਖੈਰਾਬਾਦ, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਇਕਰਾਰਨਾਮਾ ਰਾਹੀਂ ਬਿਆਨ ਕਰਦੇ ਹਾਂ ਕਿ ਸਾਡਾ ਦੋਹਾਂ ਧਿਰਾਂ ਦਾ ਹੁਣ ਆਪਸ ਵਿੱਚ ਅਤੇ ਇੱਕ-ਦੂਜੇ ਦੇ ਪਰਵਾਰਾਂ ਨਾਲ ਕੋਈ ਤਲਕ-ਵਾਸਤਾ, ਰਿਸ਼ਤਾ ਅਤੇ ਮੇਲ-ਜੋਲ ਨਹੀਂ ਰਿਹਾ। (ਕਿਰਨ)

ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ. AP 70/1149 ਜੋ ਕਿ ਸ੍ਰੀ ਗੁਰਮੀਤ ਸਿੰਘ ਪੁੱਤਰ ਮਹਿੰਦਰ ਸਿੰਘ , ਨਾਮ ਤੇ ਪਿੰਡ ਵਡਾਲਾ ਗ੍ਰੰਥੀਆਂ ਵਿੱਚ ਚੱਲ ਰਿਹਾ ਹੈ ਜੋ ਕਿ ਬਦਲ ਕੇ ਸ੍ਰੀ ਅੰਮ੍ਰਿਤਪਾਲ ਸਿੰਘ ਅਤੇ ਪ੍ਰਿਤਪਾਲ ਸਿੰਘ ਪੁਤਰਾਨ ਨਿਰਵੈਰ ਸਿੰਘ ਵਾਸੀਆਨ ਕੋਠੀ ਨੰ. 207, ਅਰਬਨ ਅਸਟੇਟ, ਬਟਾਲਾ ਦੇ ਨਾਮ ਤੇ ਕਰਨਾ ਹੈ । ਜਿਸ ਕਿਸੇ ਨੂੰ ਇਤਰਾਜ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਨੂੰ ਲਿਖਤੀ ਇਤਰਾਜ ਦੇਵੇ । AEE/PSPCL/OP, West S/D, Batala.

ਮੈਂ ਪਲਵਿੰਦਰ ਸਿੰਘ ਪੁੱਤਰ ਦਾਨ ਸਿੰਘ, ਵਾਸੀ ਐਫ-4/51, ਕ੍ਰਿਸ਼ਨਾ ਨਗਰ, ਈਸਟ ਦਿੱਲੀ ਸੂਚਿਤ ਕਰਦਾ ਹਾਂ ਕਿ ਮੇਰੇ ਆਧਾਰ ਕਾਰਡ ਉਪਰ ਮੇਰਾ ਨਾਮ ਪਲਵਿੰਦਰ ਸਿੰਘ ਅਤੇ ਮਾਲ ਰਿਕਾਰਡ ਵਿੱਚ ਮੇਰਾ ਨਾਮ ਪਰਮਿੰਦਰ ਸਿੰਘ ਹੈ । ਸੋ ਪਲਵਿੰਦਰ ਸਿੰਘ ਅਤੇ ਪਰਮਿੰਦਰ ਸਿੰਘ ਦੋਨੋਂ ਹੀ ਨਾਮ ਮੇਰੇ ਹਨ ।

ਬੇਦਖਲੀ ਨੋਟਿਸ

ਮੈਂ, ਹਕੂਮਤ ਰਾਇ ਪੁੱਤਰ ਮੁਲਖ ਰਾਜ ਵਾਸੀ ਚੰਦਰ ਨਗਰ, ਮੁਰਗੀ ਮੁੱਹਲਾ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨੀ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਜਸਵੀਰ ਕੌਰ ਪਤਨੀ ਲੇਟ ਦੋਲਤ ਸਿੰਘ ਵਾਸੀ ਪਿੰਡ ਚੱਕ ਨਰਿਆਲ, ਡਾਕਖਾਨਾ ਫਤਿਹਪੁਰ ਕੋਠੀ, ਥਾਣਾ ਮਾਹਲਪੁਰ, ਤਹਿਸੀਲ ਗੜਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਅਮਨਦੀਪ ਬਿੰਦ ਪਤਨੀ ਮਨਿੰਦਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ। (ਆਰ)

ਮੈਂ, ਪ੍ਰਵੀਨ ਕੁਮਾਰੀ ਪਤਨੀ ਲੇਟ ਪ੍ਰੇਮ ਨਾਥ ਸ਼ਰਮਾ ਵਾਸੀ ਮਕਾਨ ਨੰ. 331/2, ਗਲੀ ਨੰ. 2, ਗੁਰੂ ਨਾਨਕਪੁਰਾ ਈਸਟ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਡਿੰਪਲ ਸ਼ਰਮਾ ਪਤਨੀ ਸੁਰਿੰਦਰ ਪਰਾਸ਼ਰ ਉਰਫ ਨੀਟੂ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਸ ਨੂੰ ਪਰਿਵਾਰ ਸਮੇਤ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨ.ਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਰਣਜੀਤ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਗੁਰੂ ਤੇਗ ਬਹਾਦਰ ਕਲੌਨੀ ਟਾਂਡਾ ਰਾਮ ਸਰਾਏ, ਤਹਿਸੀਲ ਮੁਕੇਰੀਆ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਿਕਰਮਜੀਤ ਸਿੰਘ ਅਤੇ ਉਸਦੀ ਪਤਨੀ ਗੁਰਮੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨ.ਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਜਗਤਾਰ ਸਿੰਘ ਪੁੱਤਰ ਬਚਨ ਸਿੰਘ ਵਾਸੀ ਮਕਾਨ ਨੰ. 877, ਮੁਹੱਲਾ ਸ਼ੇਖੂਪੁਰਾ, ਜੰਡਿਆਲਾ ਗੁਰੂ , ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਜੀਤ ਸਿੰਘ ਅਤੇ ਉਸ ਦੀ ਪਤਨੀ ਮਨਜੀਤ ਕੌਰ ਉਰਫ ਰੀਤੂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ। (ਨਾਰੰਗ)

ਮੈਂ, ਬਲਵੀਰ ਸਿੰਘ ਪੁੱਤਰ ਸੰਤ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਮਿਆਣੀ, ਵਾਰਡ ਨੰ. 4, ਤਹਿਸੀਲ ਦਸੂਹਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਪ੍ਰੇਮ ਸਿੰਘ ਅਤੇ ਨੂੰਹ ਪਰਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। (ਬਹਿਲ)

ਬੇਦਖਲੀ ਸੂਚਨਾ

ਮੈਂ, ਅਨਿਲ ਕੁਮਾਰ ਸ਼ਰਮਾ ਔਰ ਫੂਲਮਤੀ ਪਤ੍ਨੀ ਅਨਿਲ ਕੁਮਾਰ ਸ਼ਰਮਾ ਨਿਵਾਸੀ 206-ਏ, ਸੋਫਲ ਨਗਰ, ਜਾਲਂਧਰ ਬ੍ਯਾਨ ਕਰਤਾ ਹੂੰ ਕਿ ਮੇਰਾ ਲੜ੍ਕਾ ਅਤੁਲ ਸ਼ਰ੍ਮਾ ਵ ਉਸ ਕੀ ਪਤ੍ਨੀ ਨੇਹਾ ਦੋਨੋਂ ਹਮਾਰੇ ਕਹਨੇ ਸੇ ਬਾਹਰ ਹੈ। ਇਸ ਲਿਏ ਹਮ ਦੋਨੋਂ ਕੋ ਅਪਨੀ ਚਲ-ਅਚਲ ਸੰਪਤੀ ਸੇ ਬੇਦਖਲ ਕਰਤੇ ਹੈਂ। ਇਨ ਸੇ ਲੇਨ-ਦੇਨ ਕਰਨੇ ਵਾਲਾ ਖੁਦ ਜਿਮ੍ਮੇਵਾਰ ਹੋਗਾ।

ਬੇਦਖਲੀ ਨੋਟਿਸ

ਮੈਂ ਤਰਸੇਮ ਸਿੰਘ ਪੁੱਤਰ ਸੁਰਿੰਦਰ ਸਿੰਘ ਉਰਫ ਸਿੰਦਾ ਪਿੰਡ ਮਨਿਆਲਾ ਤਹਿਸੀਲ ਸੁਲਤਾਨਪੁਰ ਲੋਧੀ ਜਿਲ੍ਹਾ ਕਪੂਰਥਲਾ ਇਹ ਹੈ ਕਿ ਮੇਰੇ ਮਾਤਾ ਪਿਤਾ ਦੀ ਮੌਤ ਹੋ ਚੁੱਕੀ ਹੈ ਅਤੇ ਮੇਰਾ ਭਰਾ ਦਲਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲ ਉਸ ਦਾ ਵਰਤਾਓ ਠੀਕ ਨਹੀਂ ਹੈ ਮੇਰਾ ਉਸ ਨਾਲ ਕੋਈ ਵਾਸਤਾ ਨਹੀਂ ਇਹ ਹੈ ਕਿ ਉਸ ਨਾਲ ਲੈਣ ਦੇਣ, ਲੜਾਈ ਝਗੜਾ, ਪੁਲਿਸ ਕੇਸ ਕਰੇ ਉਸ ਨਾਲ ਮੇਰਾ ਕੋਈ ਵਾਸਤਾ ਨਹੀਂ ਹੈ।

ਮੈਂ, ਨੀਤੂ ਪਤਨੀ ਪਰਮਜੀਤ ਸਿੰਘ ਅਤੇ ਪਰਮਜੀਤ ਸਿੰਘ ਪੁੱਤਰ ਸੇਵਾ ਸਿੰਘ ਦੋਵੇਂ ਵਾਸੀ ਮਕਾਨ ਨੰ: 902 (163), ਗੁਰੂ ਅਰਜਨ ਨਗਰ, ਬਸਤੀ ਮਿੱਠੂ, ਜਲੰਧਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਸੂਰਜ ਅਤੇ ਉਸ ਦੀ ਪਤਨੀ ਨੇਹਾ ਸਾਡੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਅਸੀਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (8265)

ਮੈਂ, ਅਸ਼ੋਕ ਕੁਮਾਰ ਪੁੱਤਰ ਸ੍ਰੀ ਸ਼ੰਕਰ ਦਾਸ ਵਾਸੀ ਮਕਾਨ ਨੰਬਰ 12/345, ਨਿਊ ਜਗਤਪੁਰਾ, ਹੁਸ਼ਿਆਰਪੁਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ 'ਰਾਜੇਸ਼ ਕੁਮਾਰ' ਅਤੇ ਉਸਦੀ ਪਤਨੀ 'ਦਿਪਿਕਾ ਸ਼ਰਮਾ' ਉਹਨਾਂ ਦੀਆਂ ਲੜਕੀਆਂ 'ਸ਼ਗੁਨ ਸ਼ਰਮਾ', 'ਸੁਨੇਹਾ ਸ਼ਰਮਾ' ਅਤੇ 'ਬੂਬੀ ਸ਼ਰਮਾ' ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਹੁਣ ਮੇਰਾ ਇਹਨਾਂ ਨਾਲ ਕੋਈ ਸਬੰਧ ਨਹੀਂ ਰਿਹਾ ਹੈ । ਜੇਕਰ ਕੋਈ ਵੀ ਵਿਅਕਤੀ ਇਹਨਾਂ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ। ਸਾਰੇ ਸਬੰਧਤ ਨੋਟ ਕਰਨ ।

ਮੈਂ ਹਰਭਜਨ ਸਿੰਘ ਪੁੱਤਰ ਫਕੀਰ ਸਿੰਘ ਵਾਸੀ ਸੁੰਦਰ ਨਗਰ, ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ (1) ਰਾਜੂ, (2) ਰਮਨ ਮੇਰੇ ਪੋਤਰੇ (1) ਕਰਨ (2) ਵਰਨ ਪੁਤਰਾ

10-AUG-PAGE-7.qxd 8/9/2023 10:33 PM Page 1

ਮਨੀਪੁਰ ਘਟਨਾ ਨੇ ਸਮੁੱਚੇ ਸਮਾਜ ਨੂੰ ਕਲੰਕਿਤ ਕੀਤਾ : ਡਾ. ਬਲੱਗਣ

ਸਮਰਾਲਾ, (ਸੁਰਜੀਤ ਸਿੰਘ) -ਮਨੀਪੁਰ 'ਚ ਗੈਰ ਸਮਾਜੀ ਅਨਸਰਾਂ ਵੱਲੋਂ ਇਨਸਾਨੀਅਤ ਤੋਂ ਗਿਰਿਆ ਘਿਨੌਣਾ ਕਾਂਡ ਬੇਸ਼ੱਕ ਦੂਰ-ਦੁਰਾਡੇ ਸੂਬੇ 'ਚ ਵਾਪਰਿਆ ਹੈ, ਪਰ ਉਸ ਦਾ ਸੇਕ ਸਾਰੇ ਦੇਸ਼ ਅਤੇ ਦੁਨੀਆ 'ਚ ਮਹਿਸੂਸ ਕੀਤਾ ਗਿਆ। ਇਸ ਕਾਂਡ ਨੇ ਸਾਰੇ ਸੱਭਿਆ ਸਮਾਜ ਨੂੰ ਕਲੰਕਿਤ ਕਰ ਦਿੱਤਾ ਹੈ। ਇਹ ਵਿਚਾਰ ਅੱਜ ਇੱਥੇ ਸਮਾਜਵਾਦੀ ਪਾਰਟੀ ਦੇ ਪੰਜਾਬ ਪ੍ਰਧਾਨ ਡਾ. ਸੋਹਨ ਲਾਲ ਬਲੱਗਣ ਨੇ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਮਨੀਪੁਰ ਅਤੇ ਹਰਿਆਣਾ ਦੇ ਕਸਬਾ ਨੂਹ ਵਿਖੇ ਹੋਈਆਂ ਗੈਰ ਮਨੁੱਖੀ ਘਟਨਾਵਾਂ ਦੇ ਵਿਰੋਧ 'ਚ ਦਿੱਤੀ ਬੰਦ ਦੀ ਕਾਲ ਦੇ ਚਲਦਿਆਂ ਵਿਰੋਧ ਪ੍ਰਦਰਸ਼ਨ ਕਰ ਰਹੇ ਵੱਖ ਵੱਖ ਪਾਰਟੀਆਂ ਦੇ ਆਗੂਆਂ ਅਤੇ ਆਮ ਲੋਕਾਂ ਨੂੰ ਸੰਬੋਧਨ ਕਰਦਿਆਂ ਕਹੀ। ਉਨ੍ਹਾ ਕਿਹਾ ਕਿ ਦੇਸ਼ ਉੱਤੇ ਭਾਜਪਾ ਦਾ ਰਾਜ ਹੈ ਅਤੇ ਇਸ ਨੂੰ ਮੂਲਵਾਦੀ ਜਥੇਬੰਦੀ ਆਰ ਐਸ ਐਸ ਚਲਾ ਰਹੀ ਹੈ, ਜੋ ਸੰਵਿਧਾਨ 'ਚ ਵਿਸ਼ਵਾਸ ਨਾ ਰੱਖ ਕੇ ਮਨੂ ਸਮਰਿਤੀ ਅਨੁਸਾਰ ਦੇਸ਼ ਨੂੰ ਚਲਾਉਣ ਦੀ ਕੋਸ਼ਿਸ਼ ਕਰਦੀ ਹੈ। ਦੇਸ਼ ਦੀਆਂ ਔਰਤਾਂ ਦੀ ਇੱਜ਼ਤ ਮਹਿਫੂਜ਼ ਨਹੀਂ। ਕਿਉਂਕਿ ਮਨੂ ਸਮਰਿਤੀ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਦਲਿਤ ਸਮਾਜ ਨੂੰ ਬਰਾਬਰੀ ਦਾ ਦਰਜਾ ਨਹੀਂ ਦਿੰਦੀ। ਉਨ੍ਹਾ ਕਿਹਾ ਕਿ ਮਨੀਪੁਰ ਕਾਂਡ ਦੇ

ਦੋਸ਼ੀਆਂ ਦਾ ਕੇਸ ਫਾਸਟ ਟ੍ਰੈਕ ਕੋਰਟਾਂ ਵਿਚ ਨਜਿੱਠ ਕੇ ਸਖਤ ਸਜ਼ਾ ਦਿੱਤੀ ਜਾਵੇ, ਤਾਂ ਜੋ ਭਵਿੱਖ ਵਿਚ ਔਰਤਾਂ ਦੀ ਇੱਜ਼ਤ ਇਸ ਢੰਗ ਨਾਲ ਗਲੀਆਂ 'ਚ ਨਾ ਰੁਲੇ। ਐਡਵੋਕੇਟ ਸ਼ਿਵ ਕਲਿਆਣ ਨੇ ਕਿਹਾ ਕਿ ਸਮਾਜ ਅਤੇ ਧਰਮ ਦੇ ਠੇਕੇਦਾਰਾਂ ਨੇ ਔਰਤ ਨੂੰ ਬਰਾਬਰੀ ਦਾ ਰੁਤਬਾ ਨਹੀਂ ਦਿੱਤਾ। ਉਨ੍ਹਾ ਦੇਸ਼ ਦੇ ਰਾਸ਼ਟਰਪਤੀ ਤੋਂ ਮੰਗ ਕੀਤੀ ਕਿ ਮਨੀਪੁਰ ਦੀ ਡਬਲ ਇੰਜਣ ਸਰਕਾਰ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਅਤੇ ਦੋਸ਼ੀਆਂ ਨੂੰ ਜਲਦੀ ਬਣਦੀ ਸਜ਼ਾ ਦਿੱਤੀ ਜਾਵੇ। ਇਕੱਠ ਨੂੰ ਦਲਬੀਰ ਸਿੰਘ ਮੰਡਿਆਲਾ ਬੀ ਐਸ ਪੀ ਅਤੇ ਬਲਵਿੰਦਰ ਸਿੰਘ ਬੰਬ ਕਾਂਗਰਸ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਸਾਰੀਆਂ ਜਥੇਬੰਦੀਆਂ ਨੇ ਇੱਕ ਸਾਂਝਾ ਮੰਗ ਪੱਤਰ ਸਥਾਨਕ ਐਸ ਡੀ ਐਮ ਰਾਹੀਂ ਰਾਸ਼ਟਰਪਤੀ ਨੂੰ ਭੇਜ ਕੇ ਮੰਗ ਕੀਤੀ ਕਿ ਮਨੀਪੁਰ ਸਰਕਾਰ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਭਜਨ ਸਿੰਘ, ਦਲਬੀਰ ਸਿੰਘ ਮੰਡਿਆਲਾ ਬੀ ਐਸ ਪੀ, ਬਹਾਦਰ ਸਿੰਘ ਬੀ ਐਸ ਪੀ, ਅਮਰਜੀਤ ਸਿੰਘ ਬਾਲਿਓਂ, ਡਾ. ਸੋਹਨ ਲਾਲ ਬਲੱਗਣ ਪੰਜਾਬ ਪ੍ਰਧਾਨ ਸਮਾਜਵਾਦੀ ਪਾਰਟੀ, ਐਡਵੋਕੇਟ ਸ਼ਿਵ ਕਲਿਆਣ ਬੀ ਐਸ ਪੀ, ਅਜੈਬ ਸਿੰਘ, ਸਵਿੰਦਰ ਸਿੰਘ ਐਂਟੀ ਕੁਰੱਪਸ਼ਨ, ਕਰਮਚੰਦ ਮੈਨੇਜਰ, ਪ੍ਰੇਮ ਨਾਥ ਸ਼ਰਮਾ ਅਤੇ ਸੁਰਿੰਦਰ ਕੁਮਾਰ ਅੰਗਰੀਸ਼ ਆਦਿ ਸ਼ਾਮਲ ਸਨ।

ਮੁਫ਼ਤ ਮੈਡੀਕਲ ਤੇ ਅੱਖਾਂ ਦਾ ਚੈੱਕਅਪ ਕੈਂਪ ਲਾਇਆ

ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)-ਸੰਤ ਭਵਨ ਠਾਠ ਡੇਰਾ ਨਮੋਸਰ ਸਾਹਿਬ ਰਾਏਪੁਰ ਚੋਬਦਾਰਾ ਵਿਖੇ ਧੰਨ-ਧੰਨ ਸੰਤ ਸੁਆਮੀ ਨਮੋ ਨਾਥ ਮਹਾਰਾਜ ਜੀ ਦੀ ਯਾਦ ਨੂੰ ਸਮਰਪਤ ਸੰਤ ਸੁਆਮੀ ਨਮੋ ਨਾਥ ਜੀ ਚਰਨ ਸੇਵਕ, ਸੇਵਾ ਸੁਸਾਇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਕੈਂਪ ਤੇ ਜਨਰਲ ਬਿਮਾਰੀਆਂ ਦਾ ਕੈਂਪ ਲਾਇਆ ਗਿਆ। ਕੈਂਪ ਦਾ ਉਦਘਾਟਨ ਡੇਰੇ ਦੀ ਸੰਤ ਮੰਡਲੀ ਵੱਲੋਂ ਕੀਤਾ ਗਿਆ।

ਕੈਂਪ ਵਿੱਚ 1000 ਦੇ ਕਰੀਬ ਮਰੀਜ਼ਾਂ ਦਾ ਮਾਹਰ ਡਾ. ਜਿਵੀਤੇਸ਼ ਚਾਹਲ, ਡਾ. ਪ੍ਰਭਜੋਤ ਸਿੰਘ ਲੁਧਿਆਣਾ ਤੇ ਅੱਖਾਂ ਦੇ ਮਾਹਰ ਡਾ. ਗੁਰਵਿੰਦਰ ਸਿੰਘ ਰੰਧਾਵਾ ਵੱਲੋਂ ਮਰੀਜ਼ਾਂ ਦਾ ਚੈੱਕਅਪ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ, ਉਥੇ ਹੀ 250 ਦੇ ਕਰੀਬ ਮਰੀਜ਼ਾਂ ਦੇ ਲੈਨਜ ਪਾਉਣ ਲਈ ਚੋਣ ਕੀਤੀ ਗਈ।

ਇਸ ਮੌਕੇ ਬਾਬਾ ਜੈ ਦੇਵ, ਬਾਬਾ ਝਿਲਮਿਲ ਨਾਥ, ਬਾਬਾ ਸੋਮਨਾਥ, ਬਾਬਾ ਅਮਰੀਕ ਨਾਥ, ਬਾਬਾ ਜਗਨਨਾਥ, ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਵਾਲ, ਸਵਰਨ ਸਿੰਘ, ਜਸਵੀਰ ਸਿੰਘ, ਤੇਜਵੰਤ ਸਿੰਘ, ਸਰਬਜੀਤ ਮਹਿਤਾ, ਡਾ. ਹਰਜਿੰਦਰ ਸਿੰਘ, ਹੈਪੀ ਸਿੰਘ ਚੋਬਦਾਰਾ ਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

ਕੇਂਦਰ ਹੜ੍ਹਾਂ ਨਾਲ ਹੋਏ ਨੁਕਸਾਨ ਨੂੰ ਕੁਦਰਤੀ ਆਫ਼ਤ ਐਲਾਨੇ : ਕੁੱਲ ਹਿੰਦ ਕਿਸਾਨ ਸਭਾ

ਲੁਧਿਆਣਾ (ਐਮ.ਐਸ. ਭਾਟੀਆ/ਰੈਕਟਰ ਕਥੂਰੀਆ)- ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਪ੍ਰਧਾਨ ਭੁਪਿੰਦਰ ਸਿੰਘ ਸਾਂਭਰ ਦੀ ਪ੍ਰਧਾਨਗੀ ਹੇਠ ਜਥੇਬੰਦੀ ਦੇ ਮੁੱਖ ਦਫ਼ਤਰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ, ਜਿਸ ਵਿੱਚ ਪੰਜਾਬ ਦੇ 18 ਜ਼ਿਲ੍ਹਿਆਂ ਤੋਂ ਜਥੇਬੰਦੀ ਦੇ ਵੱਖ-ਵੱਖ ਅਹੁਦੇਦਾਰਾਂ ਨੇ ਹਿੱਸਾ ਲਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ ਨੇ ਪਿਛਲੇ ਸਮੇਂ ਜਥੇਬੰਦੀ ਵੱਲੋਂ ਕੀਤੇ ਗਏ ਕੰਮਾਂ ਦੀ ਰਿਪੋਰਟ ਕੀਤੀ, ਉਥੇ ਖਾਸ ਕਰਕੇ ਪਿਛਲੇ ਸਮੇਂ ਪੰਜਾਬ ਅੰਦਰ ਆਏ ਹੜ੍ਹਾਂ ਵੇਲੇ ਲੋਕਾਂ ਦੀ ਔਖੀ ਘੜੀ ਬਾਂਹ ਫੜਨ ਵਾਲੀਆਂ ਸਮਾਜ ਸੇਵੀ, ਧਾਰਮਿਕ ਸੰਸਥਾਵਾਂ, ਨੌਜਵਾਨ, ਕਿਸਾਨ ਵੀਰਾਂ ਨੇ ਜਿਸ ਤਰ੍ਹਾਂ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਟਰੈਕਟਰਾਂ ਉੱਪਰ ਰਾਸ਼ਨ ਤੇ ਪਸ਼ੂਆਂ ਵਾਸਤੇ ਚਾਰੇ ਨੂੰ ਪੁਚਾਇਆ, ਉਸ ਲਈ ਉਨ੍ਹਾਂ ਸਾਰਿਆਂ ਦਾ ਧੰਨਵਾਦ ਕੀਤਾ।

ਜਥੇਬੰਦੀ ਨੇ ਕੇਂਦਰ ਸਰਕਾਰ ਕੋਲੋਂ ਮੰਗ ਕੀਤੀ ਕਿ ਹੜ੍ਹਾਂ ਨਾਲ ਹੋਏ ਨੁਕਸਾਨ ਨੂੰ ਕੁਦਰਤੀ ਆਫਤ ਦਾ ਐਲਾਨ ਕਰਕੇ ਪੰਜਾਬ ਨੂੰ ਤੁਰੰਤ ਵਿਸ਼ੇਸ਼ ਪੈਕੇਜ ਦਿੱਤਾ ਜਾਵੇ। ਉਥੇ ਜਥੇਬੰਦੀ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਭਾਵੇਂ ਕਿਸਾਨ ਜਥੇਬੰਦੀਆਂ ਤੇ ਆਮ ਲੋਕਾਂ ਦੇ ਉਪਰਾਲੇ ਨਾਲ ਝੋਨੇ ਦੀ ਬੀਜੀ ਪਨੀਰੀ ਨਾਲ ਦੁਬਾਰਾ ਲਵਾਈ ਸ਼ੁਰੂ ਹੋ ਗਈ ਹੈ, ਪਰ ਬਹੁਤ ਸਾਰਾ ਰਕਬਾ, ਜਿਸ ਵਿੱਚ ਰੇਤ ਤੇ ਪਾਣੀ ਖੜਾ

ਹੈ, ਉਹ ਲਵਾਈ ਹੇਠ ਨਹੀਂ ਆ ਸਕਦਾ।

ਉਨ੍ਹਾਂ ਇਲਾਕਿਆਂ ਵਿੱਚੋਂ ਕਿਸਾਨਾਂ ਨੂੰ ਆਪਣੀਆਂ ਜ਼ਮੀਨਾਂ ਨੂੰ ਅਗਲੀ ਫ਼ਸਲ ਵਾਸਤੇ ਤਿਆਰ ਕਰਨ ਲਈ ਹੜ੍ਹਾਂ ਕਾਰਨ ਆਈ ਮਿੱਟੀ ਰੇਤ ਆਦਿ ਹਟਾਉਣ ਲਈ ਮਾਈਨਿੰਗ ਐਕਟ ਤੋਂ ਛੋਟ ਦੇਵੇ।

ਜਥੇਬੰਦੀ ਨੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਗਏ ਪ੍ਰੋਗਰਾਮਾਂ ਖਾਸ ਕਰਕੇ ਹੜ੍ਹਾਂ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ 19 ਅਗਸਤ ਨੂੰ ਪੰਜਾਬ ਅੰਦਰ ਬੀਜੇਪੀ ਦੇ ਪ੍ਰਮੁੱਖ ਆਗੂਆਂ ਐਮ.ਪੀ/ਐਮ.ਐਲ. ਏ ਤੇ ਆਮ ਆਦਮੀ ਪਾਰਟੀ ਦੇ ਮੰਤਰੀਆਂ, ਐਮ.ਐਲ.ਏ ਨੂੰ ਮੰਗ ਪੱਤਰ/ਚਿਤਾਵਨੀ ਪੱਤਰ ਦੇਣ ਦੇ ਪ੍ਰੋਗਰਾਮਾਂ ਨੂੰ ਕਾਮਯਾਬ ਕਰਨ ਲਈ ਸਾਰਿਆਂ ਜ਼ਿਲ੍ਹਿਆਂ ਨੂੰ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।

ਮੀਟਿੰਗ ਨੂੰ ਵਿਸ਼ੇਸ਼ ਤੌਰ 'ਤੇ ਖੇਤੀ ਵਿਗਿਆਨੀ ਰਜਿੰਦਰ ਸਿੰਘ ਔਲਖ ਅਤੇ ਗੁਲਜ਼ਾਰ ਸਿੰਘ ਪੰਧੇਰ ਨੇ ਵੀ ਸੰਬੋਧਨ ਕੀਤਾ। ਮੀਟਿੰਗ ਨੂੰ ਜਥੇਬੰਦੀ ਦੇ ਵਰਕਿੰਗ ਪ੍ਰਧਾਨ ਬਲਕਰਨ ਸਿੰਘ ਬਰਾੜ, ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲ, ਸੂਰਤ ਸਿੰਘ ਧਰਮਕੋਟ, ਲਖਬੀਰ ਸਿੰਘ ਨਿਜਾਮਪੁਰ ਨੇ ਵੀ ਸੰਬੋਧਨ ਕੀਤਾ।

ਕਾਤਰਾਂ

ਐੱਸ ਐੱਸ ਪੀ ਵੱਲੋਂ ਜ਼ਿਲ੍ਹੇ ਦੇ ਕੈਮਿਸਟਾਂ ਨਾਲ ਮੀਟਿੰਗ

ਮਾਨਸਾ (ਪੱਤਰ ਪ੍ਰੇਰਕ)-ਜ਼ਿਲ੍ਹੇ ਅੰਦਰ ਪੁਲਸ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਮੁਹਿਮ ਨੂੰ ਉਸ ਸਮੇਂ ਭਾਰੀ ਉਤਸ਼ਾਹ ਮਿਲਿਆ, ਜਦੋਂ ਡਾ. ਨਾਨਕ ਸਿੰਘ ਸੀਨੀਅਰ ਕਪਤਾਨ ਪੁਲਸ ਦੀ ਅਗਵਾਈ ਹੇਠ ਬੱਚਤ ਭਵਨ ਵਿਖੇ ਸਮੂਹ ਕੈਮਿਸਟਾਂ ਤੇ ਮੈਡੀਕਲ ਦੁਕਾਨਦਾਰਾਂ ਵੱਲੋਂ ਜ਼ਿਲ੍ਹਾ ਨੂੰ ਨਸ਼ਾ ਮੁਕਤ ਕਰਨ ਦਾ ਪ੍ਰਣ ਲਿਆ। ਇਸ ਮੌਕੇ ਉਨ੍ਹਾਂ ਵੱਲੋਂ ਕੈਮਿਸਟਾਂ ਨੂੰ ਅਪੀਲ ਕੀਤੀ ਗਈ ਕਿ ਨੌਜਵਾਨਾਂ ਵਿੱਚ ਵਧ ਰਹੀ ਮੈਡੀਕਲੀ ਨਸ਼ੇ ਦੀ ਲਤ ਆਉਣ ਵਾਲੇ ਸਮੇਂ ਵਿੱਚ ਭਿਆਨਕ ਰੂਪ ਧਾਰਨ ਕਰ ਸਕਦੀ ਹੈ। ਇਸ ਕਾਰਨ ਦਵਾਈ ਵਿਕਰੇਤਾ ਨੌਜਵਾਨ ਵਰਗ ਨੂੰ ਬਿਨਾਂ ਕਿਸੇ ਡਾਕਟਰ ਦੇ ਲਿਖੇ ਤੋਂ ਕੋਈ ਵੀ ਦਵਾਈ ਨਾ ਵੇਚਣ। ਜੇਕਰ ਸਾਰੇ ਸ਼ਹਿਰ ਤੇ ਇਲਾਕਾ ਦੇ ਪਿੰਡਾਂ ਵਿੱਚ ਮੈਡੀਕਲ ਸਟੋਰਾਂ ਰਾਹੀ ਦਵਾਈਆਂ ਵੇਚਣ ਵਾਲੇ ਇਸ ਨਿਯਮ ਨੂੰ ਅਪਣਾ ਲੈਣ ਤਾਂ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਇਆ ਜਾ ਸਕਦਾ ਹੈ। ਕੈਮਿਸਟਾਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਜੇਕਰ ਕੋਈ ਵੀ ਕੈਮਿਸਟ ਪਾਬੰਦੀਸ਼ੁਦਾ ਦਵਾਈਆਂ ਜਾਂ ਕੋਈ ਵੀ ਨਸ਼ੀਲੀਆਂ ਦਵਾਈਆਂ ਵੇਚੇਗਾ ਤਾਂ ਉਸ ਦਾ ਪੂਰਨ ਤੌਰ ਪਰ ਬਾਈਕਾਟ ਕੀਤਾ ਜਾਵੇਗਾ।

ਖੇਤੀਬਾੜੀ ਵਿਭਾਗ ਵੱਲੋਂ ਨਰਮੇ ਤੇ ਝੋਨੇ ਦੀ ਫਸਲ ਸੰਬੰਧੀ ਕਿਸਾਨ ਸਿਖਲਾਈ ਕੈਂਪ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ ਬਠਿੰਡਾ ਵੱਲੋਂ ਡਾਇਰੈਕਟਰ ਖੇਤੀਬਾੜੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮੁੱਖ ਖੇਤਬਾੜੀ ਅਫਸਰ ਡਾ. ਹਸਨ ਸਿੰਘ ਅਤੇ ਖੇਤੀਬਾੜੀ ਅਫਸਰ ਡਾ. ਬਲਜਿੰਦਰ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਉਣੀ ਦੀਆਂ ਫਸਲਾਂ ਨਰਮਾ ਅਤੇ ਝੋਨੇ ਦੀ ਸਿੱਧੀ ਬਿਜਾਈ ਅਤੇ ਬਾਸਮਤੀ ਝੋਨੇ ਸੰਬੰਧੀ ਸਰਕਲ ਬੱਲੂਆਣਾ ਦੇ ਪਿੰਡ ਵਿਰਕ ਕਲਾਂ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਕੈਂਪ ਵਿੱਚ ਡਾ. ਲਵਪ੍ਰੀਤ ਕੌਰ ਨੇ ਨਰਮੇ ਦੀ ਫਸਲ ਵਿੱਚ ਚਿੱਟੀ ਮੱਖੀ, ਹਰੇ ਤੇਲੇ ਅਤੇ ਗੁਲਾਬੀ ਸੁੰਡੀ ਦੇ ਸਰਵੇਖਣ ਸੰਬੰਧੀ ਅਤੇ ਇਸ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨਰਮੇ ਦੀ ਫਸਲ 'ਚ ਖਾਦ 13:0:45 ਦੀਆਂ ਚਾਰ ਸਪਰੇਅ ਹਫਤੇ- ਹਫਤੇ ਬਾਅਦ ਕਰਨ ਦੀ ਸਲਾਹ ਦਿੱਤੀ ਤੇ ਮਿੱਟੀ ਪਾਣੀ ਦੀ ਪਰਖ ਦੇ ਅਧਾਰ 'ਤੇ ਖਾਦਾਂ ਦੀ ਸੁਚੱਜੀ ਵਰਤੋਂ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ । ਖੇਤੀਬਾੜੀ ਉਪ-ਨਿਰੀਖਕ ਅਮਨਵੀਰ ਕੌਰ ਨੇ ਝੋਨੇ ਅਤੇ ਬਾਸਮਤੀ ਫਸਲ ਦੀਆਂ ਬਿਮਾਰੀਆਂ ਅਤੇ ਰੋਕਥਾਮ ਬਾਰੇ ਜਾਣਕਾਰੀ ਦਿੰਦੇ ਹੋਏ ਕਿਸਾਨਾਂ ਨੂੰ ਅਪੀਲ ਕੀਤੀ ਕਿ ਬੇਲੋੜੀਆ ਖਾਦਾਂ ਅਤੇ ਕੀੜੇਮਾਰ ਦਵਾਈਆਂ ਨਾ ਵਰਤਣ। ਕੈਂਪ ਵਿੱਚ ਸੁਪਰਵਾਈਜ਼ਰ ਕੁਲਵੰਤ ਸਿੰਘ, ਕਿਸਾਨ ਮਿੱਤਰ ਸੁਖਵਿੰਦਰ ਸਿੰਘ ਅਤੇ ਪਿੰਡਾਂ ਦੇ ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।

ਵਿਜ਼ਡਮ ਵਰਲਡ ਸਕੂਲ 'ਚ ਤੀਜ ਦਾ ਤਿਉਹਾਰ ਮਨਾਇਆ

ਮੁਕਤਸਰ (ਸ਼ਮਿੰਦਰਪਾਲ /ਪੂਜਾ)-ਵਿਜ਼ਡਮ ਵਰਲਡ ਸਕੂਲ, ਥਾਂਦੇਵਾਲਾ ਵਿਖੇ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਸਕੂਲ 'ਚ 'ਸਾਵਨ' ਦੀ ਯਾਦ ਵਿੱਚ ਤੀਜ ਦਾ ਤਿਉਹਾਰ ਮਨਾਇਆ। ਵਿਦਿਆਰਥੀਆਂ ਦੇ ਨਾਲ-ਨਾਲ ਅਧਿਆਪਕਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ ਅਤੇ ਸਹਾਇਕ ਉਪਕਰਣਾਂ ਵਿੱਚ ਸਜੇ ਸਕੂਲ ਨੂੰ ਇੱਕ ਸਹੀ ਤਿਉਹਾਰ ਦੀ ਦਿੱਖ ਪ੍ਰਦਾਨ ਕੀਤੀ। ਲੜਕੀਆਂ ਦੇ ਇੰਟਰ ਹਾਊਸ ਮਹਿੰਦੀ ਡਿਜ਼ਾਈਨ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਦੇ ਜੱਜ ਸਕੂਲ ਡਾਇਰੈਕਟਰ ਮੈਡਮ ਹਾਜ਼ਰ ਸਨ ਅਤੇ ਬਾਅਦ ਦੁਪਹਿਰ ਮਿਸ ਤੀਜ ਦਾ ਖਿਤਾਬ ਵੀ ਦਿੱਤਾ ਗਿਆ। ਪੰਜਾਬੀ ਸੱਭਿਆਚਾਰ ਦੇ ਗਿਆਨ ਨੂੰ ਪਰਖਣ ਦਾ ਇੱਕ ਛੋਟਾ ਜਿਹਾ ਮੁਕਾਬਲਾ 'ਸਭਿਅਤਾ' ਵੀ ਇਸ ਮੁਕਾਬਲੇ ਦਾ ਹਿੱਸਾ ਸੀ। ਮਿਸ ਤੀਜ ਦਾ ਖਿਤਾਬ ਨੌਵੀਂ ਜਮਾਤ ਵਿੱਚ ਪੜ੍ਹਦੀ ਮਿਸ ਰਮਨੀਤ ਕੌਰ ਨੂੰ ਦਿੱਤਾ ਗਿਆ ਅਤੇ ਪਹਿਲੀ ਰਨਰਅੱਪ ਦਸਵੀਂ ਜਮਾਤ ਦੀ ਮਿਸ ਸਰਨਪ੍ਰੀਤ ਕੌਰ ਰਹੀ।

ਵਿਦਿਆਰਥੀਆਂ ਦੀ ਆਰਥਿਕ ਮਦਦ ਕਰਕੇ ਮਨਾਇਆ ਜਨਮ ਦਿਨ

ਕੋਟਕਪੂਰਾ, (ਰਛਪਾਲ ਭੁੱਲਰ) ਹੋਟਲ, ਪੈਲੇਸ ਜਾਂ ਵੱਡੇ ਸ਼ਾਮਿਆਨੇ ਲਾ ਕੇ ਆਪਣਾ ਜਨਮ ਦਿਨ ਮਨਾਉਣ ਦੀ ਬਜਾਇ ਐਨ.ਆਰ.ਆਈ. ਮਦਨ ਲਾਲ ਸ਼ਰਮਾ ਨੇ ਨਿਵੇਕਲਾ ਢੰਗ ਅਪਣਾਉਂਦਿਆਂ ਸਰਕਾਰੀ ਸਕੂਲ ਦੇ ਬੱਚਿਆਂ ਦੀ ਆਰਥਿਕ ਮੱਦਦ ਕਰਕੇ ਜਨਮ ਦਿਨ ਮਨਾ ਕੇ ਇਕ ਵਿਲੱਖਣ ਸੁਨੇਹਾ ਦੇਣ ਦੀ ਕੋਸ਼ਿਸ਼ ਕੀਤੀ ਹੈ। ਭਾਈ ਕਿਸ਼ਨ ਸਿੰਘ ਸਰਕਾਰੀ ਸੀਨੀਅਰ ਸਕੂਲ ਸੰਧਵਾਂ ਦੇ 12ਵੀਂ ਦੇ ਵਿਦਿਆਰਥੀਆਂ ਕਾਕੂ ਕੁਮਾਰ ਤੇ ਸੁਖਦੀਪ ਸਿੰਘ ਦੀ ਫੰਡ ਅਤੇ ਸਲਾਨਾ ਫੀਸਾਂ ਦੇ ਕੇ ਐਮ.ਐਲ. ਸ਼ਰਮਾ ਨੇ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਦੀ ਆਰਥਿਕ ਮੱਦਦ ਕੀਤੀ। ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਦੇ ਸੰਸਥਾਪਕ ਮਾ. ਐੱਸ.ਐੱਸ. ਸੁਨਾਮੀ ਨੇ ਹੋਰਨਾਂ ਨੂੰ ਵੀ ਆਪਣੇ ਜਨਮ ਦਿਨ ਜਾਂ ਵਿਆਹ ਦੀ ਵਰ੍ਹੇਗੰਢ ਦੀ ਖੁਸ਼ੀ ਐੱਮ.ਐੱਲ. ਸ਼ਰਮਾ ਦੀ ਤਰਾਂ ਮਨਾਉਣ ਦਾ ਸੁਨੇਹਾ ਦਿੰਦਿਆਂ ਆਖਿਆ ਕਿ ਸਰਕਾਰੀ ਸਕੂਲਾਂ 'ਚ ਪੜ੍ਹਦੇ ਹੁਸ਼ਿਆਰ, ਹੋਣਹਾਰ ਤੇ ਹਰ ਤਰ੍ਹਾਂ ਦੀ ਕਾਬਲੀਅਤ ਰੱਖਣ ਦੇ ਬਾਵਜੂਦ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀ-ਵਿਦਿਆਰਥਣਾਂ ਦੀ ਮੱਦਦ ਵੱਲ ਧਿਆਨ ਦੇਣ ਦੀ ਲੋੜ ਹੈ। ਸਕੂਲ ਮੁਖੀ ਪ੍ਰਿੰਸੀਪਲ ਮ

10-Aug-PAGE- 8 qxd.qxd 8/9/2023 10:41 PM Page 1

ਸਾਂਝਾ ਫਰੰਟ ਵੱਲੋਂ 20 ਦੀ ਸੂਬਾਈ ਕਨਵੈਨਸ਼ਨ ਨੂੰ ਕਾਮਯਾਬ ਕਰਨ ਦਾ ਫੈਸਲਾ

ਜਲੰਧਰ: (**ਰਾਜੇਸ਼ ਥਾਪਾ**) ਪੰਜਾਬ-ਯੂ.ਟੀ.ਮੁਲਾਜਮ ਅਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਵਲੋਂ ਪਿਛਲੇ ਲੰਬੇ ਸਮੇਂ ਤੋਂ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਸਾਂਝੀਆਂ ਹੱਕੀ ਅਤੇ ਜਾਇਜ ਮੰਗਾਂ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ। ਸੰਘਰਸ ਦੇ ਦਬਾਅ ਸਦਕਾ ਮੁੱਖ ਮੰਤਰੀ ਪੰਜਾਬ ਵਾਰ ਵਾਰ ਮੀਟਿੰਗ ਦਾ ਸਮਾਂ ਦੇ ਕੇ, ਸਾਂਝਾ ਫਰੰਟ ਦੇ ਸੂਬਾਈ ਆਗੂਆਂ ਨਾਲ ਸੁਖਾਵੇਂ ਮਾਹੌਲ ਵਿੱਚ ਗੱਲਬਾਤ ਕਰਨ ਤੋਂ ਵਾਰ ਵਾਰ ਭੱਜ ਰਿਹਾ ਹੈ ਅਤੇ ਮੀਟਿੰਗ ਦੀ ਮਿਤੀ ਵਾਰ ਵਾਰ ਅੱਗੇ ਪਾਈ ਜਾ ਰਿਹਾ ਹੈ। ਜਿਸ ਕਾਰਨ ਸਮੁੱਚੇ ਵਰਗਾਂ ਦੇ ਮਨਾਂ ਵਿੱਚ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਪ੍ਰਤੀ ਗੁੱਸੇ ਦੀ ਲਹਿਰ ਭੜਕੀ ਹੋਈ ਹੈ। ਸਮੂਹ ਮੁਲਾਜਮਾਂ ਦੇ ਗੁੱਸੇ ਨੂੰ ਪੰਜਾਬ ਸਰਕਾਰ ਪ੍ਰਤੀ ਇੱਕ ਜੁੱਟ ਲਾਮਬੰਦ ਕਰਕੇ ਫਿਰ ਤੋਂ ਸੰਘਰਸ਼ਾਂ ਨੂੰ ਤੇਜ ਕਰਨ ਲਈ ਸਾਂਝਾ ਫਰੰਟ ਪੰਜਾਬ ਵਲੋਂ 20 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਦੇ ਪ੍ਰਬੰਧਾਂ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਅਤੇ ਕਨਵੈਨਸ਼ਨ ਵਿੱਚ ਸਾਂਝਾ ਫਰੰਟ ਜਲੰਧਰ ਦੀ ਸ਼ਮੂਲੀਅਤ ਨੂੰ ਵੱਡੀ ਗਿਣਤੀ ਵਿੱਚ ਯਕੀਨੀ ਬਣਾਉਣ ਲਈ ਪੰਜਾਬ-ਯੂ.ਟੀ.ਮੁਲਾਜਮ ਅਤੇ ਪੈਨਸ਼ਨਰ ਸਾਂਝਾ ਫਰੰਟ ਜਲੰਧਰ ਦੀ ਮੀਟਿੰਗ ਦੇਸ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪੁਸ਼ਪਿੰਦਰ ਕੁਮਾਰ ਵਿਰਦੀ, ਮੰਗਤ ਰਾਮ, ਲਲਿਤ ਕੁਮਾਰ, ਸੰਜੀਵ ਕੁਮਾਰ .., ਕੁਲਦੀਪ ਵਾਲੀਆ ਬਿਲਗਾ.ਅਤੇ ਬਲਵਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਂਝਾ ਫਰੰਟ ਪੰਜਾਬ ਦੇ ਸੂਬਾਈ ਆਗੂ ਤੀਰਥ ਸਿੰਘ ਬਾਸੀ ਨੇ 20 ਅਗਸਤ ਦੀ ਸੂਬਾਈ ਕਨਵੈਨਸ਼ਨ ਦੀਆਂ ਮੰਗਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਵੱਖ-ਵੱਖ ਵਿਭਾਗਾਂ ਵਿੱਚ ਲੰਬੇ ਸਮੇਂ ਤੋਂ ਕੰਮ ਕਰਦੇ ਸਮੂਹ ਕੱਚੇ ਮੁਲਾਜਮਾਂ ਨੂੰ ਪੂਰੇ ਪੂਰੇ ਗਰੇਡਾਂ ਵਿੱਚ ਬਿਨਾਂ ਸ਼ਰਤ ਸੀ.ਐੱਸ.ਆਰ.ਦੇ ਨਿਯਮਾਂ ਅਨੁਸਾਰ ਰੈਗੂਲਰ ਕਰਨ, ਚੋਣ ਵਾਅਦੇ ਅਨੁਸਾਰ ਮਾਣ ਭੱਤਾ ਮੁਲਾਜਮਾਂ ਦਾ ਮਾਣ ਭੱਤਾ ਦੁੱਗਣਾ ਕਰਨ, 1972 ਦੇ ਨਿਯਮਾਂ ਅਨੁਸਾਰ 2004 ਤੋਂ ਨਿਯੁਕਤ ਮੁਲਾਜਮਾਂ 'ਤੇ ਨਵੀਂ ਪੈਨਸਨ ਰੱਦ ਕਰਕੇ ਪੁਰਾਣੀ ਪੈਂਨਸਨ ਸਕੀਮ ਬਹਾਲ ਕਰਨ, ਛੇਵੇਂ ਪੇ ਕਮਿਸ਼ਨ ਦੇ ਮੁਲਾਜਮਾਂ ਅਤੇ ਪੈਨਸ਼ਨਰਾਂ ਦੇ 66 ਮਹੀਨਿਆਂ ਦੇ ਬਕਾਏ ਤੁਰੰਤ ਨਗਦ ਦੇਣ, ਛੇਵੇਂ ਪੇ ਕਮਿਸ਼ਨ ਦੀ ਕੀਤੀ ਸਿਫਾਰਸ਼ ਅਨੁਸਾਰ ਪੈਂਨਸਨਰਾਂ ਨੂੰ 2.59 ਗੁਣਾਂਕ ਨਾਲ ਪੈਂਨਸਨ ਰੀਵਾਈਜ ਦਾ ਲਾਭ ਦੇਣ, ਮੈਡੀਕਲ ਭੱਤਾ 2000/- ਰੁਪਏ ਮਹੀਨਾ ਕਰਨ, ਸੈਂਤੀ ਪ੍ਰਕਾਰ ਦੇ ਬੰਦ ਕੀਤੇ ਭੱਤੇ ਬਹਾਲ ਕਰਨ, ਕੈਸ਼ ਲੈੱਸ ਹੈੱਲਥ ਸਕੀਮ ਨੂੰ ਸੋਧ ਕੇ ਦੋਬਾਰਾ ਲਾਗੂ ਕਰਨ ਆਦਿ ਮੰਗਾਂ ਨੂੰ ਦੇ ਕੇ ਸੂਬਾਈ ਕਨਵੈਨਸ਼ਨ ਕੀਤੀ ਜਾ ਰਹੀ ਹੈ ਤਾਂ ਜੋ ਫਿਰ ਤੋਂ ਮੁਲਾਜਮਾਂ ਦੀ ਲਾਮਬੰਦੀ ਕਰਕੇ ਪੰਜਾਬ ਸਰਕਾਰ ਦੇ ਵਿਰੁੱਧ ਅਗਲੇ ਸੰਘਰਸ਼ਾਂ ਦਾ ਬਿਗਲ ਵਜਾਇਆ ਜਾ ਸਕੇ। ਸੂਬਾਈ ਕਨਵੈਨਸ਼ਨ ਦੇ ਪ੍ਰਬੰਧਾਂ ਦੀ ਤਿਆਰੀ ਹਿੱਤ ਵੱਖ-ਵੱਖ ਮੁਲਾਜਮ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਕਨਵੈਨਸ਼ਨ ਵਿੱਚ ਵੱਖ-ਵੱਖ ਜਥੇਬੰਦੀਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਕੋਟਾ ਵੰਡ ਵੀ ਕੀਤੀ ਗਈ। ਮੀਟਿੰਗ ਵਿੱਚ ਕਨਵੈਨਸ਼ਨ ਦੇ ਪ੍ਰਬੰਧ ਲਈ ਡਿਊਟੀਆਂ ਦੀ ਵੰਡ ਕੀਤੀ ਗਈ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਨਿਰਮੋਲਕ ਸਿੰਘ ਹੀਰਾ, ਅਕਲਚੰਦ ਸਿੰਘ , ਬਲਵਿੰਦਰ ਸਿੰਘ , ਕੁਲਦੀਪ ਸਿੰਘ ਕੌੜਾ , ਜਗੀਰ ਸਿੰਘ, ਹਰਿੰਦਰਜੀਤ ਸਿੰਘ, ਰਤਨ ਸਿੰਘ, ਸੀਤਲ ਰਾਮ ਬੰਗਾ, ਗੋਬਿੰਦ, ਪ੍ਰਦੀਪ ਚੰਦ ਆਦਿ ਸਾਥੀ ਹਾਜਰ ਹੋਏ।

ਬੈਂਕਾਂ ਸਵੈ-ਰੁਜ਼ਗਾਰ ਲਈ ਖੁੱਲ੍ਹਦਿਲੀ ਨਾਲ ਹੁਨਰਮੰਦਾਂ ਨੂੰ ਕਰਜ਼ਾ ਦੇਣ -ਵਧੀਕ ਡਿਪਟੀ ਕਮਿਸ਼ਨਰ

ਜਲੰਧਰ (**ਸ਼ੈਲੀ ਐਲਬਰਟ**)-ਜ਼ਿਲ੍ਹੇ ਵਿੱਚ ਸਵੈ ਰੁਜਗਾਰ ਨੂੰ ਹੋਰ ਹੁਲਾਰਾ ਦੇਣ ਦੇ ਮਕਸਦ ਨਾਲ ਵਧੀਕ ਡਿਪਟੀ ਕਮਿਸ਼ਨਰ (ਸਹਿਰੀ ਵਿਕਾਸ) ਜਸਬੀਰ ਸਿੰਘ ਨੇ ਬੈਂਕਾਂ ਨੂੰ ਕਿਹਾ ਹੈ ਕਿ ਉਹ ਹੁਨਰਮੰਦ ਨੌਜਵਾਨਾਂ ਨੂੰ ਸਵੈ ਰੁਜਗਾਰ ਲਈ ਖੁੱਲਦਿਲੀ ਨਾਲ ਆਸਾਨ ਦਰਾਂ 'ਤੇ ਕਰਜ ਦੇਣ ਤਾਂ ਜੋ ਉਹ ਸੂਬੇ ਦੇ ਆਰਥਿਕ ਵਿਕਾਸ ਵਿਚ ਮੋਹਰੀ ਭੂਮਿਕਾ ਨਿਭਾਅ ਸਕਣ । ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਬੈਂਕਾਂ ਸਬੰਧੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਦੌਰਾਨ ਉਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰੁਜਗਾਰ ਉਤਪਤੀ ਤੇ ਹੋਰਨਾਂ ਯੋਜਨਾਵਾਂ ਤਹਿਤ ਨੌਜਵਾਨਾਂ ਨੂੰ ਪੇਸ਼ੇਵਰ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਆਪਣਾ ਰੁਜਗਾਰ ਸ਼ੁਰੂ ਕਰਕੇ ਰੁਜਗਾਰ ਮੰਗਣ ਵਾਲੇ ਦੀ ਥਾਂ ਰੁਜਗਾਰ ਦੇਣ ਵਾਲੇ ਬਣ ਸਕਣ । ਪੰਜਾਬ ਸਰਕਾਰ ਵੱਲੋਂ ਸਿਫਾਰਸ਼ ਕੀਤੇ ਤੇ ਬੈਂਕਾਂ ਵੱਲੋਂ ਮਨਜੂਰ ਕੀਤੇ ਕੇਸਾਂ ਵਿੱਚ ਕਰਜ ਜਲਦ ਜਾਰੀ ਕੀਤੇ ਜਾਣ । ਉਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡੇਅਰੀ ਵਿਕਾਸ , ਛੋਟੇ ਤੇ ਦਰਮਿਆਨੇ ਉਦਯੋਗਾਂ ਦੀ ਸਥਾਪਨਾ ਤੇ ਗੈਰ ਰਵਾਇਤੀ ਊਰਜਾ ਸਾਧਨਾਂ ਨੂੰ ਪ੍ਰਫੁੱਲਿਤ ਕਰਨ ਤੇ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ , ਐਸ ਸੀ ਕਾਰਪੋਰੇਸ਼ਨ , ਮੱਛੀ ਪਾਲਣ ਦੀਆਂ ਯੋਜਨਾਵਾਂ ਤਹਿਤ ਰੁਜਗਾਰ ਸਥਾਪਨਾ ਲਈ ਭੇਜੇ ਬਿਨੈ-ਪੱਤਰਾਂ /ਸਿਫਾਰਸ਼ਾਂ ਉੱਪਰ ਹਾਂ ਪੱਖੀ ਪਹੁੰਚ ਅਪਣਾਉਣ । ਇਸ ਮੌਕੇ ਲੀਡ ਬੈਂਕ ਮੈਨੇਜਰ ਐਮ ਐਸ ਮੋਤੀ ਨੇ ਬੈਂਕਾਂ ਵੱਲੋਂ ਦਿੱਤੇ ਗਏ ਟੀਚਿਆਂ ਦੀ ਪ੍ਰਾਪਤੀ ਬਾਰੇ ਜਾਣਕਾਰੀ ਦਿੱਤੀ । ਉਨਾਂ ਜੂਨ ਤਿਮਾਹੀ ਵਿੱਚ ਬੈਂਕਾਂ ਦੀਆਂ ਪ੍ਰਾਪਤੀਆਂ ਬਾਰੇ ਵੀ ਜਾਣਕਾਰੀਆਂ ਦਿੱਤੀ ।

ਮੀਟਿੰਗ ਦੌਰਾਨ ਨਬਾਰਡ ਤੋਂ ਸਵਿਤਾ ਸਿੰਘ , ਰਿਜਰਵ ਬੈਂਕ ਤੋਂ ਵਿਸ਼ਾਲ ਤੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ ।

ਬੇਖੌਫ ਬੱਸ ਚਾਲਕਾਂ 'ਤੇ ਸ਼ਿਕੰਜਾ ਕੱਸਣ ਦੀ ਲੋੜ: ਡਾ. ਜਸਪਾਲ

ਅੱਡਾ ਸਰਾਂ (ਜਸਵੀਰ ਕਾਜਲ)- ਅਕਸਰ ਹੁਸ਼ਿਆਰਪੁਰ ਤੋਂ ਵਾਇਆ ਗੜ੍ਹਦੀਵਾਲਾ , ਦਸੂਹਾ ਤੇ ਪਠਾਨਕੋਟ ਜਾਣ ਵਾਲੀਆਂ ਬੱਸਾਂ ਦੀ ਸਪੀਡ ਇੰਨੀ ਹੁੰਦੀ ਹੈ ਜਿਵੇਂ ਸੜਕ ਇਕੱਲੇ ਬੱਸ ਚਾਲਕਾਂ ਲਈ ਹੀ ਬਣਾਈ ਗਈ ਹੋਵੇ। ਕਈ ਵਾਰ ਤੇਜ ਰਫਤਾਰ ਬੱਸ ਦੀ ਚਪੇਟ ਤੋਂ ਬਚਣ ਲਈ ਰਾਹਗੀਰਾਂ ਨੂੰ ਅਚਾਨਕ ਆਪਣਾ ਵਾਹਨ ਸੜਕ ਤੋਂ ਥੱਲੇ ਉਤਰਨਾ ਪੈ ਜਾਂਦਾ ਹੈ ਜਿਸ ਵਿਚ ਕੁਝ ਬਚਾਅ ਕਰਨ ਵਿਚ ਸਫਲ ਹੋ ਜਾਂਦੇ ਹਨ, ਪਰ ਬਹੁਤ ਸਾਰੇ ਹਾਦਸੇ ਵੀ ਵਾਪਰ ਜਾਂਦੇ ਹਨ। ਬੱਸ ਚਾਲਕ ਇੰਨੇ ਲਾਪਰਵਾਹ ਤੇ ਬੇਖੌਫ ਹੁੰਦੇ ਹਨ ਕਿ ਪਿੱਛੇ ਮੁੜ ਕੇ ਦੇਖਣਾ ਵੀ ਗਵਾਰਾ ਨਹੀਂ ਸਮਝਦੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਉੱਘੇ ਸਮਾਜ ਸੇਵਕ ਤੇ ਬਹੁਜਨ ਸਮਾਜ ਪਾਰਟੀ ਦੇ ਹਲਕਾ ਉੜਮੁੜ ਟਾਂਡਾ ਦੇ ਪ੍ਰਧਾਨ ਡਾ. ਜਸਪਾਲ ਸਿੰਘ ਨੇ ਕਿਹਾ ਕਿ ਇਨ੍ਹਾਂ ਬੱਸ ਚਾਲਕਾਂ 'ਤੇ ਨਕੇਲ ਕੱਸਣ ਦੀ ਬਹੁਤ ਲੋੜ ਹੈ। ਇਨ੍ਹਾਂ ਦੀ ਹੱਦ ਤੋਂ ਵੱਧ ਸਪੀਡ ਨੂੰ ਕਾਬੂ ਕਰਨ ਲਈ ਪ੍ਰਸ਼ਾਸਨ ਨੂੰ ਜਲਦੀ ਹੀ ਠੋਸ ਨੀਤੀ ਬਨਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਹਿਮਾਚਲ ਵਿਚ ਜੇਕਰ ਕੋਈ ਵਾਹਨ ਰੋਡ 'ਤੇ ਤੇਜ ਰਫਤਾਰ 'ਚ ਦਿਖਾਈ ਦਿੰਦਾ ਹੈ ਤਾਂ ਉਸਦਾ ਚਲਾਨ ਕੀਤਾ ਜਾਂਦਾ ਹੈ। ਡਾ. ਜਸਪਾਲ ਨੇ ਕਿਹਾ ਕਿ "ਤੇਜ ਰਫਤਾਰੀ ਮੌਤ ਦੀ ਤਿਆਰੀ" ਅਜਿਹੇ ਸਲੋਗਨ ਲਿਖਣ ਨਾਲ ਹੀ ਇਨ੍ਹਾਂ ਬੱਸਾਂ ਦੀ ਰਫਤਾਰ ਕਾਬੂ ਨਹੀਂ ਕੀਤੀ ਜਾ ਸਕਦੀ। ਇਸ ਲਈ ਅਜਿਹੇ ਬੇਖੌਫ ਬੱਸ ਚਾਲਕਾਂ 'ਤੇ ਸ਼ਿਕੰਜਾ ਕੱਸਣ ਦੀ ਲੋੜ ਹੈ ਜਿਹੜੇ ਰਾਹਗੀਰਾਂ ਤੇ ਬੱਸ 'ਚ ਸਫਰ ਕਰਨ ਵਾਲੀਆਂ ਸਵਾਰੀਆਂ ਦੀ ਮੌਤ ਦਾ ਕਾਰਨ ਬਣ ਸਕਦੇ ਹਨ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਦੀ ਸਪੀਡ ਪ੍ਰਤੀ ਘੰਟਾ 40 ਕਿਲੋਮੀਟਰ ਤੋਂ ਘੱਟ ਕੀਤੀ ਜਾਵੇ। ਇਨ੍ਹਾਂ ਦੀ ਸਪੀਡ ਦੀ ਰੋਜਾਨਾ ਜਾਂਚ ਕੀਤੀ ਜਾਵੇ। ਪ੍ਰਾਈਵੇਟ ਬੱਸਾਂ ਦੇ ਮਾਲਕਾਂ ਵੱਲੋਂ ਦਿੱਤੀ ਖੁੱਲ੍ਹ ਕਰਕੇ ਬੇਖੌਫ ਡਰਾਈਵਰੀ ਕਰਨ ਵਾਲਿਆ ਨੂੰ ਬਣਦੀ ਸਜਾ ਦਿੱਤੀ ਜਾਵੇ ਅਤੇ ਉਮਰ ਭਰ ਲਈ ਇਨ੍ਹਾਂ ਦੇ ਲਾਈਸੈਂਸ ਜਬਤ ਕੀਤੇ ਜਾਣ। ਡਾ ਜਸਪਾਲ ਸਿੰਘ ਨੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਅਪੀਲ ਕੀਤੀ ਕਿ ਆਮ ਜਨਤਾ ਦੀ ਇਸ ਸਮੱਸਿਆ ਨੂੰ ਦੇਖਦੇ ਹੋਏ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਜਿਸ ਨਾਲ ਰਾਹਗੀਰਾਂ ਨੂੰ ਇਨ੍ਹਾਂ ਤੇਜ ਰਫਤਾਰ ਬੱਸਾਂ ਦੇ ਖੌਫ ਤੋਂ ਰਾਹਤ ਮਿਲ ਸਕੇ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਰਦਪੁਰ ਵਿਖੇ ਤੀਆਂ ਦਾ ਤਿਉਹਾਰ ਮਨਾਇਆ

ਆਦਮਪੁਰ (**ਪਰਮਜੀਤ ਸਿੰਘ**) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਰਦ ਪੁਰ ਵਿਖੇ ਗ੍ਰਾਮ ਪੰਚਾਇਤ ਖੁਰਦ ਪੁਰ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ ! ਪਿੰਡ ਦੀਆਂ ਔਰਤਾਂ ਤੇ ਬੱਚਿਆਂ ਵੱਲੋਂ ਪੰਜਾਬੀ ਪਹਿਰਾਵਾ ਅਤੇ ਰੰਗ ਬਰੰਗੀਆਂ ਪੁਸ਼ਾਕਾਂ ਪਾ ਕੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ! ਜਿਸ ਵਿਚ ਚਰਖਾ ਕੱਤਣਾ ਸੂਤ ਟੇਰਨਾ, ਪੱਖੀ ਝੱਲਣਾ , ਫੁੱਲਕਾਰੀ ਕੱਢਣਾ, ਗਿੱਧਾ, ਡਾਂਸ, ਮਾਡਲਿੰਗ ਦੀਆਂ ਵੱਖ - ਵੱਖ ਆਈਟਮਾਂ ਪੇਸ਼ ਕਰਕੇ ਪ੍ਰੋਗਰਾਮ ਨੂੰ ਚਾਰ ਚੰਨ ਲਗਾ ਦਿੱਤੇ ! ਇਸ ਮੌਕੇ ਪ੍ਰਧਾਨ ਸੁਰਿੰਦਰ ਪਾਲ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਪਹਿਲੀ ਵਾਰ ਤੀਆਂ ਦਾ ਤਿਉਹਾਰ ਮਨਾਇਆ ਗਿਆ ਹੈ। ਤੀਆਂ ਦੀ ਮਹੱਤਤਾ ਬਾਰੇ ਦੱਸਦੇ ਹੋਏ ਉਨਾਂ ਰੁੱਖ ਅਤੇ ਕੁੱਖ ਨੂੰ ਬਚਾਉਣ ਅਤੇ ਪੰਜਾਬ ਦੇ ਰਵਾਇਤੀ ਤਿਉਹਾਰ ਮਨਾਉਣ ਦੇ ਸੰਦੇਸ਼ ਦਿੱਤੇ! ਇਸ ਮੌਕੇ ਪ੍ਰਵੀਨ ਕੁਮਾਰੀ, ਕ੍ਰਿਸ਼ਨਾ, ਸਰਬਜੀਤ ਕੌਰ, ਨਰਿੰਦਰਜੀਤ ਰੰਧਾਵਾ , ਅਮਰਜੀਤ ਕੌਰ, ਹਰਭਜਨ ਕੌਰ, ਸਰਪੰਚ ਗੁਲਜਾਰੀ ਲਾਲ, ਸੁਰਿੰਦਰ ਕੁਮਾਰ, ਰਾਮ ਕਿਸ਼ਨ,ਕੇਸ਼ਮ ਲਾਲ, ਜਸਵਿੰਦਰ ਸਿੰਘ , ਬਲਵਿੰਦਰ ਸਿੰਘ, ਜਰਨੈਲ ਸਿੰਘ ,ਬਾਲ ਕਿਸ਼ਨ, ਕਿਸਸ਼ਰ , ਮਨਦੀਪ ਸਿੰਘ, ਮਾਸਟਰ ਬਿੰਦਰ, ਬਿੱਲਾ ਅਤੇ ਸਮੂਹ ਪਿੰਡ ਵਾਸੀ ਹਾਜਰ ਸਨ।

ਸੀ ਐੱਚ ਸੀ ਵਿਖੇ ਗਰਭਵਤੀ ਔਰਤਾਂ ਲਈ ਅਨੀਮੀਆ ਜਾਂਚ ਕੈਂਪ ਲਗਾਇਆ

ਸ੍ਰੀ ਚਮਕੌਰ ਸਾਹਿਬ (**ਕੁਲਵਿੰਦਰ ਕਾਲਾ**)-ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੀ.ਐਚ.ਸੀ ਚਮਕੌਰ ਸਾਹਿਬ ਵਿਖੇ ਗਰਭਵਤੀ ਮਹਿਲਾਂਵਾਂ ਲਈ ਅਨੀਮੀਆ ਜਾਂਚ ਕੈਂਪ ਲਗਾਇਆ ਗਿਆ। ਗਰਭਵਤੀ ਮਹਿਲਾਂਵਾਂ ਦੇ ਹਿਮੋਗਲੋਬਿਨ ਦੀ ਜਾਂਚ ਕੀਤੀ ਗਈ। ਇਸ ਮੌਕੇ ਤੇ ਡਾ.ਗੋਬਿੰਦ ਟੰਡਨ ਨੇ ਕਿਹਾ ਕਿ ਗਰਭਵਤੀ ਮਹਿਲਾਂਵਾ ਨੂੰ ਆਪਣੇ ਭੋਜਨ ਵਿੱਚ ਹਰੀਆਂ ਪੱਤੇਦਾਰ ਸਬਜੀਆਂ, ਪੀਲੇ ਫੱਲ, ਦੁੱਧ, ਆਂਡਾ, ਪਨੀਰ, ਸੋਇਆਬੀਨ ਆਦਿ ਦਾ ਜਿਆਦਾ ਸੇਵਨ ਕਰਨਾ ਚਾਹੀਦਾ ਹੈ। ਗਰਭਵਤੀ ਮਹਿਲਾਂਵਾ ਵਿੱਚ ਖੂਨ ਦੀ ਕਮੀ ਨੂੰ ਪੂਰਾ ਕਰਨ ਲਈ ਫੌਲਿਕ ਐਸਿਡ ਦੀਆਂ 100 ਗੋਲੀਆਂ ਸਿਹਤ ਵਿਭਾਗ ਵੱਲੋਂ ਮੁਫ਼ਤ ਦਿੱਤੀਆਂ ਜਾਂਦੀਆਂ ਹਨ ਅਤੇ ਅਨੀਮੀਆ ਤੋਂ ਪੀੜਤ ਮਾਂਵਾਂ ਲਈ 200 ਗੋਲੀਆਂ ਫੌਲਿਕ ਐਸਿਡ ਦੀਆਂ ਮੁਫ਼ਤ ਦਿੱਤੀਆਂ ਜਾਂਦੀਆਂ ਹਨ। ਜਿਨ੍ਹਾਂ ਦਾ ਹਿਮੋਗਲੋਬਿਨ ਘੱਟ ਹੈ ਉਨ੍ਹਾਂ ਨੂੰ ਆਪਣਾ ਚੈੱਕ ਅੱਪ ਹਰ ਮਹੀਨੇ 9 ਅਤੇ 23 ਤਰੀਕ ਨੂੰ ਪ੍ਰਧਾਨ ਮੰਤਰੀ ਸੁੱਰਖਿਅਤ ਮਾਤਰਤਵ ਅਭਿਆਨ ਤਹਿਤ ਕਰਵਾਉਣਾ ਚਾਹੀਦਾ ਹੈ। ਗਰਭਵਤੀ ਮਹਿਲਾ ਜੇਕਰ ਤੰਦਰੁਸਤ ਹੋਵੇਗੀ ਤਾਂ ਹੀ ਬੱਚੇ ਤੰਦਰੁਸਤ ਅਤੇ ਨਿਰੋਗੀ ਪੈਦਾ ਹੋਣਗੇ। ਇਸ ਮੌਕੇ 'ਤੇ ਹਰਵਿੰਦਰ ਸਿੰਘ ਬੀ.ਈ.ਈ ਨੇ ਕਿਹਾ ਕਿ ਗਰਭਵਤੀ ਮਹਿਲਾਂਵਾਂ ਅਤੇ ਬੱਚਿਆਂ ਨੂੰ ਸੰਤੁਲਿਤ ਖੁਰਾਕ ਜਿਸ ਵਿੱਚ ਆਇਰਨ ਯੁਕਤ ਭੋਜਨ ਅਤੇ ਫਲਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ ਤਾਂ ਜੋ ਸਰੀਰ ਵਿੱਚ ਖੂਨ ਦੀ ਕਮੀ ਨਾ ਹੋਵੇ। 19 ਔਰਤਾਂ ਦੇ ਐਚ.ਬੀ ਟੈਸਟ ਕੀਤੇ ਗਏ। ਇਸ ਮੌਕੇ ਤੇ ਅਤਿੰਦਰ ਕੌਰ ਸੀ.ਐਚ.ਓ, ਰੇਨੂ ਬਾਲਾ ਏ.ਐਨ.ਐਮ, ਤਜਿੰਦਰ ਕੌਰ ਏ.ਐਨ.ਐਮ, ਸੁਖਵਿੰਦਰ ਕੌਰ ਐਲ.ਐਚ.ਵੀ ਅਤੇ ਗਰਭਵਤੀ ਮਹਿਲਾਂਵਾਂ ਹਾਜਰ ਸਨ।

ਅਜ਼ਾਦੀ ਦਿਹਾੜੇ ਮੌਕੇ ਆਨਲਾਈਨ ਕੁਇਜ਼

ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)ਮੁੱਖ ਚੋਣ ਅਫਸਰ, ਪੰਜਾਬ, ਚੰਡੀਗੜ੍ਹ ਵੱਲੋਂ 15 ਅਗਸਤ, 2023 ਨੂੰ ਦੁਪਹਿਰ 12:00 ਵਜੇ ਆਜਾਦੀ ਦਿਹਾੜੇ ਨੂੰ ਸਮਰਪਿਤ ਆਨਲਾਈਨ ਕੁਇਜ ਕਰਵਾਇਆ ਜਾਵੇਗਾ। ਇਸ ਦੌਰਾਨ ਭਾਰਤ ਦੀ ਆਜਾਦੀ, ਸੰਵਿਧਾਨ ਅਤੇ ਭਾਰਤ ਦੇ ਚੋਣ ਕਮਿਸਨ ਨਾਲ ਸਬੰਧਤ ਸਵਾਲ ਪੁੱਛੇ ਜਾਣਗੇ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸਨਰ ਸ

10-Aug-PAGE- 9 qxd.qxd 8/9/2023 10:40 PM Page 1

ਸਰਕਾਰੀ ਕਾਲਜ 'ਚ ਲੱਗਾ ਪਹਿਲਾ ਸਟੈਮ ਸੈੱਲ ਰਜਿਸਟ੍ਰੇਸ਼ਨ ਕੈਂਪ

ਹੁਸ਼ਿਆਰਪੁਰ, (ਓ ਪੀ ਰਾਣਾ)

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੇ ਨਿਰਦੇਸ਼ਾਂ 'ਤੇ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਚ ਪਹਿਲਾ ਸਟੈਮ ਸੈੱਲ ਰਜਿਸਟ੍ਰੇਸ਼ਨ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਵਿਚ ਸਰਕਾਰੀ ਕਾਲਜ ਦੇ ਨਾ ਸਿਰਫ਼ ਵਿਦਿਆਰਥੀਆਂ ਬਲਕਿ ਅਧਿਆਪਕਾਂ ਨੇ ਵੀ ਵੱਧ-ਚੜ੍ਹ ਕੇ ਹਿੱਸਾ ਲਿਆ। ਜਾਣਕਾਰੀ ਦਿੰਦੇ ਹੋਏ ਪ੍ਰੋਜੈਕਟ ਦੇ ਕਨਵੀਨਰ ਨਰੇਸ਼ ਗੁਪਤਾ ਨੇ ਦੱਸਿਆ ਕਿ ਅਰਜੁਨ ਵੀਰ ਫਾਊਂਡੇਸ਼ਨ ਦੇ ਸਿੰਮੀ ਸਿੰਘ ਤੇ ਜਸਲੀਨ ਗਰਚਾ ਨੇ ਵਿਦਿਆਰਥੀਆਂ ਨੂੰ ਸਟੈਮ ਸੈੱਲ ਰਜਿਸਟ੍ਰੇਸ਼ਨ ਪ੍ਰੋਜੈਕਟ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਸਮਝਾਇਆ ਕਿ ਕਿਸ ਤਰ੍ਹਾਂ ਰਜਿਸਟ੍ਰੇਸ਼ਨ ਰਾਹੀਂ ਅਸੀਂ ਕਿਸੇ ਵੀ ਜ਼ਰੂਰਤਮੰਦ ਬਿਮਾਰ ਵਿਅਕਤੀ ਨੂੰ ਸਿਹਤਮੰਦ ਕਰਨ ਵਿਚ ਆਪਣਾ ਯੋਗਦਾਨ ਦੇ ਸਕਦੇ ਹਾਂ। ਪ੍ਰੋਜੈਕਟ ਕਨਵੀਨਰ ਨੇ ਦੱਸਿਆ ਕਿ ਸਟੈਮ ਸੈੱਲ ਬਾਰੇ ਵਿਸਥਾਰਪੂਰਵਕ ਪੇਸ਼ਕਾਰੀ ਅਤੇ ਕਾਲਜ ਅਧਿਆਪਕਾਂ ਵਲੋਂ ਚਲਾਏ ਗਏ ਜਾਗਰੂਕਤਾ ਅਭਿਆਨ ਦੇ ਚੱਲਦਿਆਂ ਬਹੁਤ ਸਾਰੇ ਵਿਦਿਆਰਥੀਆਂ ਨੇ ਸਟੈਮ ਸੈੱਲ ਦਾਨ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਲਈ ਆਪਣੇ ਆਪ ਨੂੰ ਰਜਿਸਟਰਡ ਕਰਵਾਇਆ ਅਤੇ ਆਪਣੇ ਮੂੰਹ ਦੇ ਸਵੈਬ ਦੇ ਨਮੂਨੇ ਦਿੱਤੇ। ਨਰੇਸ਼ ਗੁਪਤਾ ਨੇ ਦੱਸਿਆ ਕਿ ਲੋਕਾਂ ਨੂੰ ਜਾਨਲੇਵਾ ਬਿਮਾਰੀਆਂ ਤੋਂ ਬਚਾਉਣ ਲਈ ਜ਼ਿਲ੍ਹੇ ਵਿਚ ਅਰਜੁਨਵੀਰ ਫਾਊਂਡੇਸ਼ਨ ਨਾਲ ਮਿਲ ਕੇ ਜ਼ਿਲ੍ਹਾ ਪ੍ਰਸ਼ਾਸਨ ਸਟੈਮ ਸੈੱਲ ਯੋਜਨਾ 'ਤੇ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਟੈਮ ਸੈੱਲ ਥਰੈਪੀ ਬਲੱਡ ਕੈਂਸਰ, ਥੈਲੇਸੀਮੀਆ, ਜੈਨੇਟਿਕ, ਡਿਸਆਰਡਰ ਵਰਗੀਆਂ ਜਾਨਲੇਵਾ ਬਿਮਾਰੀਆਂ ਲਈ ਕਾਫੀ ਕਾਰਗਰ ਹੈ ਅਤੇ ਇਸ ਥਰੈਪੀ ਦੀ ਵਰਤੋਂ ਨਾਲ ਇਨ੍ਹਾਂ ਜਾਨਲੇਵਾ ਬਿਮਾਰੀਆਂ ਦਾ ਇਲਾਜ ਸੰਭਵ ਹੈ।

ਉਨ੍ਹਾਂ ਇਸ ਕੈਂਪ ਦੇ ਸੰਚਾਲਨ ਵਿਚ ਸਰਬੱਤ ਦਾ ਭਲਾ ਸੋਸਾਇਟੀ ਦੇ ਜ਼ਿਲ੍ਹਾ ਪ੍ਰਧਾਨ ਆਗਿਆਪਾਲ ਸਿੰਘ ਸਾਹਨੀ, ਕਾਲਜ ਦੇ ਪ੍ਰਿੰਸੀਪਲ ਯੋਗੇਸ਼ ਅਤੇ ਲੈਕਚਰਾਰ ਮੀਨਾਕਸ਼ੀ ਪਰਮਵੀਰ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਸੇ ਲੜੀ ਵਿਚ ਅਗਲਾ ਕੈਂਪ ਉਰਮਿਲਾ ਦੇਵੀ ਆਯੁਰਵੈਦਿਕ ਕਾਲਜ ਹੁਸ਼ਿਆਰਪੁਰ ਵਿਚ 11 ਅਗਸਤ ਨੂੰ ਲਗਾਇਆ ਜਾਵੇਗਾ।

ਮੁਫਤ ਮੈਡੀਕਲ ਕੈਂਪ ਲਗਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਅਕਾਲ ਐਕਡਮੀ ਮੰਡੇਰ ਜ਼ਿਲ੍ਹਾ ਮਾਨਸਾ ਹਲਕਾ ਬਰੇਟਾ ਹੜ੍ਹ ਪੀੜਤਾਂ ਲਈ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਸੰਸਥਾ ਮੁੱਖੀ ਹਰਵਿੰਦਰ ਸਿੰਘ ਖਾਲਸਾ ਅਜਨੋਹਾ,ਡਾ.ਵਿਸ਼ਾਲ ਪਰਾਸ਼ਰ ਨਡਾਲੋਂ,ਡਾ. ਰਾਮ ਲਭਾਇਆ ਨਵਾਂ ਠੱਕਰਵਾਲ,ਡਾ.ਜੋਗਰਾਜ ਸਿੰਘ ਨਸੀਰਾਬਾਦ , ਗੁਰਪਾਲ ਸਿੰਘ ਖਾਲਸਾ ਨਡਾਲੋਂ, ਕਮਲਜੀਤ ਸਿੰਘ ਰਾਣਾ ਖਾਲਸਾ ਅਜਨੋਹਾ ਮਿਨੀ ਭੁੰਗਰਨੀ, ਮਨਜੀਤ ਕੌਰ, ਪਾਲ ਕੌਰ, ਰਮਨੀਕ ਕੌਰ, ਰੂਬਨ ਕੌਰ, ਸੁਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਗੋਲਡੀ ਗੁਪਤਾ, ਕੁਲਵਿੰਦਰ ਕੌਰ, ਕਿਰਪਾਲ ਕੌਰ, ਗੁਰਦਾਸ ਕੌਰ, ਹਰਪ੍ਰੀਤ ਕੌਰ, ਸਰਬਜੀਤ ਕੌਰ, ਸੁਨੀਤ ਕੌਰ, ਜੋਧ ਕੌਰ, ਅੱਤਰ ਸਿੰਘ, ਅਵਤਾਰ ਸਿੰਘ, ਰੋਬਿਨ, ਸੁਨੀਲ ਕੁਮਾਰ, ਲਵਪ੍ਰੀਤ ਸਿੰਘ, ਪੰਕਜ ਬਾਂਸਲ, ਬਲਜੀਤ ਸਿੰਘ, ਚਰਨਜੀਤ ਸਿੰਘ ਇੰਦਰਜੀਤ ਸਿੰਘ, ਵੀਰਪਾਲ ਕੌਰ, ਸਿਮਰਨ ਕੌਰ, ਬਲਜੀਤ ਕੌਰ ਆਦਿ ਹਾਜਰ ਸਨ।

ਹਜ਼ੂਰ ਸਾਹਿਬ ਤੋਂ ਵਾਪਸ ਆ ਰਹੇ ਜਥੇ ਦਾ ਕਰਨਾਲ ਪਹੁੰਚਣ 'ਤੇ ਭਰਵਾਂ ਸਵਾਗਤ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਗੁਰਦਵਾਰਾ ਲੰਗਰ ਸਾਹਿਬ ਸ੍ਰੀ ਹਜ਼ੂਰ ਸਾਹਿਬ ਤੋਂ ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਤੇ ਹੋਰ ਮਹਾਂਪੁਰਖਾਂ ਦੇ ਬਰਸੀ ਸਮਾਗਮਾਂ 'ਚ ਹਾਜ਼ਰੀਆਂ ਭਰਨ ਉਪਰੰਤ ਗੁਰਦਵਾਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਨੂੰ ਜਥੇਦਾਰ ਇਕਬਾਲ ਸਿੰਘ ਖੇੜਾ, ਬਾਬਾ ਬਲਵੀਰ ਸਿੰਘ ਟਿੱਬਾ ਸਾਹਿਬ, ਬਾਬਾ ਜਸਪਾਲ ਸਿੰਘ ਨੈਕੀ ਵਾਲੇ ਤੇ ਸਾਬਕਾ ਸਰਪੰਚ ਜਸਬੀਰ ਸਿੰਘ ਭੱਟੀ ਦੀ ਅਗਵਾਈ 'ਚ ਵਾਪਿਸ ਆ ਰਹੇ ਜਥੇ ਦਾ ਕਰਨਾਲ ਪਹੁੰਚਣ ਤੇ ਜਥੇ. ਬਾਬਾ ਗੁਰਮੀਤ ਸਿੰਘ ਮੁਖੀ ਗੁਰਦਵਾਰਾ ਰਾਜ ਕਰੇਗਾ ਖਾਲਸਾ (ਡਾਚਰ) ਦੀ ਅਗਵਾਈ 'ਚ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ 'ਚ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਜਥੇ ਦੇ ਪ੍ਰਬੰਧਕਾਂ ਨੂੰ ਜਿੱਥੇ ਜਥੇ. ਬਾਬਾ ਗੁਰਮੀਤ ਸਿੰਘ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਉੱਥੇ ਜਥੇ ਦੀਆਂ ਸੰਗਤਾਂ ਨੂੰ ਗੁਰੂ ਕੇ ਲੰਗਰ ਵੀ ਛਕਾਏ ਗਏ। ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕਿ ਜਥੇ ਦਾ ਵੱਖ-ਵੱਖ ਸ਼ਹਿਰਾਂ 'ਚ ਪਹੁੰਚਣ ਤੇ ਉੱਥੋਂ ਦੀਆਂ ਲੋਕਲ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। ਇਸ ਮੌਕੇ ਪ੍ਰਧਾਨ ਬਾਬਾ ਬਿੱਟੂ, ਕੀਰਤ ਸਿੰਘ, ਸਹਿਜ ਸਿੰਘ ਗੋਰਾ, ਸ਼ੇਰਾ ਸਿੰਘ , ਬਲਜਿੰਦਰ ਸਿੰਘ ਪੰਜੋੜ, ਕਿਰਪਾਲ ਸਿੰਘ ਪਾਲਾ ਅਜਨੋਹਾ, ਕੁਲਦੀਪ ਸਿੰਘ ਅਜਨੋਹਾ, ਨਿਰਮਲ ਸਿੰਘ ਭੀਲੋਵਾਲ, ਮੇਜਰ ਸਿੰਘ ਲਹਿਲੀ, ਨਿਰਮਲ ਸਿੰਘ ਬੋੜਾ, ਜਗਮੋਹਣ ਸਿੰਘ ਹਵੇਲੀ, ਲੱਖਾ ਸਿੰਘ ਪਾਲਦੀ, ਪ੍ਰਮੀਲਾ ਦੇਵੀ ਜਾਂਗਣੀਵਾਲ, ਸਲਿੰਦਰ ਸਿੰਘ ਕੰਡੀ, ਡਾ. ਸੁਰਿੰਦਰਪਾਲ ਸਿੰਘ ਈਸਪੁਰ, ਜੀਤ ਸਿੰਘ ਮਹਿਤਪੁਰ, ਅਵਤਾਰ ਸਿੰਘ ਸਸੋਲੀ,ਹੈਪੀ ਬੈਂਸ ਮਾਹਿਲਪੁਰ, ਅਵਤਾਰ ਸਿੰਘ ਗੱਗ ਬੱਢੋਆਣ, ਭਗਤ ਸਿੰਘ ਮਹਿਤਪੁਰ, ਜੋਗਿੰਦਰ ਸਿੰਘ ਪਾਲਦੀ, ਵਰਿੰਦਰਜੀਤ ਚੱਕ ਸਿੰਘਾ, ਕੰਵਲਜੀਤ ਸਿੰਘ ਲਾਲੀ ਭੀਲੋਵਾਲ, ਮਨਜੀਤ ਸਿੰਘ ਸਿੰਬਲੀ ਜੋਤ ਪੈਲੇਸ ਵਾਲੇ, ਗੁਰਜੀਤ ਸਿੰਘ ਮਾਹਿਲਪੁਰ, ਗੁਰਵਿੰਦਰ ਸਿੰਘ ਨੰਗਲ ਕਲਾਂ, ਇੰਦਰ ਸਿੰਘ ਅਜਨੋਹਾ, ਮਨਜੀਤ ਸਿੰਘ ਚਾਂਦਪੁਰ ਰੁੜਕੀ, ਗੁਰਦੀਪ ਸਿੰਘ ਚਾਂਦਪੁਰ ਰੁੜਕੀ, ਜਸਕੀਰਤ ਸਿੰਘ ਜਲੰਧਰ, ਬੂਟਾ ਸਿੰਘ ਕੋਟ ਫਤੂਹੀ, ਹਰਭਜਨ ਸਿੰਘ ਈਸਪੁਰ ਆਦਿ ਹਾਜ਼ਰ ਸਨ।

ਗੈਰ-ਕਾਨੂੰਨੀ ਖਣਨ ਗਤੀਵਿਧੀਆਂ ਰੋਕਣ ਲਈ ਡਰੋਨ ਸੇਵਾਵਾਂ ਲਈਆਂ ਜਾਣਗੀਆਂ : ਮੀਤ

ਚੰਡੀਗੜ੍ਹ, (ਗੁਰਜੀਤ ਬਿੱਲਾ)—ਖਣਨ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਵਿਭਾਗ ਨੂੰ ਜਨਤਕ ਖੱਡਾਂ ਲਈ ਹੋਰ ਨਵੀਆਂ ਥਾਵਾਂ ਤਲਾਸ਼ਣ ਅਤੇ 20 ਸਤੰਬਰ ਤੱਕ ਕਮਰਸ਼ੀਅਲ ਖੱਡਾਂ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਥੇ ਪੰਜਾਬ ਭਵਨ ਵਿਖੇ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਖਣਨ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਸਸਤੀਆਂ ਕੀਮਤਾਂ ਉਤੇ ਲੋੜੀਂਦਾ ਰੇਤਾ ਮੁਹੱਈਆ ਕਰਵਾਉਣ ਲਈ ਸੂਬਾ ਸਰਕਾਰ ਵਚਨਬੱਧ ਹੈ। 67 ਕਮਰਸ਼ੀਅਲ ਖੱਡਾਂ ਵਾਲੇ 40 ਕਲੱਸਟਰਾਂ ਨੂੰ ਸ਼ੁਰੂ ਕਰਨ ਦੀਆਂ ਪ੍ਰਵਾਨਗੀਆਂ ਲਈ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਮਾਨਸੂਨ ਸੀਜ਼ਨ ਤੱਕ ਮੁਕੰਮਲ ਕਰ ਲਈਆਂ ਜਾਣ ਤਾਂ ਜੋ 20 ਸਤੰਬਰ ਤੋਂ ਇਨਾਂ ਨੂੰ ਸ਼ੁਰੂ ਕੀਤਾ ਜਾ ਸਕੇ। 40 ਕਲੱਸਟਰਾਂ ਦੀ ਨਿਲਾਮੀ ਵਿੱਚੋਂ ਹੁਣ ਤੱਕ 32 ਕਲੱਸਟਰਾਂ ਲਈ ਟੈਕਨੀਕਲ ਬੋਲੀ ਹੋ ਚੁੱਕੀ ਹੈ ਅਤੇ ਵਿੱਤੀ ਬੋਲੀ ਹਾਲੇ ਰਹਿੰਦੀ ਹੈ। ਸਰਕਾਰ ਵੱਲੋਂ ਜਨਤਕ ਤੇ ਕਮਰਸ਼ੀਅਲ ਦੋਵੇਂ ਖੱਡਾਂ ਤੋਂ ਲੋਕਾਂ ਨੂੰ 5.50 ਰੁਪਏ ਪ੍ਰਤੀ ਕਿਊਬਿਕ ਫੁੱਟ ਦੀ ਕੀਮਤ ਅਨੁਸਾਰ ਰੇਤਾ ਦਿੱਤਾ ਜਾ ਰਿਹਾ ਹੈ। ਮੀਤ ਹੇਅਰ ਨੇ ਅੱਗੇ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਹੁਣ ਤੱਕ 60 ਜਨਤਕ ਖੱਡਾਂ ਸੂਬਾ ਵਾਸੀਆਂ ਨੂੰ ਸਮਰਪਿਤ ਕੀਤੀਆਂ ਗਈਆਂ ਹਨ ਅਤੇ 13 ਹੋਰ ਨਵੀਆਂ ਜਨਤਕ ਖੱਡਾਂ ਜਲਦ ਸ਼ੁਰੂ ਕਰਨ ਦੀ ਤਿਆਰੀ ਹੈ। ਉਨ੍ਹਾਂ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਹੋਰ ਜਨਤਕ ਖੱਡਾਂ ਖੋਲ੍ਹਣ ਲਈ ਨਵੀਆਂ ਥਾਵਾਂ ਤਲਾਸ਼ਣ ਲਈ ਆਖਿਆ ਤਾਂ ਜੋ ਲੋਕਾਂ ਦੀਆਂ ਲੋੜਾਂ ਨੂੰ ਪੂਰਾ ਕੀਤਾ ਜਾ ਸਕੇ। ਇਸ ਸਬੰਧੀ ਪ੍ਰਵਾਨਗੀਆਂ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ। ਪੈਂਡਿੰਗ ਪਈਆਂ ਵਾਤਾਵਰਣ ਮਨਜ਼ੂਰੀਆਂ ਤੁਰੰਤ ਲਈਆਂ ਜਾਣ। ਮੀਤ ਹੇਅਰ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਗੈਰ-ਕਾਨੂੰਨੀ ਖਣਨ ਗਤੀਵਿਧੀਆਂ ਨੂੰ ਮੁਕੰਮਲ ਰੋਕਣ ਲਈ ਮੁਹਿਮ ਹੋਰ ਤੇਜ਼ ਕੀਤੀਆਂ ਜਾਣ। ਇਸ ਮਾਮਲੇ ਵਿੱਚ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚੈਕਿੰਗ ਦੇ ਕੰਮ ਨੂੰ ਹੋਰ ਕਾਰਗਰ ਬਣਾਉਣ ਲਈ ਡਰੋਨ ਸੇਵਾਵਾਂ ਲਈਆਂ ਜਾਣ ਅਤੇ ਪਾਇਲਟ ਪ੍ਰਾਜੈਕਟ ਵਜੋਂ ਰੂਪਨਗਰ ਜ਼ਿਲੇ ਤੋਂ ਸ਼ੁਰੂਆਤ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ 15 ਅਪ੍ਰੈਲ 2022 ਤੋਂ 4 ਅਗਸਤ 2023 ਤੱਕ ਗੈਰ ਕਾਨੂੰਨੀ ਖਣਨ ਸਬੰਧੀ 716 ਕੇਸ ਦਰਜ ਕੀਤੇ ਗਏ ਹਨ। ਖਣਨ ਮੰਤਰੀ ਨੇ ਅੱਗੇ ਦੱਸਿਆ ਕਿ ਐਚ.ਡੀ.ਐਫ.ਸੀ. ਬੈਂਕ ਦੇ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਫੰਡਾਂ ਵਿੱਚੋਂ ਚੈਕ ਪੋਸਟਾਂ ਉਤੇ ਹਾਈਟੈਕ ਕੈਮਰੇ ਲਗਾਏ ਜਾ ਰਹੇ ਹਨ। ਮੀਟਿੰਗ ਵਿੱਚ ਵਿਭਾਗ ਦੇ ਸਕੱਤਰ ਗੁਰਕੀਰਤ ਕ੍ਰਿਪਾਲ ਸਿੰਘ, ਡਾਇਰੈਕਟਰ ਡੀ.ਪੀ.ਐਸ. ਖਰਬੰਦਾ, ਚੀਫ ਇੰਜਨੀਅਰ ਐਚ.ਐਸ.ਮਹਿੰਦੀਰੱਤਾ ਤੋਂ ਇਲਾਵਾ ਐਸ.ਈਜ਼ ਤੇ ਸਮੂਹ ਜ਼ਿਲਿਆਂ ਦੇ ਐਕਸੀਅਨ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਆਪਣੀ ਪਾਰਟੀ : ਝਿੰਜਰ

ਆਦਮਪੁਰ (ਪਰਮਜੀਤ ਸਿੰਘ) :- ਯੂਥ ਅਕਾਲੀ ਦਲ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਆਦਮਪੁਰ ਵਿਖੇ ਸੀਨੀਅਰ ਅਕਾਲੀ ਆਗੂ ਹਰਕੀਤ ਸਿੰਘ ਨਿੱਝਰ ਅਤੇ ਯੂਥ ਅਕਾਲੀ ਆਗੂ ਵਿਪਨਦੀਪ ਸਿੰਘ (ਸਨੀ ਢਿੱਲੋਂ) ਦੀ ਅਗਵਾਈ ਹੇਠ ਪੰਜਾਬ ਯੂਥ ਮਿਲਣੀ ਤਹਿਤ ਇਕੱਤਰ ਹੋਏ ਨੌਜਵਾਨਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪੰਜਾਬ 'ਚ ਕਿਸੇ ਤੋਂ ਡਰਨ ਦੀ ਲੋੜ ਨਹੀਂ ਹੈ। ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਆਪਣੀ ਪਾਰਟੀ ਹੈ ਇਸ ਦੀ ਕਮਾਂਡ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਾਂਗ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਹੱਥ ਨਹੀਂ ਹੈ। ਉਨਾਂ ਨੇ ਕਿਹਾ ਕਿ ਪੰਜਾਬ 'ਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੋਈ, ਪਰ ਭਗਵੰਤ ਮਾਨ ਨੇ ਇਸ 'ਤੇ ਕੁਝ ਨਹੀਂ ਬੋਲੇ। ਇਨ੍ਹਾਂ ਦੀ ਸਰਕਾਰ ਤੋਂ ਹਰ ਵਰਗ ਦੁਖੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਖਤਮ ਕਰਨ ਦਾ ਦਾਅਵਾ ਕਰਨ ਵਾਲੀ ਸਰਕਾਰ ਦੇ ਕਾਰਜਕਾਲ ਦੌਰਾਨ ਨਸ਼ਾ ਪਹਿਲਾ ਨਾਲੋਂ 4 ਗੁਣਾ ਵੱਧ ਗਿਆ ਹੈ ਤੇ ਹੁਣ ਇੱਕ ਦੂਸਰੇ ਦਾ ਵਿਰੋਧ ਕਰਨ ਵਾਲੇ ਰਾਹੁਲ ਗਾਂਧੀ ਅਤੇ ਅਰਵਿੰਦ ਕੇਜਰੀਵਾਲ ਇਕੱਠੇ ਹੋ ਚੁੱਕੇ ਹਨ, ਜੋ 2024 ਦੀਆਂ ਲੋਕ ਸਭਾ ਚੋਣਾਂ ਇਕੱਠੇ ਲੜਨਗੇ। ਉਪਰੰਤ ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ ਨੇ ਭਗਵੰਤ ਮਾਨ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ 'ਆਪ' ਸਰਕਾਰ ਦੇ ਕਾਰਜਕਾਲ 'ਚ ਪੰਜਾਬ ਦੇ ਸਕੂਲਾਂ ਦਾ ਬੁਰਾ ਹਾਲ ਹੈ ਅਤੇ ਪੀਣ ਵਾਲੇ ਪਾਣੀ ਦਾ ਬੁਰਾ ਹਾਲ ਹੈ ਸਗਨ ਸਕੀਮਾਂ ਬੰਦ ਕਰ ਦਿੱਤੀਆਂ ਗਈਆਂ ਤੇ ਆਉਣ ਵਾਲੇ ਸਮੇਂ 'ਚ ਇਹ ਸਰਕਾਰ 20 ਫੀਸਦੀ ਨੀਲੇ ਕਾਰਡਾਂ 'ਚ ਵੀ ਕਟੌਤੀ ਦੇਵੇਗੀ। ਉਨ੍ਹਾਂ ਨੌਜਵਾਨਾਂ ਨੂੰ ਕਿਹਾ ਕਿ ਉਹ ਦਿਨ-ਰਾਤ ਕੰਮ ਕਰਕੇ ਪਾਰਟੀ ਨੂੰ ਮਜਬੂਤ ਕਰਨ ਤਾਂ ਜੋ ਪੰਜਾਬ ਦੇ ਲੋਕਾਂ ਨਾਲ ਭਗਵੰਤ ਮਾਨ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਧੱਕੇਸ਼ਾਹੀਆਂ ਦਾ ਡਟ ਕੇ ਮੁਕਾਬਲਾ ਕੀਤਾ ਜਾ ਸਕੇ। ਇਸ ਮੌਕੇ ਸੁਰਿੰਦਰ ਸਿੰਘ ਚਾਹਲ ਮੈਂਬਰ ਬਲਾਕ ਸੰਮਤੀ, ਦਵਿੰਦਰ ਸਿੰਘ ਨੰਬਰਦਾਰ ਸਾਰੋਬਾਦ, ਲਖਵੀਰ ਸਿੰਘ ਸਰਪੰਚ ਸਾਰੋਬਾਦ, ਜਥੇਦਾਰ ਬਲਵਿੰਦਰ ਸਿੰਘ ਕਾਲਰਾ, ਪਰਜਿੰਦਰ ਸਿੰਘ ਭੇਲਾ, ਬਹਾਦਰ ਸਿੰਘ ਸਾਬਕਾ ਸਰਪੰਚ ਚੌਹਾਨ, ਕੁਲਵਿੰਦਰ ਸਿੰਘ ਟੋਨੀ, ਸੁਖਵੀਰ ਕੁਮਾਰ ਅਲਾਵਲਪੁਰ, ਧਰਮਪਾਲ ਲੇਸੜੀਵਾਲ, ਮੋਹਨ ਲਾਲ ਨਿੱਕੂ, ਮਨਦੀਪ ਸਿੰਘ, ਸੁਖਰਾਜ ਸਿੰਘ, ਸੁਖਜੋਤ ਸਿੰਘ, ਪ੍ਰਿਤਪਾਲ ਸਿੰਘ ਧਾਮੀ, ਚਰਨਜੀਤ ਸਿੰਘ ਸ਼ੇਰੀ, ਹਰਭਜਨ ਸਿੰਘ ਗਾਜੀਪੁਰ, ਨਿਰਮਲ ਸਿੰਘ, ਗੁਰਚਰਨ ਰਾਏ ਸ਼ਿੰਗਾਰੀ, ਹੈਪੀ ਨਿੱਝਰ, ਇੰਦਰਜੀਤ ਸਿੰਘ, ਸੁਖਵੀਰ ਸਿੰਘ ਸੋਢੀ, ਤਰਨਜੋਤ ਸਿੰਘ, ਬਲਬੀਰ ਸਿੰਘ ਪੰਚ, ਗੁਰਕੀਰਤ ਸਿੰਘ,ਅਰਸ ਖੰਗੂੜਾ, ਸਤਿੰਦਰ , ਅਮਨਦੀਪ ਸਿੰਘ ਮਾਹੀ, ਜਸਪਾਲ ਦੂਹੜੇ, ਅਮਨ ਕਡਿਆਣਾ, ਰਮਨ ਕਡਿਆਣਾ, ਅਮਰਜੀਤ ਕਡਿਆਣਾ, ਇੰਦਰਪਾਲ ਕੋਟਲੀ, ਸ਼ਿੰਦੀ ਕਡਿਆਣਾ, ਪਰਮਿੰਦਰ ਸਿੰਘ ਕਰਵਲ, ਹਰਬਲਿੰਦਰ ਸਿੰਘ ਬੋਲੀਨਾ, ਦਲਵੀਰ ਸਿੰਘ ਖੋਜਕੀਪੁਰ ਮਨਜੀਤ ਸਿੰਘ ਸਾਬਕਾ ਸਰਪੰਚ ਚਾਹੜਕੇ ਲੋਹਾਰਾਂ, ਜਸਦਿਆਲ ਸਿੰਘ, ਸਰਬਜੀਤ ਸਾਬਾ, ਮਨਜੀਤ ਸਿੰਘ ਅਤੇ ਹੋਰ ਨੌਜਵਾਨ ਅਕਾਲੀ ਆਗੂ ਹਾਜਰ ਸਨ।

ਰਾਜੇਵਾਲ ਯੂਨੀਅਨ ਵਿਰੁੱਧ ਸਾਜ਼ਿਸ਼ਾਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ : ਖਾਨਪੁਰ

ਅੱਡਾ ਸਰਾਂ (ਜਸਵੀਰ ਕਾਜਲ)-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿ

10-AUG-PAGE-10.qxd 8/9/2023 10:32 PM Page 1

ਪੁਰਾਣੀ ਪੈਨਸ਼ਨ ਬਹਾਲੀ ਤੇ ਮੁਲਾਜ਼ਮ ਮੰਗਾਂ ਸੰਬੰਧੀ ਹੁਸੈਨੀਵਾਲਾ ਤੋਂ ਜਥਾ ਮਾਰਚ ਰਵਾਨਾ

ਜ਼ੀਰਾ (ਨਰਿੰਦਰ ਅਨੇਜਾ)- ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਸੱਦੇ 'ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਚੰਡੀਗੜ੍ਹ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਅਤੇ ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ, ਵਿਭਾਗਾਂ ਵਿਚ ਖਾਲੀ ਪੋਸਟਾਂ ਭਰਨ ਦੀ ਮੰਗ ਨੂੰ ਲੈ ਕੇ ਪ ਸ ਸ ਫ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਕਰਮਜੀਤ ਸਿੰਘ ਬੀਹਲਾ, ਅਨਿਲ ਕੁਮਾਰ ਸੂਬਾ ਜਨਰਲ ਸਕੱਤਰ ਪੀ ਡਬਲਿਊ ਡੀ ਫੀਲਡ ਵਰਕਸ਼ਾਪ ਵਰਕਰਜ਼ ਯੂਨੀਅਨ, ਪ ਸ ਸ ਫ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ, ਜੀ ਟੀ ਯੂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਟੋ, ਪੈਨਸ਼ਨਰਜ਼ ਐਸੋਸੀਏਸ਼ਨ ਪ੍ਰਧਾਨ ਮਹਿੰਦਰ ਸਿੰਘ ਧਾਲੀਵਾਲ ਫਿਰੋਜ਼ਪੁਰ ਦੀ ਅਗਵਾਈ ਹੇਠ ਹੁਸੈਨੀਵਾਲਾ (ਫਿਰੋਜ਼ਪੁਰ) ਤੋਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਜਥਾ ਮਾਰਚ ਰਵਾਨਾ ਹੋਇਆ। ਇਸ ਮੌਕੇ ਅਗਵਾਈ ਕਰਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਅਤੇ ਵੱਖ ਵੱਖ ਵਿਭਾਗਾਂ ਵਿਚ ਕੰਮ ਕਰਦੇ ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਵਿਭਾਗਾਂ ਵਿਚ ਪਈਆਂ ਖਾਲੀ ਪੋਸਟਾਂ ਭਰਨ ਦੇ ਇਸ ਧਰਤੀ ਹੁਸੈਨੀਵਾਲਾ ਤੋਂ ਸੌਂਹ ਖਾਧੀ ਸੀ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਅਪੀਲ ਕੀਤੀ ਸੀ। ਪਰ ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਭ ਭੁੱਲ ਗਏ ਹਨ ਅਤੇ ਉਨ੍ਹਾਂ ਨੂੰ ਯਾਦ ਕਰਵਾਉਣ ਲਈ ਜਥੇਬੰਦੀ ਵੱਲੋਂ ਦੇਸ਼ ਪੱਧਰ 'ਤੇ ਜਥੇ ਮਾਰਚ ਕੱਢੇ ਗਏ ਹਨ। ਉਨ੍ਹਾ ਕਿਹਾ ਕਿ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵੱਲੋਂ ਸਮੁੱਚੇ ਪੰਜਾਬ ਅੰਦਰ ਜਥੇ ਮਾਰਚ ਕੱਢੇ ਹਨ ਅਤੇ ਇਹ ਜਥਾ ਸ਼ਹੀਦਾਂ ਦੀ ਧਰਤੀ ਹੁਸੈਨੀਵਾਲਾ ਤੋਂ ਸ਼ੁਰੂ ਹੋ ਕੇ ਜਲਾਲਾਬਾਦ ਫਾਜ਼ਿਲਕਾ ਅਬੋਹਰ ਹੋ ਕੇ ਮਲੋਟ ਵਿਖੇ ਸਮਾਪਤ ਹੋਵੇਗਾ। ਇਸ ਮੌਕੇ ਜਥੇ ਮਾਰਚ 'ਚ ਪ ਸ ਸ ਫ ਦੀਆਂ ਭਰਾਤਰੀ ਜਥੇਬੰਦੀਆਂ ਦੇ ਆਗੂ ਜੋਗਿੰਦਰ ਸਿੰਘ, ਸ਼ੇਰ ਸਿੰਘ, ਜੀਤ ਸਿੰਘ, ਬਾਬਾ ਭਜਨ ਸਿੰਘ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ , ਯੂਨੀਅਨ, ਪੰਮਾ ਸਿੰਘ ਪ੍ਰਧਾਨ, ਸੁਲੱਖਣ ਸਿੰਘ ਜਨਰਲ ਸਕੱਤਰ ਪੀ ਡਬਲਿਊ ਡੀ ਫੀਲਡ ਵਰਕਸ਼ਾਪ ਵਰਕਰਜ਼ ਯੂਨੀਅਨ ਫਿਰੋਜ਼ਪੁਰ, ਦਲਜੀਤ ਸਿੰਘ ਯਾਰੇਸ਼ਾਹ ਵਾਲਾ ਬਲਾਕ ਪ੍ਰਧਾਨ ਪ ਸ ਸ ਫ ਫਿਰੋਜ਼ਪੁਰ, ਰਾਜ ਕੁਮਾਰ ਬਲਾਕ ਪ੍ਰਧਾਨ ਪ ਸ ਸ ਬ ਮੱਖੂ, ਕੌਰ ਸਿੰਘ ਬਲਾਕ ਪ੍ਰਧਾਨ ਪ ਸ ਸ ਫ ਜ਼ੀਰਾ, ਜੀਤ ਸਿੰਘ ਜੀਤੂ ਬਲਾਕ ਮੀਤ ਪ੍ਰਧਾਨ ਜ਼ੀਰਾ, ਮਾਨਾ ਭੱਟੀ ਪ੍ਰਧਾਨ ਪਨਸਪ ਲੇਬਰ ਯੂਨੀਅਨ, ਬਲਕਾਰ ਸਿੰਘ ਗਾਮੀਵਾਲੀ, ਦਰਸ਼ਨ ਸਿੰਘ ਭੁੱਲਰ ਮੀਤ ਪ੍ਰਧਾਨ, ਗੁਰਮੀਤ ਸਿੰਘ ਜੰਮੂ ਜ਼ਿਲ੍ਹਾ ਪ੍ਰੈਸ ਸਕੱਤਰ ਪ ਸ ਸ ਫ ਫਿਰੋਜ਼ਪੁਰ, ਪ੍ਰੀਤਮ ਸਿੰਘ ਪ੍ਰੀਤੂ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ ਤਲਵੰਡੀ ਭਾਈ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਮੋਟਰਸਾਈਕਲਾਂ ਅਤੇ ਕਾਰਾਂ ਰਾਹੀਂ ਵਰਕਰ ਸ਼ਾਮਲ ਹੋਏ ।

ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਆਗੂਆਂ ਨੇ ਝੰਡਾ ਲਹਿਰਾ ਕੇ ਕੀਤਾ ਕਬਜ਼ੇ ਦਾ ਐਲਾਨ

ਨਾਭਾ (ਵਰਿੰਦਰ ਵਰਮਾ)- ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਨਾਭਾ ਦੇ ਸੈਕੜੇ ਕਾਰਕੁਨਾਂ ਵੱਲੋਂ ਅੱਜ ਪਿੰਡ ਮੰਡੋਰ ਦੀ ਐਸ ਸੀ ਕੋਟੇ ਦੀ ਪੰਚਾਇਤੀ ਜ਼ਮੀਨ ਵਿਚ ਝੰਡਾ ਲਹਿਰਾਉਣ ਲਈ ਮਾਰਚ ਕੀਤਾ ਗਿਆ। ਕਮੇਟੀ ਆਗੂ ਧਰਮਵੀਰ ਹਰੀਗੜ੍ਹ ਨੇ ਦੱਸਿਆ ਕਿ ਜਿੱਥੇ ਪਿੰਡ ਵਿੱਚ ਪਹਿਲਾਂ ਹੀ ਮੌਜੂਦ ਭਾਰੀ ਪੁਲਸ ਫੋਰਸ ਵੱਲੋਂ ਕਾਫਲੇ ਨੂੰ ਰੋਕ ਲਿਆ ਗਿਆ ਜਿਸ ਖਿਲਾਫ ਲੋਕਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਣਾਈ ਸਬ ਕਮੇਟੀ ਵੱਲੋਂ ਪਿੰਡ ਮੰਡੋਰ ਸਮੇਤ ਕਈ ਪਿੰਡਾਂ ਦੀਆਂ ਡੰਮੀ ਬੋਲੀਆਂ ਦੀ ਜਾਂਚ ਜੇ ਡੀ ਸੀ ਮੋਹਾਲੀ ਵੱਲੋਂ ਕੀਤੀ ਜਾ ਰਹੀ ਹੈ, ਜੋ ਕਿ ਪਿਛਲੇ 27 ਜੁਲਾਈ ਤਰੀਕ ਨੂੰ ਮੁਕੰਮਲ ਹੋ ਚੁੱਕੀ ਹੈ ਪਰੰਤੂ ਉਸ ਦਾ ਫੈਸਲਾ ਪੌਣੂ ਧਨਾਢ ਚੌਧਰੀਆਂ ਖਿਲਾਫ ਆਉਣ ਦੇ ਡਰੋਂ ਉਸ ਨੂੰ ਜਨਤਕ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਲਿਤ ਵਿਰੋਧੀ ਰਵੱਈਏ ਖਿਲਾਫ ਡਟ ਕੇ ਸੰਘਰਸ਼ ਕੀਤਾ ਜਾਵੇਗਾ ਅਤੇ ਜ਼ਮੀਨ ਵਿੱਚ ਹਰ ਹਾਲ ਝੰਡਾ ਲਹਿਰਾਇਆ ਜਾਵੇਗਾ ਅਤੇ ਡੰਮੀ ਬੋਲੀ ਰੱਦ ਕਰਵਾਉਣ, ਗ੍ਰਿਫਤਾਰ ਕੀਤੇ ਸਾਥੀ ਬਿਨਾਂ ਸ਼ਰਤ ਦੀ ਰਿਹਾਅ ਕਰਨ ਅਤੇ ਦੋਸ਼ੀ ਅਧਿਕਾਰੀਆਂ ਖਿਲਾਫ ਕਾਰਵਾਈ ਦਾ ਪੱਕਾ ਹੱਲ ਕੀਤਾ ਜਾਵੇ। ਕਈ ਘੰਟੇ ਚੱਲੀ ਜੱਦੋ ਜਹਿਦ ਤੋਂ ਬਾਅਦ ਆਖਰ ਪੁਲਸ ਪ੍ਰਸਾਸਨ ਨੂੰ ਲੋਕਾਂ ਦੇ ਸੰਘਰਸ ਅੱਗੇ ਝੁਕਣ ਲਈ ਮਜਬੂਰ ਹੋਣਾ ਪਿਆ। ਜਿਸ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ 18 ਅਗਸਤ ਨੂੰ ਮੀਟਿੰਗ ਕਰਵਾਉਣ ਦਾ ਵਾਅਦਾ ਕੀਤਾ ਗਿਆ ਅਤੇ ਜ਼ਮੀਨ ਵਿਚ ਝੰਡਾ ਲਹਿਰਾਉਣ ਦੀ ਇਜਾਜ਼ਤ ਦਿੱਤੀ ਗਈ। ਇਸ ਮੌਕੇ ਲੋਕਾਂ ਦੇ ਇਕੱਠ ਨੂੰ ਬਲਵੰਤ ਬਿਨਾਹੇੜੀ, ਮਨੀ ਮੱਲੇਵਾਲ, ਰਣਧੀਰ ਕਕਰਾਲਾ, ਜਗਸੀਰ ਚੌਧਰੀਮਾਜਰਾ, ਮਨਦੀਪ ਮੰਦੌੜ, ਜਗਸੀਰ ਸਿੰਘ, ਚਰਨਜੀਤ ਕੌਰ ਨੇ ਵੀ ਸੰਬੋਧਨ ਕੀਤਾ।

ਪੰਜਾਬ ਰਾਜ ਖੁਰਾਕ ਕਮਿਸ਼ਨ ਮੈਂਬਰ ਵੱਲੋਂ ਡਿਪੂਆਂ ਦਾ ਦੌਰਾ

ਲਾਭਪਾਤਰੀਆਂ ਨੂੰ ਪਾਰਦਰਸ਼ੀ ਢੰਗ ਨਾਲ ਕਣਕ ਦੀ ਕੀਤੀ ਜਾਵੇ ਵੰਡ : ਧਾਲੀਵਾਲ

ਫਾਜ਼ਿਲਕਾ, (ਨਿਸ਼ਾ ਸ਼ਰਮਾ, ਕ੍ਰਿਸ਼ਨ ਸਿੰਘ)-ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ ਲਾਭਪਾਤਰੀਆਂ ਨੂੰ ਕਣਕ ਦੀ ਕੀਤੀ ਜਾ ਰਹੀ ਵੰਡ ਦਾ ਨਰੀਖਣ ਕਰਨ ਲਈ ਜ਼ਿਲ੍ਹਾ ਫਾਜ਼ਿਲਕਾ ਦਾ ਦੌਰਾ ਕੀਤਾ ਗਿਆ। ਉਨ੍ਹਾ ਕਿਹਾ ਕਿ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਯੋਗ ਲਾਭਪਾਤਰੀਆਂ ਨੂੰ ਹੀ ਕਣਕ ਦੀ ਵੰਡ ਹੋਵੇ ਤੇ ਸਹੀ ਮਾਤਰਾ ਅਨੁਸਾਰ ਹੋਵੇ, ਇਹ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਆਦੇਸ਼ ਦਿੱਤੇ। ਕਮਿਸ਼ਨ ਮੈਂਬਰ ਵੱਲੋਂ ਪਿੰਡ ਚੱਕ ਮੌਜਦੀਨਵਾਲਾ, ਚੱਕ ਦਮਨ, ਚੱਕ ਸੋਤਰੀਆ ਆਦਿ ਰਾਸ਼ਨ ਡਿੱਪੂਆਂ ਦਾ ਦੌਰਾ ਕੀਤਾ। ਉਨ੍ਹਾ ਕਿਹਾ ਕਿ ਕਣਕ ਦੀ ਵੰਡ ਦੀ ਪ੍ਰਕਿਰਿਆ ਪੂਰੇ ਜ਼ਿਲ੍ਹੇ ਵਿੱਚ ਨਿਰਪੱਖ ਢੰਗ ਨਾਲ ਚਲਾਈ ਜਾਵੇ। ਉਨ੍ਹਾ ਕਿਹਾ ਕਿ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਸਰਕਾਰ ਦੇ ਮਾਪਦੰਡਾਂ ਅਨੁਸਾਰ ਕੀਤੀ ਜਾਵੇ ਤੇ ਇਹ ਵੀ ਨਿਸ਼ਚਿਤ ਕੀਤਾ ਜਾਵੇ ਕਿ ਇਹ ਸਮੁੱਚੀ ਪ੍ਰਕਿਰਿਆ ਪੂਰੀ ਪਾਰਦਰਸ਼ੀ ਢੰਗ ਨਾਲ ਕੀਤੀ ਜਾਵੇ।

ਸ੍ਰੀ ਧਾਲੀਵਾਲ ਵੱਲੋਂ ਸਰਕਾਰੀ ਸਕੂਲ ਬੱਘੇ ਕੇ ਉਤਾੜ, ਘੁਬਾਇਆ ਤੇ ਆਂਗਣਵਾੜੀ ਸੈਂਟਰ ਘੁਬਾਇਆ ਵਿਖੇ ਜਾ ਕੇ ਮਿੱਡ ਡੇਅ ਮੀਲ 'ਚ ਵਿਦਿਆਰਥੀਆਂ ਨੂੰ ਦਿੱਤੇ ਜਾ ਰਹੇ ਖਾਣੇ ਦਾ ਵੀ ਨਰੀਖਣ ਕੀਤਾ ਅਤੇ ਹਦਾਇਤ ਕੀਤੀ ਕਿ ਵਿਦਿਆਰਥੀਆਂ ਨੂੰ

ਉੱਚ ਗੁਣਵਤਾ ਦਾ ਖਾਣਾ ਹੀ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ। ਮੈਂਬਰ ਨੇ ਡੀਈਓ ਪ੍ਰਾਇਮਰੀ ਨੂੰ ਸਰਕਾਰੀ ਸਕੂਲ 'ਚ ਫੂਡ ਕਮਿਸ਼ਨ ਦੇ ਬੈਨਰ ਲਗਾਉਣ ਦੀ ਹਦਾਇਤ ਕੀਤੀ। ਉਨ੍ਹਾ ਡਿੱਪੂ ਹੋਲਡਰ ਨੂੰ ਹਦਾਇਤ ਕੀਤੀ ਕਿ ਉਹ ਸਰਕਾਰ ਦੀਆਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਯਕੀਨੀ ਬਣਾਉਣ। ਮੈਂਬਰ ਵੱਲੋਂ ਕਣਕ ਲੈਣ ਆਏ ਲਾਭਪਾਤਰੀਆਂ ਨਾਲ ਵੀ ਗੱਲਬਾਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਫੂਡ ਸਪਲਾਈ ਇੰਸਪੈਕਟਰ ਸੁਨੀਲ ਗੁੰਬਰ ਤੇ ਰਾਜਵਿੰਦਰ ਪਾਲ ਮੌਜੂਦ ਸਨ।

ਕਾਤਰਾਂ

ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਵੱਲੋਂ ਸੰਤ ਲੌਂਗੋਵਾਲ ਦੀ ਬਰਸੀ ਮਨਾਉਣ ਸਬੰਧੀ ਤਿਆਰੀਆਂ ਜ਼ੋਰਾਂ 'ਤੇ : ਲੌਂਗੋਵਾਲ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ) : ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਵੱਲੋਂ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ 20 ਅਗਸਤ ਨੂੰ ਗੁਰਦੁਆਰਾ ਸ਼ਹੀਦ ਭਾਈ ਮਨੀ ਸਿੰਘ ਵਿਖੇ ਵੱਡੇ ਪੱਧਰ 'ਤੇ ਮਨਾਈ ਜਾਵੇਗੀ। ਜਾਣਕਾਰੀ ਦਿੰਦੇ ਹੋਏ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਦੇ ਡਾਇਰੈਕਟਰ ਭਗਵੰਤ ਸਿੰਘ ਲੌਂਗੋਵਾਲ, ਜੀਤ ਸਿੰਘ ਸਿੱਧੂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਚੀਮਾ, ਚਮਕੌਰ ਸਿੰਘ ਸਾਬਕਾ ਪੀ.ਏ. ਲੌਂਗੋਵਾਲ ਨੇ ਦੱਸਿਆ ਕਿ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮਨਾਉਣ ਸਬੰਧੀ ਮੀਟਿੰਗਾਂ ਦਾ ਦੌਰ ਸ਼ੁਰੂ ਹੋ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ ਪਿੰਡ ਮੰਡੋਰ ਕਲਾਂ, ਤਕੀਪੁਰ, ਢੱਡਰੀਆਂ, ਸ਼ੇਰੋਂ ਸਮੇਤ ਆਲੇ-ਦੁਆਲੇ ਦੇ ਪਿੰਡਾਂ ਵਿੱਚ ਜਾ ਕੇ ਚਮਕੌਰ ਸਿੰਘ ਲੌਂਗੋਵਾਲ ਸਾਬਕਾ ਪੀ.ਏ., ਜੀਤ ਸਿੰਘ ਸਿੱਧੂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਵੱਲੋਂ ਬਰਸੀ ਨੂੰ ਸਫਲ ਕਰਨ ਲਈ ਪਾਰਟੀ ਵਰਕਰਾਂ ਨਾਲ ਮੀਟਿੰਗਾਂ ਕਰ ਰਹੇ ਹਨ ਤੇ ਪਾਰਟੀ ਦੇ ਸੂਬਾ ਸਕੱਤਰ ਬਿੰਦਰਪਾਲ ਸ਼ਰਮਾ, ਡਾ. ਰੂਪ ਸਿੰਘ ਸਿੱਧੂ ਸ਼ੇਰੋਂ ਨੇ ਵੀ ਸੰਗਤਾਂ ਨੂੰ ਬਰਸੀ ਸਮਾਗਮ ਦੌਰਾਨ ਸ਼ਾਮਲ ਹੋਣ ਦੀ ਅਪੀਲ ਕੀਤੀ।

ਹਾਰਵਰਡ ਕਾਨਵੈਂਟ ਸਕੂਲ 'ਚ ਮਨਾਇਆ ਤੀਆਂ ਦਾ ਤਿਉਹਾਰ

ਬਾਘਾਪੁਰਾਣਾ (ਮਨੀ ਸਿੰਗਲਾ)-ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀ: ਸੈਕੰ: ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ ਗਿਆ । ਇਸ ਸਮੇਂ ਸਕੂਲ ਚੈਅਰਮੈਨ ਨਵਦੀਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਮੈਡਮ ਅਨੀਲਾ ਜੀ ਨੇ ਸਮੂਹ ਅਧਿਆਪਕਾਂ ਅਤੇ ਬੱਚਿਆਂ ਨੂੰ ਇਸ ਤਿਉਹਾਰ ਦੀ ਵਧਾਈ ਦਿੱਤੀ । ਇਸ ਮੌਕੇ ਸੁਖਦੀਪ ਕੌਰ ਗਿੱਲ , ਮਾਤਾ ਜੀ ਜਸਵੀਰ ਕੌਰ ਬਰਾੜ ਅਤੇ ਪਰਮਿੰਦਰ ਕੌਰ ਬਰਾੜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ । ਇਸ ਮੌਕੇ ਸਕੂਲ ਵਿਦਿਆਥਣਾਂ ਨੇ ਬਹੁਤ ਹੀ ਦਿਲਖਿੱਚਵੀਆਂ ਸੱਭਿਆਚਾਰਕ ਝਲਕੀਆਂ ਪੇਸ਼ ਕੀਤੀਆਂ । ਇਸ ਮੌਕੇ ਬਾਰ੍ਹਵੀਂ ਕਲਾਸ ਦੀ ਕਿਰਨਦੀਪ ਕੌਰ ਅਤੇ ਗਿਆਰ੍ਹਵੀਂ ਕਲਾਸ ਦੀ ਮਹਿਕਜੋਤ ਕੌਰ ਨੂੰ ਮਿਸ ਤੀਜ ਅਤੇ ਬਾਰ੍ਹਵੀਂ ਕਲਾਸ ਦੀ ਮਨਪ੍ਰੀਤ ਕੌਰ ਨੂੰ ਮਿਸ ਪੰਜਾਬਣ ਐਲਾਨਿਆ ਗਿਆ। ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਬੱਚਿਆਂ ਨੂੰ ਤੀਜ ਦੇ ਤਿਉਹਾਰ ਦੀ ਵਧਾਈ ਦਿੱਤੀ । ਇਸ ਸਮੇਂ ਸਮੂਹ ਸਕੂਲ ਸਟਾਫ ਹਾਜ਼ਰ ਸਨ ।

ਪੰਜੋਲੀ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਲਿਖਿਆ ਪੱਤਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਮਹਾਰਾਸ਼ਟਰ ਸਰਕਾਰ ਵੱਲੋਂ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦਾ ਪ੍ਰਸ਼ਾਸਕ ਇੱਕ ਗੈਰ ਸਿੱਖ ਵਿਅਕਤੀ ਨੂੰ ਲਗਾਏ ਜਾਣ ਦੇ ਮਾਮਲੇ 'ਤੇ ਰੋਸ ਜਤਾਉਂਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸੀਨੀਅਰ ਪੰਥਕ ਆਗੂ ਜਥੇਦਾਰ ਕਰਨੈਲ ਸਿੰਘ ਪੰਜੋਲੀ ਵੱਲੋਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਪੱਤਰ ਲਿਖੇ ਗਏ ਹਨ। ਜਥੇਦਾਰ ਪੰਜੋਲੀ ਵੱਲੋਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੂੰ ਲਿਖੇ ਗਏ ਪੱਤਰ 'ਚ ਦੱਸਿਆ ਗਿਆ ਕਿ ਮਹਾਰਾਸ਼ਟਰ ਸਰਕਾਰ ਵੱਲੋਂ ਕਿਸੇ ਗੈਰ ਸਿੱਖ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਦਾ ਪ੍ਰਸ਼ਾਸਕ ਲਗਾਉਣ ਦੇ ਫੈਸਲੇ ਨੇ ਸਿੱਖ ਭਾਈਚਾਰੇ ਅੰਦਰ ਰੋਸ ਅਤੇ ਬੇਚੈਨੀ ਵਧਾ ਦਿੱਤੀ ਹੈ, ਇਸ ਲਈ ਇਸ ਨਿਯੁਕਤੀ 'ਤੇ ਮੁੜ ਵਿਚਾਰ ਕਰਦੇ ਹੋਏ ਸਿੱਖ ਕਦਰਾਂ ਕੀਮਤਾਂ ਦੀ ਸਮਝ ਰੱਖਣ ਵਾਲੇ ਕਿਸੇ ਸਿੱਖ ਵਿਅਕਤੀ ਨੂੰ ਨਿਯੁਕਤ ਕਰਕੇ ਪਾਰਦਰਸ਼ੀ ਢੰਗ ਨਾਲ ਤੁਰੰਤ ਤਖਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੀਆਂ ਚੋਣਾਂ ਕਰਵਾਈਆਂ ਜਾਣ। ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਲਿਖੇ ਪੱਤਰ 'ਚ ਜਥੇਦਾਰ ਪੰਜੋਲੀ ਨੇ ਬੇਨਤੀ ਕੀਤੀ ਕਿ ਸ਼੍ਰੋਮਣੀ ਕਮੇਟੀ ਇਸ ਫੈਸਲੇ ਵਿਰੁੱਧ ਰੋਸ ਪ੍ਰਗਟਾਉਣ ਤੋਂ ਇਲਾਵਾ ਸਰਕਾਰ 'ਤੇ ਦਬਾਅ ਬਣਾਵੇ ਕਿ ਤਖਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੀਆਂ ਨਿਰਪੱਖ ਚੋਣਾਂ ਤੁਰੰਤ ਕਰਵਾਈਆਂ ਜਾਣ।

ਮਾਵੀ ਵੱਲੋਂ ਆਪਣੀ ਦਾਦੀ ਦੀ ਯਾਦ 'ਚ 5100 ਰੁਪਏ ਸਕੂਲ ਨੂੰ ਭੇਟ

ਮਾਨਸਾ (ਪਮਾਰ)-ਸਰਕਾਰੀ ਮਿਡਲ ਸਕੂਲ ਉੱਡਤ ਸੈਦੇਵਾਲਾ ਵਿਖੇ ਸਕੂਲ ਮੁਖੀ ਧਰਮਿੰਦਰ ਸਿੰਘ ਅਤੇ ਸਮੂਹ ਸਟਾਫ ਦੀ ਹਾਜ਼ਰੀ ਵਿੱਚ ਗੁਰਪ੍ਰੀਤ ਸਿੰਘ ਮਾਵੀ ਵੱਲੋਂ ਆਪਣੀ ਦਾਦੀ ਸਵ. ਜਰਨੈਲ ਕੌਰ ਦੀ ਯਾਦ ਵਿੱਚ 5100 ਰੁਪਏ ਦੀ ਦਾਨ ਰਾਸ਼ੀ ਭੇਟ ਕੀਤੀ ਤਾਂ ਕਿ ਸਕੂਲ ਵਿਚ ਵਿਦਿਆਰਥੀਆਂ ਦੀ ਕੋਈ ਵੀ ਜ਼ਰੂਰਤ ਪੂਰੀ ਕੀਤੀ ਜਾ ਸਕੇ। ਗੁਰਪ੍ਰੀਤ ਮਾਵੀ ਦੇ ਇਸ ਉਪਰਾਲੇ ਦੀ ਸਕੂਲ ਮੁਖੀ ਧਰਮਿੰਦਰ ਸਿੰਘ ਅਤੇ ਸਮੂਹ ਸਟਾਫ ਵੱਲੋਂ ਭਰਪੂਰ ਸ਼ਲਾਘਾ ਕਰਨ ਦੇ ਨਾਲ-ਨਾਲ ਧੰਨਵਾਦ ਵੀ ਕੀਤਾ। ਇਸ ਮੌਕੇ ਸਕੂਲ ਮੁਖੀ ਤੋਂ ਇਲਾਵਾ ਨਿਤੇਸ਼ ਕੱਕੜ, ਗੁਰਪ੍ਰੀਤ ਸਿੰਘ, ਰਜਤ ਕੁਮਾਰ ਆਦਿ ਅਧਿਆਪਕ ਵੀ ਹਾਜ਼ਰ ਸਨ।

ਆਪ ਸਰਕਾਰ ਪਿੰਡਾਂ 'ਚ ਖੇਡ ਕਲੱਬਾਂ

10 AUG-Page-11-Majha-23.qxd 8/9/2023 10:45 PM Page 1

ਮਸੀਹ ਭਾਈਚਾਰੇ ਨੇ ਮੋਦੀ ਸਰਕਾਰ ਖਿਲਾਫ ਦਿੱਤਾ ਰੋਸ ਧਰਨਾ

ਪੰਜਾਬ ਬੰਦ ਨੂੰ ਮਿਲਿਆ ਭਰਵਾਂ ਹੁੰਗਾਰਾ, ਸਾਰਾ ਦਿਨ ਬਾਜ਼ਾਰ ਰਹੇ ਬੰਦ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਬੀਤੇ ਦਿਨੀਂ ਮਨੀਪੁਰ ਵਿਖੇ ਹੋਈਆਂ ਘਟਨਾਵਾਂ ਨੂੰ ਲੈ ਕੇ ਅੱਜ ਮਸੀਹ ਭਾਈਚਾਰੇ ਤੇ ਵੱਖ-ਵੱਖ ਪਾਰਟੀਆਂ ਵੱਲੋਂ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ 'ਚ ਭਰਵਾਂ ਹੁੰਗਾਰਾ ਵੇਖਣ ਨੂੰ ਮਿਲਿਆ। ਅੱਜ ਸਵੇਰ ਤੋਂ ਕਸਬਾ ਡੇਰਾ ਬਾਬਾ ਨਾਨਕ ਦੇ ਸਾਰੇ ਬਾਜ਼ਾਰ ਪੂਰਨ ਤੌਰ 'ਤੇ ਬੰਦ ਰਹੇ। ਇਨ੍ਹਾਂ ਘਟਨਾਵਾਂ ਦੇ ਵਿਰੋਧ ਵਿੱਚ ਇਲਾਕੇ ਦੇ ਮਸੀਹ ਭਾਈਚਾਰੇ ਦੇ ਲੋਕਾਂ ਵੱਲੋਂ ਜਿਥੇ ਇਲਾਕੇ ਦੀਆਂ ਸੜਕਾਂ ਉਪਰ ਰੋਸ ਮਾਰਚ ਕੱਢਿਆ ਗਿਆ ਉਥੇ ਕਸਬੇ ਦੇ ਮਹਾਰਾਜਾ ਰਣਜੀਤ ਸਿੰਘ ਚੌਕ ਨੂੰ ਬੰਦ ਕਰਕੇ ਰੋਸ ਧਰਨਾ ਵੀ ਦਿੱਤਾ ਗਿਆ ਤੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਅੱਤ ਦੀ ਗਰਮੀ ਦੌਰਾਨ ਦਿੱਤੇ ਗਏ ਇਸ ਰੋਸ ਧਰਨੇ ਮੌਕੇ ਵੱਖ ਵੱਖ ਬੁਲਾਰਿਆਂ ਵੱਲੋਂ ਮੋਦੀ ਸਰਕਾਰ ਖਿਲਾਫ ਬੋਲਦਿਆਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਮਨੀਪੁਰ ਵਿਖੇ ਮਸੀਹ ਭਾਈਚਾਰੇ ਦੇ ਲੋਕਾਂ ਉਪਰ ਅੱਤਿਆਚਾਰ ਹੋ ਰਿਹਾ ਹੈ ਪਰ ਸਰਕਾਰ ਨੇ ਅਜੇ ਵੀ ਚੁੱਪ ਧਾਰੀ ਹੋਈ ਹੈ ਤੇ ਮੁਜਰਮ ਅਜੇ ਵੀ ਪੁਲਸ ਗ੍ਰਿਫਤ ਤੋਂ ਬਾਹਰ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਉਕਤ ਦੋਸ਼ੀਆਂ ਨੂੰ ਤੁਰੰਤ ਕਾਬੂ ਕਰਕੇ ਬਣਦੀਆਂ ਸ਼ਖਤ ਸ਼ਖਤ ਸਜ਼ਾਵਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਬੀ ਜੇ ਪੀ ਸਰਕਾਰ ਦੀ ਸ਼ਹਿ 'ਤੇ ਗੁੰਡਾਂ ਰਾਜ ਚੱਲ ਰਿਹਾ ਹੈ ਤੇ ਸ਼ਰੇਆਮ ਧੀਆਂ ਦੀਆਂ ਇੱਜ਼ਤਾਂ ਲੁੱਟੀਆਂ ਜਾ ਰਹੀਆ ਹਨ ਪਰ ਦੇਸ਼ ਦਾ ਪ੍ਰਧਾਨ ਮੰਤਰੀ ਅੱਜ ਚੁੱਪ ਧਾਰੀ ਬੈਠਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਤੁਰੰਤ ਕਾਰਵਾਈ ਨਾ ਕੀਤੀ ਤਾਂ ਪੂਰੇ ਦੇਸ਼ ਦੇ ਹਾਲਾਤ ਵਿਗੜ ਸਕਦੇ ਹਨ ਤੇ ਇਨਸਾਫ ਲੈਣ ਲਈ ਲੋਕਾਂ ਨੂੰ ਸੜਕਾਂ 'ਤੇ ਉਤਰਨਾ ਪਵੇਗਾ। ਇਸ ਮੌਕੇ ਇਲਿਆਸ ਮਸੀਹ ਸਿੱਧੂ ਵਾਇਸ ਚੇਅਰਮੈਨ ਪੰਜਾਬ, ਜਗੀਰ ਮਸੀਹ ਪੱਖੋਕੇ, ਇਕਬਾਲ ਮਸੀਹ ਠੇਠਰਕੇ, ਵਿਲੀਅਮ ਸਮੀਹ ਸ਼ਾਹਪੁਰ, ਵਾਰਸ ਮਸੀਹ ਸੈਕਟਰੀ, ਸਾਬਾ ਮਸੀਹ ਖਾਸਾਂਵਾਲੀ, ਵਜ਼ੀਰ ਮਸੀਹ ਸ਼ਿਕਾਰ ਮਾਛੀਆਂ, ਸੁਰਜੀਤ ਕੁਮਾਰ ਸਾਧਾਂਵਾਲੀ, ਹੈਪੀ ਮਸੀਹ ਕੋਠਾ, ਬਿੱਟੂ ਮਸੀਹ ਖਾਸਾਂਵਾਲੀ, ਰੋਹਿਤ ਮਲਕ ਡੇਰਾ ਬਾਬਾ ਨਾਨਕ, ਡਾ. ਪ੍ਰਗਟ ਮਸੀਹ ਪੱਖੋਕੇ, ਰਜੇਸ਼ ਮਸੀਹ ਸਿਕਾਰ, ਹਨੂਕ ਮਸੀਹ ਖਾਸਾਂਵਾਲੀ, ਥੋਮਸ ਮਸੀਹ, ਸਿਮਾਓ ਮਸੀਹ, ਪਤਰਸ ਮਸੀਹ, ਸੋਨਾ ਮਸੀਹ, ਮੰਗਾ ਮਸੀਹ, ਬੀਬੀ ਐਗਨਸ, ਬੀਬੀ ਸੀਮਾ, ਬੀਬੀ ਸ਼ਾਂਤੀ, ਬੀਬੀ ਰੱਜੀ, ਡੇਵਡ ਮਸੀਹ, ਪਾਸਟਰ ਸੋਨੂੰ, ਅਮਰੀਕ ਮਸੀਹ ਸਮੇਤ ਵੱਡੀ ਗਿਣਤੀ ਵਿੱਚ ਮਸੀਹ ਭਾਈਚਾਰੇ ਦੇ ਲੋਕ ਹਾਜ਼ਰ ਸਨ। ਇਸ ਮੌਕੇ ਪੁਲਸ ਵੱਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਸਨ। ਜ਼ਿਕਰਯੋਗ ਹੈ ਕਿ ਇਸ ਮੌਕੇ ਸਰਕਾਰੀ ਦਫਤਰ ਤੇ ਵਿੱਦਿਅਕ ਅਦਾਰੇ ਆਮ ਵਾਂਗ ਖੁੱਲ੍ਹੇ ਰਹੇ।

ਬੰਦ ਦੌਰਾਨ ਪ੍ਰਦਰਸ਼ਨਕਾਰੀਆਂ ਤੇ ਪੁਲਸ ਵਿਚਾਲੇ ਧੱਕਾ-ਮੁੱਕੀ

ਕਲਾਨੌਰ (ਮਨਦੀਪ ਕੁਮਾਰ)-ਮਨੀਪੁਰ ਹਿੰਸਾ ਦੇ ਸੰਬੰਧ ਵਿੱਚ ਕ੍ਰਿਸ਼ਚੀਅਨ ਭਾਈਚਾਰੇ ਵੱਲੋਂ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ ਜਿਸ ਦੇ ਸਬੰਧ ਵਿੱਚ ਕਲਾਨੌਰ ਗੁਰਦਾਸਪੁਰ ਨੈਸ਼ਨਲ ਹਾਈਵੇ 354 ਮਾਰਗ ਟੀ-ਪੁਆਇੰਟ ਤੇ ਪ੍ਰਦਰਸ਼ਨਕਾਰੀਆਂ ਵੱਲੋਂ ਧਰਨਾ ਦਿੱਤਾ ਜਾ ਰਿਹਾ ਸੀ ਅਤੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਵੀ ਜੰਮ ਕੇ ਕੀਤੀ ਜਾ ਰਹੀ ਸੀ। ਪੁਲਸ ਪ੍ਰਸ਼ਾਸਨ ਵੱਲੋਂ ਧਰਨਾਕਾਰੀਆਂ ਨੂੰ ਰਸਤਾ ਛੱਡ ਕੇ ਧਰਨਾ ਲਾਉਣ ਦੀ ਅਪੀਲ ਕੀਤੀ ਗਈ ਜਿਸ 'ਤੇ ਪੁਲਸ ਅਤੇ ਪ੍ਰਦਰਸ਼ਨਕਾਰੀਆਂ ਵਿੱਚ ਖਿੱਚ-ਧੂਹ ਹੋ ਗਈ। ਤਿੰਨ ਪ੍ਰਦਰਸ਼ਨਕਾਰੀਆਂ ਨੂੰ ਧੱਕੇ ਨਾਲ ਗੱਡੀ ਵਿੱਚ ਪਾ ਕੇ ਪੁਲਸ ਥਾਣੇ ਵੀ ਲਿਜਾਇਆ ਗਿਆ। ਇਸ ਮੌਕੇ ਪਹੁੰਚੇ ਐੱਸ. ਪੀ. ਪ੍ਰਿਥੀਪਾਲ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਨੀਪੁਰ ਹਿੰਸਾ ਦੇ ਸੰਬੰਧੀ ਕਲਾਨੌਰ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ। ਉਸ ਵਿੱਚ ਕੁਝ ਵਿਅਕਤੀਆਂ ਵੱਲੋਂ ਖਲਲ ਪਾਉਣ ਦੀ ਕੋਸ਼ਿਸ਼ ਕੀਤੀ ਗਈ ਸੀ ਜਿਸ ਸੰਬੰਧੀ ਪੁਲਸ ਨੂੰ ਕਾਰਵਾਈ ਕਰਨੀ ਪਈ ਅਤੇ ਕੁੱਝ ਵਿਅਕਤੀਆਂ ਨੂੰ ਥਾਣੇ ਵੀ ਲਿਜਾਣਾ ਪਿਆ। ਇਸ ਮੌਕੇ ਡੀਐੱਸਪੀ ਕਲਾਨੌਰ, ਐੱਸਐੱਚਓ ਕਲਾਨੌਰ ਮੇਜਰ ਸਿੰਘ ਅਤੇ ਭਾਰੀ ਗਿਣਤੀ ਵਿੱਚ ਪੁਲਸ ਪ੍ਰਸ਼ਾਸਨ ਹਾਜ਼ਰ ਸੀ।

ਮਜ਼ਦੂਰ-ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਲੈ ਕੇ ਮੋਦੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ

ਤਰਨ ਤਾਰਨ (ਨਜ਼ਸ)-ਕੇਂਦਰ ਦੀ ਮੋਦੀ ਸਰਕਾਰ ਦੀਆਂ ਮਜ਼ਦੂਰ ਮੁਲਾਜ਼ਮ ਵਿਰੋਧੀ ਨੀਤੀਆਂ ਵਿਰੁੱਧ ਅੱਜ ਅੰਗਰੇਜ਼ੋ ਭਾਰਤ ਛੱਡੋ ਅੰਦੋਲਨ ਦੇ ਇਤਹਾਸਕ ਦਿਨ ਦੇਸ਼ ਦੀਆਂ 10 ਟਰੇਡ ਯੂਨੀਅਨਾਂ ਦੇ ਦੇਸ਼ ਵਿਆਪੀ ਸੱਦੇ 'ਤੇ ਸਥਾਨਕ ਪਾਵਰਕਾਮ ਸਰਕਲ ਦਫਤਰ ਦੇ ਗੇਟ 'ਤੇ ਏਟਕ ਜਥੇਬੰਦੀ ਦੀ ਸਰਕਲ ਪ੍ਰਧਾਨ ਬਲਜਿੰਦਰ ਕੌਰ ਡਿਆਲ ਅਤੇ ਪਾਵਰਕਾਮ /ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਸਰਕਲ ਸਕੱਤਰ ਨਰਿੰਦਰ ਬੇਦੀ ਦੀ ਅਗਵਾਈ ਹੇਠ ਇਕੱਤਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਮੋਦੀ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਰੋਸ ਪ੍ਰਦਰਸ਼ਨ ਕਰ ਰਹੇ ਪ੍ਰਦਰਸ਼ਨਕਾਰੀਆਂ ਨੂੰ ਸਬੋਧਨ ਕਰਦੇ ਹੋਏ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਅਧਿਆਪਕ ਆਗੂ ਬਲਕਾਰ ਸਿੰਘ ਵਲਟੋਹਾ, ਰੋਡਵੇਜ਼ ਕਾਮਿਆਂ ਦੇ ਆਗੂ ਅਜਮੇਰ ਸਿੰਘ, ਪੁਰਾਣੀ ਪੈਨਸ਼ਨ ਸਕੀਮ ਦੇ ਜ਼ਿਲਾ ਪ੍ਰਧਾਨ ਕਲਵਿੰਦਰ ਸਿੰਘ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਬਹੁਤ ਬੇਕਿਰਕ ਤਰੀਕੇ ਨਾਲ ਸਮੁੱਚੇ ਦੇਸ਼ ਦੇ ਪਬਲਿਕ ਸੈਕਟਰ ਨੂੰ ਕੌਡੀਆਂ ਦੇ ਭਾਅ ਪੂੰਜੀਪਤੀਆਂ ਦੇ ਹਵਾਲੇ ਕਰ ਰਹੀ ਹੈ।

ਮਹਿੰਗੇ ਮੁੱਲ ਮਿਲੀ ਆਜ਼ਾਦੀ ਤੋਂ ਬਾਅਦ ਸਰਕਾਰਾਂ ਸਰਕਾਰੀ ਅਦਾਰਿਆਂ ਦਾ ਪਸਾਰ ਕਰਨ ਬਾਰੇ ਮੰਤਰਾਲੇ ਬਣਾਉਂਦੀਆਂ ਸਨ ਪਰ ਅੱਜ ਮੋਦੀ ਸਰਕਾਰ ਪੁੱਠਾ ਗੇੜਾ ਦੇ ਕੇ ਦੇਸ਼ ਦੀ ਜਨਤਾ ਦੇ ਟੈਕਸਾਂ ਨਾਲ ਉਸਾਰੇ ਰੇਲਵੇ ਸਟੇਸ਼ਨ, ਏਅਰਪੋਰਟ, ਰੇਲ ਪਟੜੀਆਂ ਸਮੇਤ ਸਾਰੇ ਸਰਕਾਰੀ ਅਦਾਰਿਆਂ ਦੀ ਬਹੁਤ ਕਾਹਲੀ ਵਿੱਚ ਸਫ ਲਪੇਟਣ ਦੇ ਘਾਤਕ ਰਾਹ 'ਤੇ ਚੱਲ ਰਹੀ ਹੈ ਜਿਸ ਦਾ ਮਿਹਨਤਕਸ਼ ਜਮਾਤ ਜ਼ਬਰਦਸਤ ਪ੍ਰਦਰਸ਼ਨਾਂ ਰਾਹੀਂ ਮੂੰਹਤੋੜ ਜਵਾਬ ਦੇਵੇਗੀ।

ਮੁਲਾਜ਼ਮ ਆਗੂਆਂ ਸਿਮਰਨਜੀਤ ਸਿੰਘ, ਬਲਜਿੰਦਰ ਸਿੰਘ ਪਲਾਸੌਰ, ਰਾਕੇਸ਼ ਕੁਮਾਰ, ਜਸਬੀਰ ਸਿੰਘ ਸੇਰੋ, ਮੇਜਰ ਸਿੰਘ ਨਾਗੋਕੇ, ਲਖਵਿੰਦਰ ਸਿੰਘ ਬਹਿਲਾ, ਕਲਵਿੰਦਰ ਸਿੰਘ ਬਾਗੜੀਆਂ ਆਦਿ ਨੇ ਮੰਗ ਕੀਤੀ ਕਿ ਆਊਟਸੋਰਸਿੰਗ ਅਤੇ ਠੇਕੇਦਾਰੀ ਪ੍ਰਥਾ ਦੀ ਲੋਕ ਵਿਰੋਧੀ ਨੀਤੀ ਬੰਦ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਸਰਕਾਰੀ ਅਦਾਰਿਆਂ ਵਿੱਚ ਕੰਮ ਕਰਦੇ ਕੱਚੇ ਕਾਮੇ ਪੱਕੇ ਕੀਤੇ ਜਾਣ , ਸਰਕਾਰੀ ਵਿਭਾਗਾਂ ਵਿੱਚ ਖਾਲੀ ਪਈਆਂ ਅਸਾਮੀਆਂ 'ਤੇ ਰੈਗੂਲਰ ਭਰਤੀ ਪੂਰੇ ਸਕੇਲ ਵਿੱਚ ਕੀਤੀ ਜਾਵੇ। ਇਸ ਮੌਕੇ ਆਗੂਆਂ ਨੇ ਫਿਰਕਾਪ੍ਰਸਤ ਅਤੇ ਫਾਸ਼ੀਵਾਦ ਸਰਕਾਰ ਨੂੰ ਚਲਦਾ ਕਰਨ ਦਾ ਪ੍ਰਦਰਸ਼ਨਕਾਰੀਆਂ ਨੂੰ ਸੱਦਾ ਦਿੱਤਾ।

ਖਾਲਸਾ ਕਾਲਜ ਗੁਰਦਾਸਨੰਗਲ ਦਾ ਕੰਪਿਊਟਰ ਵਿਭਾਗ ਦਾ ਨਤੀਜਾ ਸ਼ਾਨਦਾਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦਾ ਡੀਸੀਏ ਅਤੇ ਪੀਜੀਡੀਸੀਏ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ।

ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ: ਗੁਰਜੀਤ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਣੇ ਨਤੀਜਿਆਂ ਵਿੱਚ ਉਨ੍ਹਾਂ ਦੇ ਕਾਲਜ ਦੇ ਡੀਸੀਏ ਵਿੱਚੋਂ ਜੈਜੀਤ ਸਿੰਘ ਨੇ 77% ਨੰਬਰ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਨਵਤੇਜਪਾਲ ਸਿੰਘ ਤੇ ਮਹਿਕਪ੍ਰੀਤ ਕੌਰ ਨੇ 75% ਅੰਕ ਹਾਸਲ ਕਰਕੇ ਦੂਸਰਾ ਅਤੇ ਮਹਿਤਾਬ ਸਿੰਘ ਤੇ ਗੁਰਮਨਜੀਤ ਸਿੰਘ 71% ਨੰਬਰ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਪੀਜੀਡੀਸੀਏ ਵਿੱਚੋਂ ਅਮਨਦੀਪ ਕੌਰ ਨੇ 71%,ਮਨਪ੍ਰੀਤ ਸਿੰਘ ਨੇ 69% ਅਤੇ ਜਗਰਾਜ ਸਿੰਘ ਨੇ 64% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਕੇ ਆਪਣੇ ਕਾਲਜ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ: ਗੁਰਜੀਤ ਸਿੰਘ ਨੇ ਇਨ੍ਹਾਂ ਤੋਂ ਇਲਾਵਾ ਵੀ ਸਾਰੇ ਵਿਦਿਆਰਥੀ ਚੰਗੇ ਅੰਕਾਂ ਨਾਲ ਪਾਸ ਹੋਏ ਹਨ। ਉਨ੍ਹਾਂ ਨੇ ਆਏ ਸ਼ਾਨਦਾਰ ਨਤੀਜੇ 'ਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਦੀਨਾਨਗਰ 'ਚ ਦਿਸਿਆ ਪੰਜਾਬ ਬੰਦ ਦਾ ਪੂਰਾ ਅਸਰ, ਦੁਕਾਨਦਾਰਾਂ ਦੁਕਾਨਾਂ ਰੱਖੀਆਂ ਬੰਦ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਮਨੀਪੁਰ ਘਟਨਾ ਦੇ ਵਿਰੋਧ ਵਿੱਚ ਮਸੀਹ ਭਾਈਚਾਰੇ ਵੱਲੋਂ ਦਿੱਤੇ ਗਏ ਬੰਦ ਦੇ ਹਿੱਸੇ ਵਜੋਂ ਅੱਜ ਦੀਨਾਨਗਰ ਮੁਕੰਮਲ ਤੌਰ 'ਤੇ ਬੰਦ ਰਿਹਾ। ਇਸਾਈ ਭਾਈਚਾਰੇ ਦੇ ਬੰਦ ਦੇ ਸਮੇਂ ਨੂੰ ਵੱਖ-ਵੱਖ ਜਥੇਬੰਦੀਆਂ ਨੇ ਆਪਣਾ ਸਮਰਥਨ ਦਿੱਤਾ ਹੈ। ਇਸ ਮੌਕੇ ਈਸਾਈ ਭਾਈਚਾਰੇ ਵੱਲੋਂ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਹਾਲਾਂਕਿ ਮੈਡੀਕਲ ਸਟੋਰ ਆਮ ਵਾਂਗ ਖੁੱਲ੍ਹੇ ਰਹੇ। ਈਸਾਈ ਭਾਈਚਾਰੇ ਦੇ ਆਗੂਆਂ ਨੇ ਕਿਹਾ ਕਿ ਮਨੀਪੁਰ ਵਿੱਚ ਪਿਛਲੇ ਤਿੰਨ ਮਹੀਨਿਆਂ ਤੋਂ ਹਾਲਾਤ ਵਿਗੜ ਚੁੱਕੇ ਹਨ। ਔਰਤਾਂ ਤੇ ਤਸ਼ੱਦਦ ਕੀਤਾ ਜਾ ਰਿਹਾ ਹੈ। ਲਗਾਤਾਰ 300 ਤੋਂ ਵੱਧ ਚਰਚਾਂ ਨੂੰ ਅੱਗ ਲਾ ਦਿੱਤੀ ਗਈ ਹੈ ਜਦੋਂਕਿ ਭੰਨਤੋੜ ਵੀ ਕੀਤੀ ਜਾ ਰਹੀ ਹੈ। ਇਸ ਘਟਨਾ ਕਾਰਨ ਈਸਾਈ ਭਾਈਚਾਰੇ ਦੇ ਕਈ ਲੋਕ ਬੇਘਰ ਹੋ ਗਏ ਹਨ ਪਰ ਇਸ ਦੇ ਬਾਵਜੂਦ ਕੇਂਦਰ ਸਰਕਾਰ ਨੇ ਚੁੱਪ ਧਾਰੀ ਰੱਖੀ ਹੈ। ਰੂਪ ਲਾਲ, ਨਵਾਲਾ, ਅਕਾਸ਼ਦੀਪ, ਪ੍ਰੇਮ ਕੁਮਾਰ, ਕੈਥੋਲਿਕ ਚਰਚ ਦੇ ਫਾਦਰ ਵਿਨੋਦ, ਰੌਕੀ, ਬਾਬੂ ਨਿਸਾਨ, ਕੈਥੋਲਿਕ ਚਰਚ ਦੇ ਮੁਖੀ ਅਜੀਤ ਭੱਟੀ, ਪਾਸਟਰ ਅਸ਼ੋਕ, ਮੁਕਤੀ ਫੌਜ ਪਾਸਟਰ ਕੇਵਲ ਮਸੀਹ, ਪਾਸਟਰ ਵਿਸ਼ਾਲ, ਦੀਪਕ, ਚਮਨ ਦਬੁਰਜੀ, ਗੌਰਵ ਅਵਾਂਖਾ, ਰਾਜਪਾਲ, ਪ੍ਰੀਤਮ, ਸੂਰਜ, ਫਿਲਪਸ, ਸ਼ਿੰਦਰਜੀਤ, ਧੰਮੀ, ਰਾਣੀ, ਅੰਜੂ, ਰਾਜ ਕੁਮਾਰ, ਯੂਨਸ ਮਸੀਹ, ਅਮਰੀਕ ਮਸੀਹ ਆਦਿ ਹਾਜ਼ਰ ਸਨ। ਬੰਦ ਦੇ ਸੱਦੇ ਕਾਰਨ ਸਮੂਹ ਦੁਕਾਨਦਾਰਾਂ ਨੇ ਇਸ ਦਾ ਸਮਰਥਨ ਕੀਤਾ ਅਤੇ ਆਪਣੀਆਂ ਦੁਕਾਨਾਂ ਬੰਦ ਰੱਖੀਆਂ। ਐਸਐਸਪੀ ਗੁਰਦਾਸਪੁਰ ਦਾਇਮਾ ਹਰੀਸ ਓਮ ਪ੍ਰਕਾਸ਼ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਸਖਤ ਸੁਰੱਖਿਆ ਪ੍ਰਬੰਧਾਂ ਦਾ ਨਿਰੀਖਣ ਕੀਤਾ। ਉਪਰੰਤ ਉਨ੍ਹਾਂ ਕਿਹਾ ਕਿ ਬੰਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਗੜਬੜੀ ਨਾ ਕਰਨ ਲਈ ਪਹਿਲਾਂ ਹੀ ਸਮੂਹ ਜਥੇਬੰਦੀਆਂ ਨਾਲ ਗੱਲਬਾਤ ਕੀਤੀ ਜਾ ਚੁੱਕੀ ਹੈ ਅਤੇ ਅੱਜ ਬੰਦ ਦਾ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ 15 ਅਗਸਤ ਦੇ ਸਬੰਧ ਵਿੱਚ ਵੀ ਪੁਲਸ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਆਮ ਨਾਗਰਿਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਅਣਪਛਾਤੇ ਵਿਅਕਤੀਆਂ ਦਾ ਸਾਮਾਨ ਆਪਣੇ ਕੋਲ ਨਾ ਰੱਖਣ ਅਤੇ ਪੁਲਸ ਨੂੰ ਸੂਚਿਤ ਕਰਨ। ਜੇਕਰ ਕੋਈ ਸ਼ੱਕੀ ਵਸਤੂ ਨਜ਼ਰ ਆਉਂਦੀ ਹੈ ਤਾਂ ਉਸ ਲਈ ਵੀ ਪੁਲਸ ਵੱਲੋਂ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਹਨ। ਸ਼ਹਿਰ ਦੇ ਕੋਨੇ-ਕੋਨੇ 'ਤੇ ਪੁਲਸ ਮੁਲਾਜ਼ਮ ਤਾਇਨਾਤ ਸਨ।

ਨਸ਼ਿਆਂ ਦੇ ਖਾਤਮੇ ਲਈ ਇੱਕਜੁਟ ਜਨਤਕ ਲੋਕ ਲਹਿਰ ਉਸਾਰਨ ਦਾ ਸੱਦਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਤਰਨ ਤਾਰਨ ਦੀ ਮੀਟਿੰਗ ਬਾਬਾ ਲੰਗਾਹ ਝਬਾਲ ਵਿਖੇ ਬਲਾਕ ਗੰਡੀਵਿੰਡ ਅਤੇ ਬਲਾਕ ਤਰਨ ਤਾਰਨ ਦੀ ਹੋਈ ਜਿਸ ਦੀ ਪ੍ਰਧਾਨਗੀ ਜਗਬੀਰ ਸਿੰਘ ਬੱਬੂ ਗੰਡੀਵਿੰਡ ਸਲਾਹਕਾਰ ਜ਼ਿਲ੍ਹਾ ਤਰਨ ਤਾਰਨ ਨੇ ਕੀਤੀ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਉਨ੍ਹਾਂ ਵਲੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੋਗਿੰਦਰ ਸਿੰਘ ਉਗਰਾਹਾਂ ਪ੍ਰਧਾਨ ਪੰਜਾਬ ਵਲੋਂ ਨਸ਼ਿਆਂ ਦੇ ਖਾਤਮੇ ਲਈ ਇੱਕਜੁਟ ਜਨਤਕ ਲੋਕ ਲਹਿਰ ਉਸਾਰਨ ਦਾ ਸੱਦਾ ਦਿੱਤਾ ਗਿਆ ਹੈ।

ਵਿਸਥਾਰ ਸਹਿਤ ਸਮੁੱਚੇ ਜ਼ਿਲ੍ਹਾ ਤਰਨ ਤਾਰਨ ਵਿਖੇ ਜਲਦੀ ਤੋਂ ਜਲਦੀ ਇਸ ਲਹਿਰ ਦੀ ਸ਼ੁਰੂਆਤ ਕੀਤ

10-Aug-PAGE- 12 qxd.qxd 8/9/2023 10:36 PM Page 1

ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਨੇ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਸੌਂਪਿਆ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ) ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਵੱਲੋਂ ਦੇਸ਼ ਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਨਾਂਅ ਨਾਇਬ ਤਹਿਸੀਲਦਾਰ ਜੁਗਿੰਦਰ ਸਿੰਘ, ਸੁਲਤਾਨਪੁਰ ਲੋਧੀ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਛਪਾਲ ਸਿੰਘ, ਮਾਸਟਰ ਚਰਨ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੂਰੇ ਦੇਸ਼ 'ਚ 'ਭਾਰਤ ਛੱਡੋ ਦਿਵਸ' ਮਨਾਇਆ ਜਾ ਰਿਹਾ ਹੈ। ਇਸ ਸਾਲ, ਅਸੀਂ, ਭਾਰਤ ਦੇ ਕਿਸਾਨ ਅਤੇ ਖੇਤ ਮਜ਼ਦੂਰ, ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦੇ ਵਿਰੋਧ 'ਚ 'ਕਾਰਪੋਰੇਟ ਲੁਟੇਰੇ, ਭਾਰਤ ਛੱਡੋ, ਖੇਤੀ ਛੱਡੋ' ਦੀ ਮੰਗ ਲਈ ਸਾਡੀ ਸਮੂਹਿਕ ਆਵਾਜ਼ ਬੁਲੰਦ ਕਰ ਰਹੇ ਹਾਂ। ਇਸੇ ਤਹਿਤ ਅੱਜ ਬੁੱਧਵਾਰ ਅਸੀਂ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਦੇਣ ਲਈ ਇਕੱਠੇ ਹੋਏ ਹਾਂ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਸਾਡੇ ਰਾਸ਼ਟਰੀ ਸਰੋਤਾਂ ਜਿਵੇਂ ਜੰਗਲ, ਦਰਿਆ ਅਤੇ ਹੋਰ ਜਲ ਸਰੋਤਾਂ ਅਤੇ ਖੇਤੀਯੋਗ ਜ਼ਮੀਨਾਂ 'ਤੇ ਕਾਰਪੋਰੇਟ ਅਤੇ ਬਹੁਕੌਮੀ ਕੰਪਨੀਆਂ ਦੇ ਕੰਟਰੋਲ ਨੂੰ ਉਤਸਾਹਿਤ ਕਰਨ ਲਈ ਕ੍ਰੋਨੀ ਕ੍ਰੋਨੀ ਪੂੰਜੀਪਤੀਆਂ ਨਾਲ ਮਿਲੀਭੁਗਤ ਕਰ ਰਹੀ ਹੈ, ਇਸ ਤਰ੍ਹਾਂ ਕਿਸਾਨਾਂ ਦੇ ਇੱਕ ਵੱਡੇ ਹਿੱਸੇ ਨੂੰ ਮਾਰ ਰਹੀ ਹੈ, ਜੋ ਭਾਰਤ ਦੀ ਬਹੁਗਿਣਤੀ ਆਬਾਦੀ ਹੈ। ਲਗਭਗ 52% ਬਰਬਾਦ ਹੋ ਰਿਹਾ ਹੈ। ਉਨ੍ਹਾਂ ਦੇ ਜੀਵਨ ਅਤੇ ਰੋਜੀ-ਰੋਟੀ ਤੋਂ ਉਖਾੜ ਦਿੱਤੇ ਅਤੇ ਉਜਾੜੇ ਗਏ ਪ੍ਰਵਾਸੀ ਮਜ਼ਦੂਰ ਬਣਨ ਲਈ, ਅਤੇ ਗੁਲਾਮ ਵਰਗੀਆਂ ਹਾਲਤਾਂ ਵਿੱਚ ਰਹਿਣ ਅਤੇ ਕੰਮ ਕਰਨ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ। ਅਸੀਂ ਭਾਰਤ ਦੇ ਕਿਸਾਨ ਅਤੇ ਖੇਤ ਮਜ਼ਦੂਰ ਤੁਹਾਡੇ ਧਿਆਨ 'ਚ ਲਿਆਉਣਾ ਚਾਹੁੰਦੇ ਹਾਂ ਕਿ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਦੀਆਂ ਨਵਉਦਾਰਵਾਦੀ ਨੀਤੀਆਂ ਅਤੇ ਅਸਵੇਦਨਸ਼ੀਲ ਪ੍ਰਸ਼ਾਸਨ ਦੇ ਕਾਰਨ ਭਾਰਤ 'ਚ ਲੱਖਾਂ ਕਿਸਾਨ ਪਰਵਾਰ ਘੋਰ ਗਰੀਬੀ ਅਤੇ ਮੰਦਹਾਲੀ ਦਾ ਸ਼ਿਕਾਰ ਹਨ। ਇਸ ਮੌਕੇ ਰੀਡਰ ਚਤਰ ਸਿੰਘ, ਜਗਤਾਰ ਸਿੰਘ, ਬਾਰ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਵੱਲੋਂ ਸਤਨਾਮ ਸਿੰਘ ਮੋਮੀ, ਕੁਲ ਹਿੰਦ ਕਿਸਾਨ ਸਭਾ ਮਾਸਟਰ ਚਰਨ ਸਿੰਘ ਹੈਬਤਪੁਰ, ਬਲਦੇਵ ਸਿੰਘ ਡਾਕਟਰ ਕੇਹਰ ਸਿੰਘ ਟਿੱਬਾ, ਬਲਵਿੰਦਰ ਕੁਮਾਰ, ਕਿਰਤੀ ਕਿਸਾਨ ਯੂਨੀਅਨ ਪੰਜਾਬ ਰਸਪਾਲ ਸਿੰਘ, ਰਘਬੀਰ ਸਿੰਘ, ਜਸਵਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ , ਕਿਸਾਨ ਸਭਾ ਪੰਜਾਬ, ਭਾਰਤੀ ਨਿਰਮਾਣ ਮਿਸਤਰੀ ਮਜਦੂਰ ਯੂਨੀਅਨ ਬਲਦੇਵ ਸਿੰਘ, ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ, ਸਾਹਿਤ ਸਭਾ ਸੁਲਤਾਨਪੁਰ ਲੋਧੀ ਨਰਿੰਦਰ ਸਿੰਘ ਸੋਨੀਆ, ਪੇਂਡੂ ਮਜ਼ਦੂਰ ਯੂਨੀਅਨ ਨਿਰਮਲ ਸਿੰਘ ਸੇਰਪੁਰ ਸੱਥਾ, ਪਰਮਜੀਤ ਸਿੰਘ ਰਾਮਪੁਰ ਜਗੀਰ, ਗੁਰਦੇਵ ਸਿੰਘ, ਕਿਸਾਨ ਬਚਾਓ ਮੋਰਚਾ ਪੰਜਾਬ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਹਰਨਾਮ ਸਿੰਘ, ਕਿਰਤੀ ਕਿਸਾਨ ਯੂਨੀਅਨ ਸਾਧੂ ਸਿੰਘ ਡੱਲਾ, ਪੈਨਸਨ ਯੂਨੀਅਨ ਸੁੱਚਾ ਸਿੰਘ ਮਿਰਜਾ ਪੁਰ, ਦਿਆਲ ਸਿੰਘ ਦੀਪੇਵਾਲ, ਬਲਬੀਰ ਸਿੰਘ ਸੇਰਪੁਰ ਸੱਥਾ, ਨੰਬਰਦਾਰ ਯੂਨੀਅਨ ਹਰਵੰਤ ਸਿੰਘ ਵੜੈਚ ਨੰਬਰਦਾਰ, ਮਹਿੰਦਰ ਸਿੰਘ ਮੋਖੇ, ਸਰਵਣ ਸਿੰਘ ਕਰਮਜੀਤ ਪੁਰ ਅਤੇ ਜੱਗਾ ਸਿੰਘ ਆਦਿ ਹਾਜ਼ਰ ਸਨ।

ਪਠਾਨਕੋਟ ਤੇ ਗੁਰਦਾਸਪੁਰ ਦੀਆਂ ਪ੍ਰਮੁੱਖ ਸ਼ਖਸੀਅਤਾਂ 'ਆਪ' 'ਚ ਸ਼ਾਮਲ

ਚੰਡੀਗੜ੍ਹ, ਗੁਰਜੀਤ ਬਿੱਲਾ

ਆਮ ਆਦਮੀ ਪਾਰਟੀ ਨੂੰ ਪੰਜਾਬ ਦੇ ਮਾਝਾ ਖੇਤਰ ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਪਠਾਨਕੋਟ ਅਤੇ ਗੁਰਦਾਸਪੁਰ ਦੀਆਂ ਕਈ ਪ੍ਰਮੁੱਖ ਹਸਤੀਆਂ ਅਧਿਕਾਰਤ ਤੌਰ 'ਤੇ ਪਾਰਟੀ ਵਿੱਚ ਸਾਮਲ ਹੋ ਗਈਆਂ। 'ਆਪ' ਪੰਜਾਬ ਦੇ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ ਅਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨਵੇਂ ਮੈਂਬਰਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਅਤੇ ਸਵਾਗਤ ਕੀਤਾ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ 'ਚ ਅੱਖਾਂ ਦੇ ਮਾਹਿਰ ਡਾ.ਕੇ.ਡੀ.ਸਿੰਘ, ਐਡਵੋਕੇਟ ਭਾਨੂ ਪ੍ਰਤਾਪ ਸਿੰਘ, ਸਤੀਸ਼ ਮਹਿੰਦਰੂ, ਰਮੇਸ਼ ਕੁਮਾਰ, ਨੀਲਮ ਘੁੰਮਣ (ਜਮਹੂਰੀ ਮਹਿਲਾ ਸੰਗਠਨ ਦੀ ਸੂਬਾ ਜਨਰਲ ਸਕੱਤਰ) ਅਤੇ ਗੁਰਦਿਆਲ ਸਿੰਘ ਘੁੰਮਣ ਸਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਾਬਕਾ ਸੂਬਾਈ ਆਗੂ ਅਤੇ ਮੌਜੂਦਾ ਸਮੇਂ ਵਿੱਚ ਖੇਤੀਬਾੜੀ ਅਤੇ ਅਸੰਗਠਿਤ ਮਜਦੂਰ ਯੂਨੀਅਨ ਦੇ ਨੇਤਾ ਪ੍ਰਮੁੱਖ ਹਨ। ਵਿਧਾਇਕ ਬੁੱਧ ਰਾਮ ਅਤੇ ਮੰਤਰੀ ਕਟਾਰੂਚੱਕ ਦੇ ਨਾਲ, ਜਗਰੂਪ ਸਿੰਘ ਸੇਖਵਾਂ (ਆਪ ਪੰਜਾਬ ਜਨਰਲ ਸਕੱਤਰ) ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ (ਬਟਾਲਾ) ਵੀ 'ਆਪ' ਪਰਵਾਰ ਵਿੱਚ ਨਵੇਂ ਆਗੂਆਂ ਦਾ ਸਵਾਗਤ ਕਰਨ ਲਈ ਮੌਜੂਦ ਸਨ।

ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਇਨ੍ਹਾਂ ਸਾਰੇ ਆਗੂਆਂ ਦਾ ਵਿਆਪਕ ਤਜਰਬਾ ਪਾਰਟੀ ਲਈ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮਾਨ ਸਰਕਾਰ ਦੀਆਂ ਨੀਤੀਆਂ ਅਤੇ ਕਾਰਗੁਜਾਰੀ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਲੋਕ ਸਾਡੇ 'ਤੇ ਜੋ ਵਿਸ਼ਵਾਸ ਅਤੇ ਪਿਆਰ ਹਰ ਰੋਜ ਦਰਸਾਉਂਦੇ ਹਨ, ਉਹ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਨੂੰ ਮੁੜ 'ਰੰਗਲਾ' ਬਣਾਉਣ ਲਈ ਸਾਡੀਆਂ ਕੋਸ਼ਿਸ਼ਾਂ ਸਹੀ ਦਿਸਾ ਵੱਲ ਜਾ ਰਹੀਆਂ ਹਨ।

ਅਜ਼ਾਦੀ ਦਿਵਸ ਦੀ ਰਿਹਰਸਲ 'ਚ ਵਿਦਿਆਰਥੀਆਂ ਕੀਤੀਆਂ ਸੱਭਿਆਚਾਰਕ ਪੇਸ਼ਕਾਰੀਆਂ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-77ਵੇਂ ਅਜ਼ਾਦੀ ਦਿਵਸ ਸਮਾਰੋਹ ਦੀ ਪਲੇਠੀ ਰਿਹਰਸਲ ਐਸ.ਜੀ.ਐਸ ਖਾਲਸਾ ਸੀਨੀ.ਸੈਕੰ.ਸਕੂਲ ਵਿੱਚ ਹੋਈ ਜਿੱਥੇ ਸੱਭਿਆਚਾਰਕ ਪੇਸ਼ਕਾਰੀਆਂ ਗਿੱਧਾ, ਭੰਗੜਾ, ਲੁੱਡੀ ਰਾਹੀ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਰੰਗ ਬੰਨ੍ਹਿਆ। ਪਲੇਠੀ ਰਿਹਸਲ ਮੌਕੇ ਤਹਿਸੀਲਦਾਰ ਬਾਦਲ ਦੀਨ ਨੇ ਕਿਹਾ ਕਿ ਸਮਾਰੋਹ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਪੇਸ਼ਕਾਰੀਆਂ ਦੀ ਚੋਣ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ 15 ਅਗਸਤ ਨੂੰ ਇਸੇ ਸਥਾਨ 'ਤੇ ਉਪ ਮੰਡਲ ਪੱਧਰ ਦਾ ਅਜਾਦੀ ਦਿਵਸ ਸਮਾਰੋਹ ਮਨਾਇਆ ਜਾਵੇਗਾ, ਰਾਸ਼ਟਰੀ ਝੰਡਾ ਐਸ.ਡੀ.ਐਮ ਮਨੀਸ਼ਾ ਰਾਣਾ ਆਈ.ਏ.ਐਸ ਲਹਿਰਾਉਣਗੇ। ਪਰੇਡ ਦਾ ਮੁਆਇਨਾ, ਦੇਸ਼ ਵਾਸੀਆਂ ਨੂੰ ਸੰਬੋਧਨ, ਮਾਰਚ ਪਾਸਟ, ਪੀ.ਟੀ.ਸ਼ੋਅ, ਰਾਸ਼ਟਰੀ ਗੀਤ, ਦੇਸ਼ ਭਗਤੀ ਅਤੇ ਸੱਭਿਆਚਾਰਕ ਆਈਟਮਾਂ ਦੀ ਪਹਿਲੀ ਰਿਹਸਲ ਕੀਤੀ ਗਈ। ਵਿਦਿਆਰਥੀਆਂ ਵਿਚ ਇਸ ਸਮਾਰੋਹ ਨੂੰ ਲੈ ਕੇ ਭਾਰੀ ਉਤਸ਼ਾਹ ਸੀ। 15 ਅਗਸਤ ਨੂੰ ਅਜਾਦੀ ਦਿਹਾੜੇ ਦੇ ਸਮਾਗਮ ਹੋਣਗੇ। ਇਨ੍ਹਾਂ ਤਿਆਰੀਆਂ ਦਾ ਅੱਜ ਜਾਇਜਾ ਲਿਆ ਗਿਆ ਹੈ। ਦੇਸ਼ ਭਗਤੀ ਦੀਆਂ ਦੀਆਂ ਪੇਸ਼ਕਾਰੀਆਂ ਦੀ ਚੋਣ ਕਰਨ ਵਾਲੀ ਕਮੇਟੀ ਵੱਲੋਂ ਲਗਭਗ 8 ਆਈਟਮਾਂ ਦੀ ਚੋਣ ਕੀਤੀ ਗਈ। ਪਰੇਡ, ਮਾਰਚ ਪਾਸਟ, ਪੀ.ਟੀ.ਸ਼ੋਅ, ਰਾਸ਼ਟਰੀ ਗੀਤ, ਦੇਸ਼ ਭਗਤੀ ਅਤੇ ਸੱਭਿਆਚਾਰਕ ਆਈਟਮਾਂ ਦੀ ਪਹਿਲੀ ਰਿਹਸਲ ਕੀਤੀ ਗਈ। ਵਿਦਿਆਰਥੀਆਂ ਵਿਚ ਇਸ ਸਮਾਰੋਹ ਨੂੰ ਲੈ ਕੇ ਭਾਰੀ ਉਤਸ਼ਾਹ ਸੀ। 15 ਅਗਸਤ ਨੂੰ ਅਜਾਦੀ ਦਿਹਾੜੇ ਦੇ ਸਮਾਗਮ ਹੋਣਗੇ। ਇਨ੍ਹਾਂ ਤਿਆਰੀਆਂ ਦਾ ਅੱਜ ਜਾਇਜਾ ਲਿਆ ਗਿਆ ਹੈ। ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਨੂੰ ਤਰਜੀਹ ਦਿੱਤੀ ਗਈ ਹੈ। ਪ੍ਰਿੰ.ਸੁਖਪਾਲ ਕੌਰ ਵਾਲੀਆ ਨੇ ਕਿਹਾ ਕਿ ਇਸ ਵਾਰ ਇਹ ਸਮਾਰੋਹ ਬਹੁਤ ਹੀ ਉਤਸ਼ਾਹ ਨਾਲ ਮਨਾ ਰਹੇ ਹਾਂ। ਮੰਚ ਸੰਚਾਲਨ ਦੀ ਭੂਮਿਕਾ ਰਣਜੀਤ ਸਿੰਘ ਐਨ.ਸੀ.ਸੀ.ਅਫਸਰ ਨੇ ਨਿਭਾਈ। ਇਸ ਮੌਕੇ ਅਜੇ ਬੈਂਸ, ਬਲਜਿੰਦਰ ਸਿੰਘ, ਸਤੀਸ਼ ਕੁਮਾਰ, ਸੀਮਾ ਜੱਸਲ, ਦੀਦਾਰ ਸਿੰਘ, ਗੁਰਦੀਪ ਕੌਰ, ਸੰਦੀਪ ਕੁਮਾਰ, ਸਰਬਜੀਤ ਸਿੰਘ, ਅਸ਼ੋਕ ਰਾਣਾ, ਇਕਬਾਲ ਸਿੰਘ, ਸੁਮਨ ਚੰਦੇਲ ਹਾਜ਼ਰ ਸਨ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ 30 ਲੜਕੀਆਂ ਨੂੰ ਮੁਫਤ ਸਾਫਟ ਸਕਿੱਲ ਸਿਖਲਾਈ ਪ੍ਰਦਾਨ

ਜਲੰਧਰ (ਸ਼ੈਲੀ ਐਲਬਰਟ)-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.) ਵੱਲੋਂ 30 ਲੜਕੀਆਂ ਨੂੰ ਮੁਫਤ ਸਾਫਟ ਸਕਿੱਲ ਟ੍ਰੇਨਿੰਗ ਪ੍ਰਦਾਨ ਕੀਤੀ ਗਈ ਹੈ। ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫਸਰ ਰਣਜੀਤ ਕੌਰ ਨੇ ਦੱਸਿਆ ਕਿ ਡੀ.ਬੀ.ਈ.ਈ. ਵੱਲੋਂ ਨੰਦੀ ਫਾਊਂਡੇਸ਼ਨਜ਼ ਮਹਿੰਦਰਾ ਪ੍ਰਾਈਡ ਕਲਾਸਰੂਮ ਦੇ ਸਹਿਯੋਗ ਨਾਲ ਸ਼ਾਰਟ ਟਰਮ ਕੋਰਸ ਤਹਿਤ ਇਕ ਹਫਤੇ ਤੋਂ ਲੜਕੀਆਂ ਲਈ ਮੁਫਤ ਸਕਿੱਲ ਟ੍ਰੇਨਿੰਗ ਕਲਾਸਾਂ ਚਲਾਈਆਂ ਜਾ ਰਹੀਆਂ ਸਨ, ਜੋ ਕਿ ਸਫਲਤਾਪੂਰਵਕ ਸਮਾਪਤ ਹੋ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਕੁੱਲ 30 ਲੜਕੀਆਂ ਨੇ ਭਾਗ ਲਿਆ, ਜਿਨ੍ਹਾਂ ਨੂੰ ਸਾਫਟ ਸਕਿੱਲ, ਇੰਗਲਿਸ਼ ਸਪੀਕਿੰਗ, ਇੰਟਰਵਿਊ ਸਕਿੱਲ, ਕਮਿਊਨੀਕੇਸ਼ਨ ਸਕਿੱਲ, ਸ਼ਖਸੀਅਤ ਵਿਕਾਸ ਆਦਿ ਬਾਰੇ ਵਿਸਥਾਰ ਨਾਲ ਸਿਖਲਾਈ ਦਿੱਤੀ ਗਈ।

ਸੰਤੋਖ ਸਿੰਘ ਤਲਵੰਡੀ ਰਾਮਾ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ

ਡੇਰਾ ਬਾਬਾ ਨਾਨਕ-(ਰਮੇਸ਼ ਸ਼ਰਮਾ)-ਸਾਬਕਾ ਸਰਪੰਚ ਸੁਖਵਿੰਦਰ ਸਿੰਘ ਤਲਵੰਡੀ ਰਾਮਾਂ ਦੇ ਭਰਾ ਸੰਤੋਖ ਸਿੰਘ ਤਲਵੰਡੀ ਰਾਮਾ ਮੈਨੇਜਰ ਗੁਰਦੁਆਰਾ ਸ੍ਰੀ ਬਾਹਠ ਸਾਹਿਬ (ਪਠਾਨਕੋਟ) ਜਿਨ੍ਹਾਂ ਦਾ ਬੀਤੇ ਕੁਝ ਦਿਨ ਪਹਿਲਾਂ ਅਚਾਨਕ ਦਿਹਾਂਤ ਹੋ ਗਿਆ ਸੀ, ਨਮਿੱਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਗਏ। ਉਪਰੰਤ ਪੱਤੀ ਤਲਵੰਡੀ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੇ ਕੀਰਤਨ, ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ 'ਚ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਡੇਰਾ ਬਾਬਾ ਨਾਨਕ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ, ਜਥੇ ਸੁੱਚਾ ਸਿੰਘ ਛੋਟੇਪੁਰ, ਬਾਬਾ ਬੁੱਧ ਸਿੰਘ ਛੋਟੇ ਘੁੰਮਣ, ਐਡਵੋਕੇਟ ਬਾਬਾ ਪ੍ਰਮੀਤ ਸਿੰਘ ਬੇਦੀ, ਜਥੇ ਰਜਿੰਦਰ ਸਿੰਘ ਵੈਰੋਕੇ, ਜਥੇ ਅਮਰੀਕ ਸਿੰਘ ਸਾਹਪੁਰ, ਵਿਜੇ ਸਿੰਘ ਸੈਕਟਰੀ ਐਸਜੀਪੀਸੀ, ਚੇਅਰਮੈਨ ਸੁਖਬੀਰ ਸਿੰਘ ਵਾਹਲਾ ਆਦਿ ਨੇ ਮੈਨੇਜਰ ਸੰਤੋਖ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸੰਤੋਖ ਸਿੰਘ ਬਹੁਤ ਹੀ ਧਾਰਮਿਕ ਬਿਰਤੀ ਰੱਖਣ ਵਾਲੇ ਇਨਸਾਨ ਸਨ। ਉਨ੍ਹਾਂ ਨੇ ਆਪਣੇ ਜੀਵਨ ਕਾਲ ਦੌਰਾਨ ਨੇਕ ਕਾਰਜਾਂ ਕਰਕੇ ਬਹੁਤ ਨਾਮਣਾ ਖੱਟਿਆ ਹੈ ਅਤੇ ਉਨ੍ਹਾਂ ਦੇ ਤੁਰ ਜਾਣ ਨਾਲ ਸਮਾਜ, ਪਰਿਵਾਰ ਅਤੇ ਸੱਜਣ ਸਨੇਹੀਆਂ ਨੂੰ ਵੱਡੀ ਘਾਟ ਮਹਿਸੂਸ ਹੋਈ ਹੈ। ਇਸ ਮੌਕੇ ਸਵਰਗੀ ਮੈਨੇਜਰ ਸੰਤੋਖ ਸਿੰਘ ਦੇ ਭਰਾ ਸੁਖਵਿੰਦਰ ਸਿੰਘ ਅਤੇ ਪੁੱਤਰ ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਪਾਰਟੀ ਅਤੇ ਐੱਸਜੀਪੀਸੀ ਸਮੇਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਵੱਲੋਂ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ ਜਥੇ ਨਿਰਮਲ ਸਿੰਘ ਰੱਤਾ, ਜ਼ਿਲ੍ਹਾ ਪ੍ਰਧਾਨ ਸਤਵਿੰਦਰ ਸਿੰਘ ਮਿੱਟੂ, ਮੈਨੇਜਰ ਬਲਜੀਤ ਸਿੰਘ ਤਲਵੰਡੀ ਰਾਮਾ, ਲੰਬੜਦਾਰ ਪਲਵਿੰਦਰ ਸਿੰਘ ਬਿਜਲੀਵਾਲ, ਅੰਤ੍ਰਿਗ ਕਮੇਟੀ ਮੈਂਬਰ ਗੁਰਨਾਮ ਸਿੰਘ ਜੱਸਲ, ਵਿੱਕੀ ਭਾਟੀਆ, ਗੁਰਇਕਬਾਲ ਸਿੰਘ ਮਾਹਲ, ਚੇਅ. ਬਲਵਿੰਦਰ ਸਿੰਘ ਹਰੂਵਾਲ, ਮੈਨੇਜਰ ਜੋਬਨਜੀਤ ਸਿੰਘ ਸੁੰਡਲ, ਗੁਰਅਮ੍ਰਿਤਪਾਲ ਸਿੰਘ ਲਵਲੀ, ਜਗਦੀਪ ਸਿੰਘ, ਸੋਨੂੰ ਰੰਧਾਵਾ, ਸੋਨਾ ਕਾਹਲੋਂ, ਗੁਰਮੁੱਖ ਸਿੰਘ ਭੋਜਰਾਜ, ਰਣਜੀਤ ਸਿੰਘ ਮੌੜ, ਬਾਬਾ ਗੁਰਦੀਪ ਸਿੰਘ ਕਠਿਆਲਾ, ਸਾਬਕਾ ਸਰਪੰਚ ਇੰਦਰਜੀਤ ਸਿੰਘ ਸ਼ਹਿਜ਼ਾਦਾ, ਸਤਨਾਮ ਸਿੰਘ, ਪ੍ਰਗਟ ਸਿੰਘ ਚਾਕਾਂਵਾਲੀ, ਪ੍ਰਗਟ ਸਿੰਘ ਖਲੀਲਪੁਰ, ਗੁਰਮੀਤ ਸਿੰਘ ਖਾਸਾਂਵਾਲੀ, ਬਲਦੇਵ ਸਿੰਘ ਤਪਾਲਾ, ਐੱਸ ਪੀ ਪਟਵਾਰੀ, ਐਡਵੋਕੇਟ ਲਖਬੀਰ ਸਿੰਘ ਪੰਨਵਾਂ, ਮਹਿੰਦਰ ਸਿੰਘ ਨਿਕੋਸਰਾ, ਜੋਗਿੰਦਰ ਸਿੰਘ ਮੰਤਰੀ ਪੱਬਾਰਾਲੀ, ਸੁਖਦੇਵ ਸਿੰਘ ਮੰਨਾ, ਹਰਜਿੰਦਰ ਸਿੰਘ ਬੱਲ, ਅਮਰਜੀਤ ਸਿੰਘ ਨਿਕੋਸਰਾ, ਹਰਜਿੰਦਰ ਸਿੰਘ ਲਾਲਾ ਨੰਗਲ, ਅਮਰਜੀਤ ਸਿੰਘ ਝੰਗੀ, ਮਲਕੀਤ ਸਿੰਘ ਡੇਰਾ ਪਠਾਣਾ, ਗੁਰਪ੍ਰੀਤ ਸਿੰਘ ਕਠਿਆਲਾ, ਨਿਰਮਲ ਸਿੰਘ ਨਿਕੋਸਰਾ, ਮੋਹਨ ਸਿੰਘ ਚਾਕਾਂਵਾਲੀ, ਲਖਬੀਰ ਸਿੰਘ ਸਮਰਾ, ਜਗਰੂਪ ਸਿੰਘ, ਸੁਖਦੇਵ ਸਿੰਘ ਭੋਲਾ, ਕਾਬਲ ਸਿੰਘ ਮੇਘਾ, ਸੁਖਵਿੰਦਰ ਸਿੰਘ ਖੋਦੇ ਬੇਟ, ਅਮਰਜੀਤ ਸਿੰਘ, ਪਾਲੀ ਸਿੰਘਪੁਰਾ, ਮਨਜੀਤ ਸਿੰਘ ਨਿਕੋਸਰਾ, ਹਰਜੀਤ ਸਿੰਘ ਠੇਠਰਕੇ, ਬੱਬੂ ਖੰਨਾ, ਕੁਲਵੰਤ ਸਿੰਘ ਸਾਬਕਾ ਸਕੱਤਰ ਅਤੇ ਐਡਵੋਕੇਟ ਬਲਰਾਜ ਸਿੰਘ ਆਦਿ ਹਾਜ਼ਰ ਸਨ।

ਖਾਲਸਾ ਕਾਲਜ ਗੁਰਦਾਸ ਨੰਗਲ ਦਾ ਕੰਪਿਊਟਰ ਵਿਭਾਗ ਦਾ ਨਤੀਜਾ ਸ਼ਾਨਦਾਰ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸ਼੍ਰੋਮ